2-JAN-PAGE-1.qxd 1/1/2025 9:08 PM Page 1

ਵੀਰਵਾਰ, 2 ਜਨਵਰੀ, 2025
19 ਪੋਹ { ਨਾਨਕਸ਼ਾਹੀ 556 / ਬਿਕਰਮੀ 2081
ਜਿਲਦ/VOL. : 73
ਅੰਕ/NO. : 213

ਨਵਾਂ ਜ਼ਮਾਨਾ

DAILY NAWAN ZAMANA • THURSDAY, 2 JANUARY, 2025
ਜਲੰਧਰ
nawan zamana TV
ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫੇ : 12

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ
ਪੁੱਛ-ਗਿੱਛ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਾਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160

ਅਮਰੀਕਾ 'ਚ ਜਸ਼ਨ ਮਨਾਉਂਦਿਆਂ 'ਤੇ ਪਿਕਅੱਪ ਚਾੜ੍ਹੀ, 10 ਮੌਤਾਂ

ਵਾਸ਼ਿੰਗਟਨ : ਅਮਰੀਕਾ ਦੇ ਲੁਈਸਿਆਨਾ ਰਾਜ ਦੇ ਨਿਊ ਔਰਲਿਅਨਸ ਸ਼ਹਿਰ ਦੀ ਬਾਰਬਨ ਸਟਰੀਟ ਵਿੱਚ ਪਹਿਲੀ ਜਨਵਰੀ ਨੂੰ ਇਕ ਬੰਦੇ ਨੇ ਨਵੇਂ ਸਾਲ ਦਾ ਜਸ਼ਨ ਮਨਾ ਰਹੇ ਲੋਕਾਂ 'ਤੇ ਪਿਕਅੱਪ ਚੜ੍ਹਾ ਦਿੱਤੀ। ਇਸ ਨਾਲ 10 ਲੋਕਾਂ ਦੀ ਜਾਨ ਚਲੇ ਗਈ ਤੇ 30 ਤੋਂ ਵੱਧ ਜ਼ਖਮੀ ਹੋ ਗਏ। ਚਸ਼ਮਦੀਦਾਂ ਨੇ ਦੱਸਿਆ ਕਿ ਤੇਜ਼ ਰਫਤਾਰ ਗੱਡੀ ਆਈ ਤੇ ਭੀੜ 'ਤੇ ਚੜ੍ਹ ਗਈ। ਇਸ ਦੇ ਬਾਅਦ ਗੱਡੀ ਵਿੱਚੋਂ ਬੰਦਾ ਨਿਕਲਿਆ ਤੇ ਫਾਇਰਿੰਗ ਸ਼ੁਰੂ ਕਰ ਦਿੱਤੀ। ਪੁਲਸ ਨੇ ਵੀ ਜਵਾਬੀ ਫਾਇਰਿੰਗ ਕੀਤੀ। ਇਸ ਤੋਂ ਪਹਿਲਾਂ ਜਰਮਨੀ ਦੇ ਪੂਰਬੀ ਸ਼ਹਿਰ ਮੈਗਡੇਬਰਗ 'ਚ ਕਾਰ ਮਾਰ ਕੇ 5 ਲੋਕਾਂ ਨੂੰ ਮਾਰ ਦਿੱਤਾ ਗਿਆ ਸੀ ਤੇ 200 ਤੋਂ ਵੱਧ ਨੂੰ ਜ਼ਖਮੀ ਕਰ ਦਿੱਤਾ ਗਿਆ ਸੀ। ਉਸ ਘਟਨਾ ਨੂੰ ਕਥਿਤ ਤੌਰ 'ਤੇ ਸਾਊਦੀ ਮੂਲ ਦੇ ਬੰਦੇ ਨੇ ਅੰਜਾਮ ਦਿੱਤਾ ਸੀ।

ਕੇਜਰੀਵਾਲ ਦੇ ਭਾਗਵਤ ਨੂੰ ਸਵਾਲ

ਨਵੀਂ ਦਿੱਲੀ : ਆਮ ਆਦਮੀ ਪਾਰਟੀ ਦੇ ਸੁਪਰੀਮੋ ਅਰਵਿੰਦ ਕੇਜਰੀਵਾਲ ਨੇ ਬੁੱਧਵਾਰ ਰਾਸ਼ਟਰੀ ਸੋਇਮ ਸੇਵਕ ਸੰਘ (ਆਰ ਐੱਸ ਐੱਸ) ਮੁਖੀ ਮੋਹਨ ਭਾਗਵਤ ਨੂੰ ਪੱਤਰ ਲਿਖ ਕੇ ਦਿੱਲੀ 'ਚ ਭਾਜਪਾ ਉਤੇ ਵੋਟਾਂ ਕੱਟਣ ਅਤੇ ਪੈਸੇ ਵੰਡਣ ਦਾ ਦੋਸ਼ ਲਾਇਆ ਹੈ। ਕੇਜਰੀਵਾਲ ਵੱਲੋਂ ਦਿੱਲੀ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਭਾਗਵਤ ਨੂੰ ਲਿਖੇ ਗਏ ਪੱਤਰ 'ਚ ਕਈ ਸਵਾਲ ਉਠਾਏ ਗਏ ਹਨ।

70 ਮੈਂਬਰੀ ਦਿੱਲੀ ਵਿਧਾਨ ਸਭਾ ਦੀਆਂ ਚੋਣਾਂ ਫਰਵਰੀ ਮਹੀਨੇ ਹੋਣੀਆਂ ਹਨ। ਦਿੱਲੀ ਦੇ ਸਾਬਕਾ ਮੁੱਖ ਮੰਤਰੀ ਕੇਜਰੀਵਾਲ ਨੇ ਭਾਗਵਤ ਨੂੰ ਪੁੱਛਿਆ ਹੈ ਕਿ ਕੀ ਭਾਜਪਾ ਵੱਲੋਂ ਕੀਤੇ ਗਏ ਕਥਿਤ ਗਲਤ ਕੰਮਾਂ ਨੂੰ ਵੀ ਆਰ ਐੱਸ ਐੱਸ ਦੀ ਹਮਾਇਤ ਹਾਸਲ ਹੈ? ਉਨ੍ਹਾ ਪੁੱਛਿਆ ਹੈ ਕਿ ਕੀ ਉਹ ਭਾਜਪਾ ਆਗੂਆਂ ਵੱਲੋਂ ਵੋਟਾਂ ਖਰੀਦਣ ਲਈ ਖੁੱਲ੍ਹੇਆਮ ਵੰਡੇ ਜਾ ਰਹੇ ਪੈਸੇ ਅਤੇ ਭਗਵਾਂ ਪਾਰਟੀ ਵੱਲੋਂ ਪੂਰਵਾਂਚਲੀ ਤੇ ਦਲਿਤ ਵੋਟਾਂ ਨੂੰ ਵੱਡੇ ਪੱਧਰ 'ਤੇ ਕੱਟੇ ਜਾਣ ਦਾ ਸਮਰਥਨ ਕਰਦੇ ਹਨ।

ਭਾਜਪਾ ਨੇ 'ਆਪ' ਅਤੇ ਕੇਜਰੀਵਾਲ ਉਤੇ ਦਿੱਲੀ 'ਚ ਰਹਿ ਰਹੇ ਗੈਰ-ਕਾਨੂੰਨੀ ਰੋਹਿੰਗਿਆ ਅਤੇ ਬੰਗਲਾਦੇਸ਼ੀਆਂ ਨੂੰ ਚੋਣਾਂ 'ਚ ਵੋਟ ਬੈਂਕ ਵਜੋਂ ਵਰਤਣ ਲਈ ਦਸਤਾਵੇਜ਼ਾਂ ਅਤੇ ਪੈਸੇ ਨਾਲ ਮਦਦ ਕਰਨ ਦਾ ਦੋਸ਼ ਲਗਾਇਆ ਹੈ। ਦਿੱਲੀ ਭਾਜਪਾ ਦੇ ਮੁਖੀ ਵੀਰੇਂਦਰ ਸਚਦੇਵਾ ਨੇ ਕੇਜਰੀਵਾਲ ਨੂੰ ਨਵੇਂ ਸਾਲ ਦੇ ਸੰਕਲਪ ਵਜੋਂ 'ਮਾੜੀ ਅਤੇ ਬੇਈਮਾਨ' ਸਿਆਸਤ ਤੋਂ ਬਾਜ਼ ਆਉਣ ਦੀ ਅਪੀਲ ਕੀਤੀ ਹੈ।

ਬਾਘਣ ਜ਼ੀਨਤ ਘਰ ਪੁੱਜੀ

ਬਾਰੀਪਦਾ : ਬਾਘਣ ਜ਼ੀਨਤ ਨੂੰ ਮੰਗਲਵਾਰ ਰਾਤ ਕੋਲਕਾਤਾ ਦੇ ਅਲੀਪੁਰ ਚਿੜੀਆਘਰ ਤੋਂ ਓਡੀਸ਼ਾ ਦੇ ਮਯੂਰਭੰਜ ਜ਼ਿਲ੍ਹੇ 'ਚ ਸਥਿਤ ਮਿਮੀਲੀਪਾਲ ਟਾਈਗਰ ਰਿਜ਼ਰਵ ਵਿੱਚ ਲਿਆਂਦਾ ਗਿਆ। ਤਿੰਨ ਸਾਲਾ ਜ਼ੀਨਤ ਨੂੰ 23 ਨਵੰਬਰ ਨੂੰ ਮਹਾਰਾਸ਼ਟਰ ਦੇ ਤਾਡੋਬਾ ਤੋਂ ਸਿਮਲੀਪਾਲ ਲਿਆਂਦਾ ਗਿਆ ਸੀ, ਪਰ 8 ਦਸੰਬਰ ਨੂੰ ਉਹ ਖਿਸਕ ਕੇ ਝਾਰਖੰਡ ਚਲੇ ਗਈ। ਬਾਅਦ 'ਚ ਪੱਛਮੀ ਬੰਗਾਲ ਪੁੱਜ ਗਈ। ਜੰਗਲਾਤ ਵਿਭਾਗ ਵਾਲੇ ਰੇਡੀਓ ਕਾਲਰ ਨਾਲ ਉਸ ਦੀ ਨਿਗਰਾਨੀ ਕਰਦੇ ਰਹੇ, ਪਰ ਤਕਨੀਕੀ ਖਰਾਬੀ ਕਾਰਨ ਰੇਡੀਓ ਕਾਲਰ ਬੰਦ ਹੋ ਗਿਆ। ਫਿਰ ਉਸ ਨੂੰ ਲੱਭਣਾ ਮੁਸ਼ਕਲ ਹੋ ਗਿਆ। ਆਖਰ ਉਹ ਸ਼ਨੀਵਾਰ ਬਾਂਕੁੜਾ ਦੇ ਜੰਗਲ ਵਿੱਚ ਨਜ਼ਰ ਆਈ। ਇਸ ਦੇ ਬਾਅਦ ਜੰਗਲਾਤ ਅਧਿਕਾਰੀਆਂ ਨੇ ਜੰਗਲ ਦੇ ਆਲੇ-ਦੁਆਲੇ ਦੇ ਰਾਹ ਬੰਦ ਕਰ ਦਿੱਤੇ ਅਤੇ 21 ਦਿਨਾਂ ਦੀ ਸਖਤ ਮਿਹਨਤ ਤੋਂ ਬਾਅਦ ਉਸ ਨੂੰ ਐਤਵਾਰ ਬੇਹੋਸ਼ ਕਰਕੇ ਕਾਬੂ ਕੀਤਾ ਗਿਆ। ਉਸ ਤੋਂ ਬਾਅਦ ਉਸ ਨੂੰ ਡਾਕਟਰੀ ਨਿਗਰਾਨੀ ਵਿੱਚ ਅਲੀਪੁਰ ਚਿੜੀਆਘਰ 'ਚ ਰੱਖਿਆ ਗਿਆ।

ਜਸਵੀਰ ਸਿੰਘ ਗੜ੍ਹੀ ਨੇ 'ਆਪ' ਦਾ ਪੱਲਾ ਫੜਿਆ

ਚੰਡੀਗੜ੍ਹ (ਗੁਰੀਜਤ ਬਿੱਲਾ) ਬਹੁਜਨ ਸਮਾਜ ਪਾਰਟੀ (ਬਸਪਾ) ਪੰਜਾਬ ਦੇ ਸਾਬਕਾ ਸੂਬਾ ਪ੍ਰਧਾਨ ਜਸਵੀਰ ਸਿੰਘ ਗੜ੍ਹੀ ਬੁੱਧਵਾਰ ਆਮ ਆਦਮੀ ਪਾਰਟੀ 'ਚ ਸ਼ਾਮਲ ਹੋ ਗਏ। ਉਨ੍ਹਾ ਨੂੰ ਮੁੱਖ ਮੰਤਰੀ ਭਗਵੰਤ ਮਾਨ ਨੇ 'ਆਪ' ਵਿਚ ਸ਼ਾਮਲ ਕਰਵਾਇਆ। ਗੜ੍ਹੀ ਨੂੰ ਬੀਤੇ ਨਵੰਬਰ 'ਚ ਬਸਪਾ ਸੁਪਰੀਮੋ ਕੁਮਾਰੀ ਮਾਇਆਵਤੀ ਦੇ ਹੁਕਮਾਂ ਤਹਿਤ ਬਸਪਾ ਪੰਜਾਬ ਦੇ ਇੰਚਾਰਜ ਰਣਧੀਰ ਸਿੰਘ ਬੈਨੀਵਾਲ ਨੇ ਸੂਬਾ ਪ੍ਰਧਾਨ ਦੇ ਅਹੁਦੇ ਤੋਂ ਹਟਾ ਕੇ ਪਾਰਟੀ ਵਿੱਚੋਂ ਕੱਢ ਦਿੱਤਾ ਸੀ। ਪਾਰਟੀ ਨੇ ਉਨ੍ਹਾ ਉਤੇ ਅਨੁਸ਼ਾਸਨਹੀਣਤਾ ਦਾ ਦੋਸ਼ ਲਾਇਆ ਸੀ। ਇਸ ਦੇ ਨਾਲ ਹੀ ਪਾਰਟੀ ਹਾਈਕਮਾਨ ਨੇ ਗੜ੍ਹੀ ਦੀ ਥਾਂ ਸਾਬਕਾ ਮੈਂਬਰ ਰਾਜ ਸਭਾ ਤੇ ਸਾਬਕਾ ਵਿਧਾਇਕ ਅਵਤਾਰ ਸਿੰਘ ਕਰੀਮਪੁਰੀ ਨੂੰ ਨਵਾਂ ਸੂਬਾ ਪ੍ਰਧਾਨ ਥਾਪ ਦਿੱਤਾ ਸੀ। ਕਰੀਮਪੁਰੀ ਪਹਿਲਾਂ ਵੀ ਕਈ ਸਾਲ ਬਸਪਾ ਪੰਜਾਬ ਦੇ ਪ੍ਰਧਾਨ ਰਹਿ ਚੁੱਕੇ ਹਨ। ਗੜ੍ਹੀ ਨੇ ਆਮ ਆਦਮੀ ਪਾਰਟੀ ਦਾ ਪੱਲਾ ਫੜਨ ਤੋਂ ਪਹਿਲਾਂ ਸਵੇਰੇ 'ਨਵਾਂ ਸਾਲ ਮੁਬਾਰਕ, ਨਵੇਂ ਰਸਤੇ 'ਤੇ ਚੱਲ ਕੇ ਪੁਰਾਣੀਆਂ ਮੰਜ਼ਲਾਂ ਸਰ ਕਰਾਂਗੇ' ਸਿਰਲੇਖ ਤਹਿਤ ਫੇਸਬੁਕ 'ਤੇ ਬੜੀ ਜਜ਼ਬਾਤੀ ਲਾਈਵ ਵੀਡੀਓ ਪਾ ਕੇ ਨਵਾਂ ਰਾਹ ਅਖ਼ਤਿਆਰ ਕਰਨ ਦਾ ਸੰਕੇਤ ਦਿੱਤਾ।

ਉਨ੍ਹਾ ਇਸ ਵੀਡੀਓ ਵਿੱਚ ਮੌਜੂਦਾ ਬਸਪਾ ਪੰਜਾਬ ਪ੍ਰਧਾਨ ਸਮੇਤ ਪਾਰਟੀ ਦੀ ਸੀਨੀਅਰ ਲੀਡਰਸ਼ਿਪ ਉਤੇ ਕਈ ਤਰ੍ਹਾਂ ਦੇ ਦੋਸ਼ ਲਾਏ ਹਨ। ਉਨ੍ਹਾ ਅਤੀਤ ਵਿਚ ਪਾਰਟੀ ਨੂੰ ਛੱਡ ਕੇ ਗਏ ਪਾਰਟੀ ਦੇ ਪੁਰਾਣੇ ਕਾਰਕੁਨਾਂ ਤੇ ਆਗੂਆਂ ਦੇ ਪਾਰਟੀ ਛੱਡਣ ਦੇ ਫੈਸਲਿਆਂ ਲਈ ਵੀ ਪਾਰਟੀ ਲੀਡਰਸ਼ਿਪ ਨੂੰ ਜ਼ਿੰਮੇਵਾਰ ਠਹਿਰਾਇਆ ਅਤੇ ਬਸਪਾ ਲੀਡਰਸ਼ਿਪ ਉਤੇ ਆਪਣੇ ਸਮੇਤ ਹੋਰ ਆਗੂਆਂ ਦੇ 'ਸਿਆਸੀ ਕਤਲ' ਕਰਨ ਦੇ ਦੋਸ਼ ਲਾਏ ਹਨ।

ਐੱਸ ਕੇ ਐੱਮ ਸੁਪਰੀਮ ਕੋਰਟ ਦੀ ਕਮੇਟੀ ਨੂੰ ਨਹੀਂ ਮਿਲੇਗਾ

ਨਵੀਂ ਦਿੱਲੀ : ਸੰਯੁਕਤ ਕਿਸਾਨ ਮੋਰਚਾ (ਐੱਸ ਕੇ ਐੱਮ) ਨੇ ਸੁਪਰੀਮ ਕੋਰਟ ਵੱਲੋਂ ਗਠਿਤ ਹਾਈ ਪਾਵਰ ਕਮੇਟੀ ਨਾਲ ਚਰਚਾ ਕਰਨ ਤੋਂ ਅਸਮਰੱਥਾ ਪ੍ਰਗਟਾਈ ਹੈ। ਮੋਰਚੇ ਦੇ ਮੀਡੀਆ ਸੈੱਲ ਨੇ ਦੱਸਿਆ ਕਿ ਕਮੇਟੀ ਨੇ ਕਿਸਾਨਾਂ ਦੇ ਮੁੱਦਿਆਂ 'ਤੇ ਚਰਚਾ ਕਰਨ ਲਈ 3 ਜਨਵਰੀ ਨੂੰ ਸੱਦਿਆ ਸੀ। ਸੁਪਰੀਮ ਕੋਰਟ ਨੇ ਕਿਸਾਨ ਅੰਦੋਲਨ ਕਾਰਨ ਪੰਜਾਬ ਦੇ ਸ਼ੰਭੂ ਅਤੇ ਖਨੌਰੀ ਬਾਰਡਰ 'ਤੇ ਬੈਰੀਕੇਡ ਦੇ ਸੰਦਰਭ 'ਚ ਕਮੇਟੀ ਦਾ ਗਠਨ ਕੀਤਾ ਸੀ, ਪਰ ਐੱਸ ਕੇ ਐੱਮ ਉਸ ਅੰਦੋਲਨ ਦਾ ਹਿੱਸਾ ਨਹੀਂ ਹੈ। ਮੋਰਚੇ ਨੇ ਕਿਹਾ ਹੈ ਕਿ ਉਹ ਸਿਧਾਂਤਕ ਤੌਰ 'ਤੇ ਅਦਾਲਤ ਦੇ ਦਖਲ ਨੂੰ ਸਵੀਕਾਰ ਨਹੀਂ ਕਰਦਾ, ਕਿਉਂਕਿ ਕਿਸਾਨ ਨੀਤੀਗਤ ਮੁੱਦਿਆਂ 'ਤੇ ਕੇਂਦਰ ਸਰਕਾਰ ਨਾਲ ਲੜ ਰਹੇ ਹਨ, ਜਿੱਥੇ ਅਦਾਲਤ ਦੀ ਕੋਈ ਭੂਮਿਕਾ ਨਹੀਂ ਹੈ।

ਸੁਚਿਰ ਬਾਲਾਜੀ ਦੀ ਹੱਤਿਆ ਕੀਤੀ ਗਈ, ਮਾਪਿਆਂ ਵੱਲੋਂ ਐੱਫ ਬੀ ਆਈ ਜਾਂਚ ਦੀ ਮੰਗ

ਸਾਨ ਫਰਾਂਸਿਸਕੋ : ਭਾਰਤੀ-ਅਮਰੀਕੀ ਤਕਨੀਸ਼ੀਅਨ ਸੁਚਿਰ ਬਾਲਾਜੀ, ਜਿਸ ਨੂੰ ਬੀਤੀ 14 ਦਸੰਬਰ ਨੂੰ ਆਪਣੇ ਸਾਨ ਫਰਾਂਸਿਸਕੋ ਸਥਿਤ ਅਪਾਰਟਮੈਂਟ 'ਚ ਮ੍ਰਿਤਕ ਪਾਇਆ ਗਿਆ ਸੀ, ਦੇ ਮਾਪਿਆਂ ਨੇ ਉਸ ਦੀ ਮੌਤ ਨੂੰ ਖੁਦਕੁਸ਼ੀ ਕਰਾਰ ਦਿੱਤੇ ਜਾਣ ਨੂੰ ਰੱਦ ਕਰਦਿਆਂ ਦੋਸ਼ ਲਾਇਆ ਹੈ ਕਿ ਉਨ੍ਹਾਂ ਦੇ ਪੁੱਤਰ ਦੀ ਹੱਤਿਆ ਕੀਤੀ ਗਈ ਸੀ। ਓਪਨ ਏ ਆਈ ਦੇ ਸਾਬਕਾ ਕਰਮਚਾਰੀ ਸੁਚਿਰ ਨੇ ਜਨਰੇਟਿਵ ਏ ਆਈ ਨਾਲ ਜੁੜੇ ਇਖ਼ਲਾਕੀ ਸਰੋਕਾਰਾਂ ਬਾਰੇ ਆਪਣੇ ਵ੍ਹਿਸਲਬਲੋਇੰਗ ਖੁਲਾਸਿਆਂ ਸਦਕਾ ਸੁਰਖੀਆਂ ਬਟੋਰੀਆਂ ਸਨ।

ਇਕ ਪ੍ਰਾਈਵੇਟ ਖ਼ਬਰੀ ਚੈਨਲ ਨਾਲ ਇੰਟਰਵਿਊ 'ਚ ਉਸ ਦੇ ਮਾਪਿਆਂ ਨੇ ਦਾਅਵਾ ਕੀਤਾ ਹੈ ਕਿ ਦੂਜੀ ਪੋਸਟਮਾਰਟਮ ਰਿਪੋਰਟ 'ਸੰਘਰਸ਼ ਦੇ ਸੰਕੇਤਾਂ' ਨੂੰ ਦਰਸਾਉਂਦੀ ਹੈ, ਜਿਸ 'ਚ ਉਸ ਦੇ ਸਿਰ 'ਚ ਸੱਟ ਅਤੇ ਸਦਮਾ ਸ਼ਾਮਲ ਹੈ, ਜੋ ਕਿ ਮੈਡੀਕਲ ਪੜਤਾਲਕਾਰਾਂ ਦੇ ਦਫਤਰ ਵੱਲੋਂ ਮੌਤ ਨੂੰ ਖੁਦਕੁਸ਼ੀ ਕਰਾਰ ਦੇਣ ਦੇ ਫੈਸਲੇ ਦਾ ਖੰਡਨ ਕਰਦੇ ਹਨ। ਸੁਚਿਰ ਦੀ ਮਾਂ ਪੂਰਨਿਮਾ ਰਾਮਾਰਾਓ ਨੇ ਖੁਦਕੁਸ਼ੀ ਦੇ ਫੈਸਲੇ 'ਤੇ ਬੇਭਰੋਸਗੀ ਜ਼ਾਹਰ ਕਰਦਿਆਂ ਕਿਹਾ ਕਿ ਸੁਚਿਰ ਦਾ ਕੋਈ ਖੁਦਕੁਸ਼ੀ ਨੋਟ ਵੀ ਨਹੀਂ ਮਿਲਿਆ, ਜਿਹੜਾ ਉਨ੍ਹਾਂ ਦੇ ਸ਼ੱਕ ਨੂੰ ਪੁਖ਼ਤਾ ਕਰਦਾ ਹੈ। ਉਸ ਨੇ ਕਿਹਾ—ਸਾਡੇ ਕੋਲ ਦੂਜੀ ਪੋਸਟਮਾਰਟਮ ਦੇ ਤੱਥ ਹਨ ਸਿਰ 'ਚ ਸੱਟ ਅਤੇ ਸੰਘਰਸ਼ ਦੇ ਸੰਕੇਤ। ਇਹ ਖੁਦਕੁਸ਼ੀ ਨਹੀਂ ਹੈ, ਇਹ ਇੱਕ ਕਤਲ ਹੈ। ਉਸ ਦੇ ਪਿਤਾ ਬਾਲਾਜੀ ਰਾਮਮੂਰਤੀ ਨੇ 22 ਦਸੰਬਰ ਨੂੰ ਕਿਹਾ ਸੀ ਕਿ ਸੁਚਿਰ ਲਾਸ ਏਂਜਲਸ ਦੀ ਯਾਤਰਾ ਤੋਂ ਬਹੁਤ ਖੁਸ਼ ਪਰਤਿਆ ਸੀ ਅਤੇ ਪੂਰੇ ਜੋਸ਼ 'ਚ ਸੀ। ਜਦੋਂ ਪੁੱਛਿਆ ਗਿਆ ਕਿ ਕੀ ਸੁਚਿਰ ਨੇ ਕੋਈ ਹੋਰ ਨੌਕਰੀ ਕੀਤੀ, ਤਾਂ ਉਸ ਦੀ ਮਾਂ ਨੇ ਕਿਹਾ—ਨਹੀਂ, ਉਸ ਨੇ ਨਹੀਂ ਕੀਤੀ। ਉਨ੍ਹਾਂ (ਓਪਨ ਏ ਆਈ) ਨੇ ਸ਼ਾਇਦ ਉਸ ਨੂੰ ਧਮਕੀ ਦਿੱਤੀ ਸੀ। ਉਨ੍ਹਾਂ ਨੇ ਉਸ ਨੂੰ ਕਿਤੇ ਹੋਰ ਕੰਮ ਕਰਨ ਦੀ ਇਜਾਜ਼ਤ ਨਹੀਂ ਦਿੱਤੀ। ਉਸ ਨੇ ਇੱਕ ਕਾਪੀਰਾਈਟ ਵਕੀਲ ਨਾਲ ਵੀ ਸਲਾਹ ਕੀਤੀ ਅਤੇ ਪਤਾ ਲਗਾਇਆ ਕਿ ਉਹ ਕੁਝ ਗਲਤ ਨਹੀਂ ਕਰ ਰਿਹਾ ਸੀ ਅਤੇ ਉਹ ਉਸ ਨੂੰ ਦਬਾਅ ਰਹੇ ਸਨ। ਇਸ ਕਾਰਨ ਉਸ ਨੇ ਨਿਊਯਾਰਕ ਟਾਈਮਜ਼ ਨੂੰ ਇੰਟਰਵਿਊ ਦਿੱਤੀ ਅਤੇ ਨਤੀਜੇ ਵਜੋਂ ਉਸ ਦੀ ਮੌਤ ਹੋ ਗਈ। ਪਿਤਾ ਨੇ ਕਿਹਾ—ਉਹ ਚੈਟ ਜੀ ਪੀ ਟੀ ਦੇ ਕੋਰ ਗਰੁੱਪ 'ਚ ਕੰਮ ਕਰ ਰਿਹਾ ਸੀ; ਉਹ ਇਕ ਤਰ੍ਹਾਂ ਇਕ ਪੂਰੀ ਚੀਜ਼ ਦਾ ਸਿਰਜਣਹਾਰ ਸੀ। ਉਹ ਚੈਟ ਜੀ ਪੀ ਟੀ ਬਾਰੇ ਬਹੁਤ ਸਾਰੀ ਜਾਣਕਾਰੀ ਰੱਖਦਾ ਸੀ। ਉਸ 'ਤੇ ਹੋਰ ਏਆਈ ਕੰਪਨੀਆਂ 'ਚ ਕੰਮ ਨਾ ਕਰਨ ਸੰਬੰਧੀ ਕੁਝ ਪਾਬੰਦੀਆਂ ਸਨ। ਮਾਪੇ ਚਾਹੁੰਦੇ ਹਨ ਕਿ ਸੱਚਾਈ ਦਾ ਪਤਾ ਲਾਉਣ ਲਈ ਮਾਮਲੇ ਦੀ ਐੱਫ ਬੀ ਆਈ ਜਾਂਚ ਕਰਵਾਈ ਜਾਵੇ। ਪੂਰਨਿਮਾ ਨੇ ਭਾਰਤ ਸਰਕਾਰ ਨੂੰ ਵੀ ਇਸ ਸੰਬੰਧੀ ਹਮਾਇਤ ਦੀ ਅਪੀਲ ਕੀਤੀ ਹੈ।

ਕਾਰੋਬਾਰੀ ਵੱਲੋਂ ਖੁਦਕੁਸ਼ੀ

ਨਵੀਂ ਦਿੱਲੀ : ਇੱਥੇ ਮਾਡਲ ਟਾਊਨ ਦੇ ਕਲਿਆਣ ਵਿਹਾਰ ਇਲਾਕੇ 'ਚ ਕੈਫੇ ਕਾਰੋਬਾਰੀ ਪੁਨੀਤ ਖੁਰਾਨਾ ਨੇ ਮੰਗਲਵਾਰ ਸ਼ਾਮ ਘਰ 'ਚ ਫਾਹਾ ਲੈ ਕੇ ਖੁਦਕੁਸ਼ੀ ਕਰ ਲਈ। ਪੁਨੀਤ ਦੇ ਪਰਵਾਰ ਦਾ ਦੋਸ਼ ਹੈ ਕਿ ਉਹ ਆਪਣੀ ਪਤਨੀ ਨਾਲ ਚੱਲ ਰਹੇ ਤਲਾਕ ਦੇ ਕੇਸ ਤੋਂ ਪ੍ਰੇਸ਼ਾਨ ਸੀ।

ਖੁਦਕੁਸ਼ੀ ਕਰਨ ਤੋਂ ਪਹਿਲਾਂ ਪੁਨੀਤ ਨੇ ਆਪਣੀ ਪਤਨੀ ਨਾਲ ਆਖਰੀ ਵਾਰ ਫੋਨ 'ਤੇ ਗੱਲ ਕੀਤੀ ਸੀ ਅਤੇ ਗੱਲਬਾਤ ਉਨ੍ਹਾਂ ਦੇ ਕੈਫੇ ਦੇ ਕਾਰੋਬਾਰ ਬਾਰੇ ਸੀ, ਜਿਸ 'ਚ ਪੁਨੀਤ ਅਤੇ ਉਸ ਦੀ ਪਤਨੀ ਹਿੱਸੇਦਾਰ ਸਨ। ਪਰਵਾਰ ਦਾ ਦੋਸ਼ ਹੈ ਕਿ ਗੱਲਬਾਤ ਦੌਰਾਨ ਪੁਨੀਤ ਦੀ ਪਤਨੀ ਨੇ ਕਿਹਾ ਕਿ ਤਲਾਕ ਦਾ ਮਾਮਲਾ ਹੋਣ ਦੇ ਬਾਵਜੂਦ ਉਹ ਉਸ ਨੂੰ ਕਾਰੋਬਾਰ ਤੋਂ ਵੱਖ ਨਹੀਂ ਕਰ ਸਕਦਾ। ਉਸ ਨੂੰ ਕਾਰੋਬਾਰ 'ਚ ਹਿੱਸਾ ਦੇਣਾ ਪਵੇਗਾ। ਦੋਹਾਂ ਦਾ ਵਿਆਹ 2016 'ਚ ਹੋਇਆ ਸੀ। ਪੁਲਸ ਜਾਂਚ ਕਰ ਰਹੀ ਹੈ।

ਕਟੜਾ ਦੇ ਅੰਦੋਲਨਕਾਰੀ ਰਿਹਾਅ

ਜੰਮੂ : ਪੁਲਸ ਨੇ ਕਟੜਾ ਵਿੱਚ ਰੋਪਵੇਅ ਪ੍ਰਾਜੈਕਟ ਖਿਲਾਫ ਰੋਸ ਪ੍ਰਦਰਸ਼ਨਾਂ ਦੌਰਾਨ ਹਿਰਾਸਤ ਵਿਚ ਲਏ 18 ਵਿਅਕਤੀਆਂ ਨੂੰ ਰਿਹਾਅ ਕਰ ਦਿੱਤਾ ਹੈ। ਜੰਮੂ-ਕਸ਼ਮੀਰ ਪ੍ਰਸ਼ਾਸਨ ਨੇ ਪ੍ਰਦਰਸ਼ਨਕਾਰੀਆਂ ਨਾਲ ਗੱਲਬਾਤ ਲਈ ਚਾਰ ਮੈਂਬਰੀ ਕਮੇਟੀ ਬਣਾਈ ਹੈ। ਜਿੰਨੀ ਦੇਰ ਗੱਲਬਾਤ ਜਾਰੀ ਰਹੇਗੀ, ਓਨੀ ਦੇਰ ਰੋਪਵੇਅ ਪ੍ਰਾਜੈਕਟ ਦਾ ਕੰਮ ਮੁਅੱਤਲ ਰਹੇਗਾ। ਕਟੜਾ, ਜੋ ਮਾਤਾ ਵੈਸ਼ਣੋ ਦੇਵੀ ਦੇ ਦਰਸ਼ਨਾਂ ਲਈ ਬੇਸ ਕੈਂਪ ਹੈ, ਰਿਆਸੀ ਜ਼ਿਲ੍ਹੇ ਵਿੱਚ ਤ੍ਰਿਕੁਲਾ ਦੀਆਂ ਪਹਾੜੀਆਂ ਉੱਤੇ ਰੋਪਵੇਅ ਬਣਾਉਣ ਦੇ ਵਿਰੋਧ ਕਰਕੇ ਇਕ ਹਫਤਾ ਬੰਦ ਰਿਹਾ ਹੈ।

ਅਜ਼ਾਦੀ ਤੋਂ ਪਹਿਲਾਂ ਤੇ ਬਾਅਦ 'ਚ ਸੀ ਪੀ ਆਈ ਦਾ ਕੁਰਬਾਨੀਆਂ ਦਾ ਸ਼ਾਨਾਮੱਤਾ ਇਤਿਹਾਸ : ਅਰਸ਼ੀ

ਜ਼ਿਲ੍ਹਾ ਫਰੀਦਕੋਟ ਨੇ ਦਰਜਨਾਂ ਲੋਕ ਆਗੂ ਪੈਦਾ ਕੀਤੇ : ਅਸ਼ੋਕ ਕੌਸ਼ਲ

ਫਰੀਦਕੋਟ, (ਐਲਿਗਜ਼ੈਂਡਰ ਡਿਸੂਜਾ, ਗੁਰਪ੍ਰੀਤ ਸਿੰਘ ਬੇਦੀ)-ਭਾਰਤੀ ਕਮਿਊਨਿਸਟ ਪਾਰਟੀ ਨੇ 26 ਦਸੰਬਰ 1925 ਨੂੰ ਕਾਨਪੁਰ ਵਿੱਚ ਆਪਣੀ ਸਥਾਪਨਾ ਤੋਂ ਲੈ ਕੇ ਦੇਸ਼ ਦੀ ਅਜ਼ਾਦੀ ਅਤੇ ਕਿਸਾਨਾਂ-ਮਜ਼ਦੂਰਾਂ ਦੇ ਹੱਕਾਂ ਦੀ ਰਾਖੀ ਲਈ ਪਹਿਲਾਂ ਬਰਤਾਨਵੀ ਸਾਮਰਾਜੀਆਂ ਅਤੇ ਬਾਅਦ ਵਿੱਚ ਸਮੇਂ ਦੀਆਂ ਵੱ

2-JAN-PAGE-1.qxd 1/1/2025 9:09 PM Page 2

ਚਾਇਨਾ ਡੋਰ ਦੀ ਵਿਕਰੀ ਲਗਾਤਾਰ ਜਾਰੀ

ਸ੍ਰੀ ਮੁਕਤਸਰ ਸਾਹਿਬ, (ਸ਼ਮਿੰਦਰਪਾਲ/ਪੂਜਾ)- ਮਨੁੱਖਾਂ ਤੇ ਪੰਛੀਆਂ ਦੀ ਜਾਨ ਦਾ ਖੌਅ ਬਣੀ ਚਾਈਨਾ ਡੋਰ ਖਤਮ ਕਰਨਾ ਪ੍ਰਸ਼ਾਸਨ ਤੇ ਪੁਲਸ ਲਈ ਚਿੱਟੇ ਵਾਂਗ ਵੱਡੀ ਚੁਣੌਤੀ ਬਣੀ ਹੋਈ ਹੈ। ਪਰ ਚੀਨੀ ਡੋਰ ਦੇ ਮਾਮਲੇ ਵਿਚ ਨਵੀਂ ਸਰਕਾਰ ਵੱਲੋਂ ਕੋਈ ਸਖ਼ਤੀ ਨਹੀਂ ਵਰਤੀ ਜਾ ਰਹੀ, ਜਿਸ ਕਾਰਨ ਸ਼ਹਿਰ ਅੰਦਰ ਕਈ ਦੁਕਾਨਦਾਰ ਵੱਲੋਂ ਅਜੇ ਵੀ ਪਾਬੰਦੀਸ਼ੁਦਾ ਚਾਈਨਾ ਡੋਰ (ਗੱਟੂ) ਦੀ ਸ਼ਰੇਆਮ ਵਿਕਰੀ ਹੋਣ ਦੇ ਚਰਚੇ ਜ਼ੋਰਾਂ 'ਤੇ ਹਨ। ਇਸ ਡੋਰ ਦੀ ਲਪੇਟ ਵਿਚ ਆਉਣ ਨਾਲ ਕੋਈ ਨਾ ਕੋਈ ਮਨੁੱਖ, ਜਾਨਵਰ ਅਤੇ ਪੰਛੀ ਬੁਰੀ ਤਰ੍ਹਾਂ ਜ਼ਖਮੀ ਹੋ ਰਹੇ ਹਨ। ਪੰਛੀਆਂ ਦੇ ਮਾਮਲੇ ਵਿਚ ਤਾਂ ਚਾਈਨਾ ਡੋਰ ਹੋਰ ਜ਼ਿਆਦਾ ਘਾਤਕ ਸਾਬਤ ਹੁੰਦੀ ਹੈ, ਕਿਉਂਕਿ ਇਸ ਦੀ ਪਕੜ ਕਾਰਨ ਪੰਛੀ, ਮੁੱਖ ਤੌਰ 'ਤੇ ਕਬੂਤਰ, ਚਿੜੀਆਂ ਅਤੇ ਕਾਂ ਤੜਫ-ਤੜਫ ਕੇ ਮਰ ਜਾਂਦੇ ਹਨ। ਚਾਈਨਾ ਡੋਰ 'ਚ ਫਸਣ ਤੋਂ ਬਾਅਦ ਪੰਛੀ ਇਸ ਵਿਚੋਂ ਬਾਹਰ ਨਹੀਂ ਨਿਕਲ ਪਾਉਂਦੇ ਅਤੇ ਕਈ ਵਾਰ ਉਹ ਬਿਜਲੀ ਦੀਆਂ ਤਾਰਾਂ ਅਤੇ ਦਰੱਖਤਾਂ 'ਤੇ ਲਟਕਦੇ ਪਾਏ ਗਏ ਹਨ। ਪਾਬੰਦੀਸ਼ੁਦਾ ਚਾਈਨਾ ਡੋਰ ਦੇ ਮਾਮਲੇ ਵਿਚ ਜੋ ਹੈਰਾਨੀਜਨਕ ਪਹਿਲੂ ਦੇਖਣ ਨੂੰ ਮਿਲ ਰਿਹਾ ਹੈ ਕਿ ਇਕ ਛੋਟੇ ਬੱਚੇ ਨੂੰ ਵੀ ਚਾਈਨਾ ਡੋਰ ਵੇਚਣ ਵਾਲੇ ਦਾ ਫੋਨ ਨੰਬਰ ਅਤੇ ਦੁਕਾਨ ਦਾ ਪਤਾ ਹੈ, ਪਰ ਪ੍ਰਸ਼ਾਸਨ ਨੂੰ ਪਤਾ ਨਹੀਂ। ਪਾਬੰਦੀਸ਼ੁਦਾ ਚਾਈਨਾ ਡੋਰ ਦੀ ਗੱਲ ਕਰੀਏ ਤਾਂ ਸ਼ਹਿਰ ਅੰਦਰ ਲੋਹੜੀ ਦੇ ਤਿਉਹਾਰ ਦੌਰਾਨ ਇਸ ਡੋਰ ਦੀ ਬਹੁਤ ਵਰਤੋਂ ਕੀਤੀ ਜਾਂਦੀ ਹੈ। ਸ਼ਹਿਰ ਅੰਦਰ ਕੁਝ ਅਜਿਹੇ ਨਾਮੀ ਦੁਕਾਨਦਾਰ ਹਨ, ਜੋ ਕਈ ਵਾਰ ਚਾਈਨਾ ਡੋਰ ਵੇਚਦੇ ਫੜੇ ਗਏ ਹਨ ਪਰ ਫਿਰ ਵੀ ਉਹ ਚਾਈਨਾ ਡੋਰ ਵੇਚਣ ਤੋਂ ਗੁਰੇਜ਼ ਨਹੀਂ ਕਰ ਰਹੇ। ਇਸ ਸੀਜ਼ਨ ਵਿਚ ਵੀ ਉਹ ਸ਼ਰੇਆਮ ਚਾਈਨਾ ਡੋਰ ਵੇਚ ਰਹੇ ਹਨ ਅਤੇ ਲੋਕਾਂ ਦੀ ਜਾਨ ਖਤਰੇ ਵਿਚ ਪਾ ਰਹੇ ਹਨ।ਚਾਈਨਾ ਡੋਰ ਦੇ ਮਾਮਲੇ 'ਚ ਸਮਾਜ ਸੇਵੀ, ਵਾਤਾਵਰਣ ਤੇ ਪੰਛੀ ਪ੍ਰੇਮੀਆਂ ਦਾ ਕਹਿਣਾ ਹੈ ਕਿ ਸਰਕਾਰ ਨੂੰ ਚਾਈਨਾ ਡੋਰ ਵੇਚਣ ਵਾਲਿਆਂ ਖਿਲਾਫ ਸਖ਼ਤ ਕਾਨੂੰਨ ਬਣਾਉਣ ਦੀ ਲੋੜ ਹੈ। ਸਰਕਾਰ ਨੂੰ ਚਾਹੀਦਾ ਹੈ ਕਿ ਇਸ ਡੋਰ ਨੂੰ ਵੇਚਣ ਵਾਲੇ ਖਿਲਾਫ ਅਜਿਹਾ ਸਖ਼ਤ ਕਾਨੂੰਨ ਬਣਾਇਆ ਜਾਵੇ, ਜਿਸ ਨਾਲ ਫੜੇ ਗਏ ਵਿਅਕਤੀ ਨੂੰ ਸਖਤ ਸਜ਼ਾ ਮਿਲ ਸਕੇ।

ਪੰਚਾਇਤ ਯੂਨੀਅਨ ਪ੍ਰਧਾਨ ਚਹਿਲ ਦਾ ਕੀਤਾ ਸਨਮਾਨ

ਧੂਰੀ, (ਰਾਜੇਸ਼ਵਰ ਪਿੰਟੂ, ਬਿੰਨੀ ਗਰਗ) - ਪੰਚਾਇਤ ਯੂਨੀਅਨ ਬਲਾਕ ਸ਼ੇਰਪੁਰ ਦੇ ਪ੍ਰਧਾਨ ਬਣੇ ਅੰਮ੍ਰਿਤਪਾਲ ਸਿੰਘ ਚਹਿਲ ਦਾ ਅੱਜ ਮੁੱਖ ਮੰਤਰੀ ਕੈਂਪਸ ਦਫ਼ਤਰ ਧੂਰੀ ਦੇ ਇੰਚਾਰਜ ਅਤੇ ਮਾਰਕਿਟ ਕਮੇਟੀ ਧੂਰੀ ਦੇ ਚੇਅਰਮੈਨ ਰਾਜਵੰਤ ਸਿੰਘ ਘੁੱਲੀ ਨੇ ਸਨਮਾਨ ਕਰਦਿਆਂ ਮੁਬਾਰਕਬਾਦ ਦਿੱਤੀ। ਇਸ ਮੌਕੇ ਉਨ੍ਹਾਂ ਨਾਲ ਪੰਜਾਬ ਵਕਫ਼ ਬੋਰਡ ਦੇ ਮੈਂਬਰ ਡਾ. ਅਨਵਰ ਭਸੌੜ ਅਤੇ ਪਾਰਟੀ ਦੇ ਸੂਬਾਈ ਆਗੂ ਅਮਰਦੀਪ ਸਿੰਘ ਧਾਂਦਰਾ ਵੀ ਹਾਜ਼ਰ ਸਨ। ਦੱਸਣਯੋਗ ਹੈ ਕਿ ਬਲਾਕ ਸ਼ੇਰਪੁਰ ਦੀਆਂ ਬਣੀਆਂ ਪੰਚਾਇਤਾਂ ਵੱਲੋਂ ਬੀਤੇ ਦਿਨੀਂ ਪਿੰਡ ਘਨੌਰੀ ਕਲਾਂ ਦੇ ਸਰਪੰਚ ਅੰਮ੍ਰਿਤਪਾਲ ਸਿੰਘ ਚਹਿਲ ਨੂੰ ਸਰਬਸੰਮਤੀ ਨਾਲ ਪੰਚਾਇਤ ਯੂਨੀਅਨ ਬਲਾਕ ਸ਼ੇਰਪੁਰ ਦਾ ਪ੍ਰਧਾਨ ਚੁਣ ਲਿਆ ਗਿਆ ਸੀ।ਇਸ ਮੌਕੇ ਅੰਮ੍ਰਿਤਪਾਲ ਸਿੰਘ ਚਹਿਲ ਨੇ ਕਿਹਾ ਕਿ ਇਸ ਨਵੀਂ ਜ਼ਿੰਮੇਵਾਰੀ ਨੂੰ ਮਿਹਨਤ ਤੇ ਇਮਾਨਦਾਰੀ ਨਾਲ ਨਿਭਾਉਣਗੇ ਤੇ ਪਿੰਡਾਂ ਦੀਆਂ ਮੁਸਕਲਾਂ ਨੂੰ ਪ੍ਰਸ਼ਾਸਨ ਤੱਕ ਲੈ ਕੇ ਜਾਣਗੇ ਤੇ ਉਨ੍ਹਾਂ ਦਾ ਹੱਲ ਕਰਵਾਉਣਗੇ। ਇਸ ਮੌਕੇ ਮੂਲੋਵਾਲ ਦੇ ਸਰਪੰਚ ਸੁਖਚੈਨ ਸਿੰਘ ਮੀਤ ਪ੍ਰਧਾਨ, ਸਰਪੰਚ ਜ਼ੋਰਾ ਸਿੰਘ ਈਸਾਪੁਰ ਨੂੰ ਜਨਰਲ ਸਕੱਤਰ, ਸਰਪੰਚ ਜਗਜੀਤ ਸਿੰਘ ਕਲੈਰਾ ਸਰਪ੍ਰਸਤ ਦਾ ਵੀ ਸਨਮਾਨ ਕੀਤਾ ਗਿਆ। ਇਸ ਮੌਕੇ ਮਾਰਕਿਟ ਕਮੇਟੀ ਸ਼ੇਰਪੁਰ ਦੇ ਸਾਬਕਾ ਚੇਅਰਮੈਨ ਇੰਦਰਜੀਤ ਸਿੰਘ ਘਨੌਰੀ, ਅਮਨ ਖਾਂ ਘਨੌਰੀ, ਪ੍ਰੀਤ ਧੂਰੀ ਵੀ ਹਾਜ਼ਰ ਸਨ।

ਅੰਗਹੀਣਾਂ ਨੇ ਪੰਜਾਬ ਸਰਕਾਰ ਦੇ ਲਾਰਿਆਂ ਦੀ ਫੂਕੀ ਪੰਡ

ਮਾਨਸਾ, (ਆਤਮਾ ਸਿੰਘ ਪਮਾਰ)-ਪੰਜਾਬ ਸਰਕਾਰ ਤੋਂ ਆਪਣੇ ਹੱਕ ਲੈਣ ਲਈ ਸਥਾਨਕ ਸ਼ਹੀਦ ਸੇਵਾ ਸਿੰਘ ਠੀਕਰੀ ਵਾਲਾ ਚੌਂਕ 'ਚ ਲਗਾਏ ਧਰਨੇ ਦੇ ਚੌਥੇ ਦਿਨ ਅੰਗਹੀਣਾਂ ਨੇ ਚੜ੍ਹਦੇ ਸਾਲ 'ਚ ਹੀ ਪੰਜਾਬ ਸਰਕਾਰ ਦੇ ਲਾਰਿਆਂ ਦੀ ਪੰਡ ਫੂਕੀ ਅਤੇ ਜੰਮ ਕੇ ਰੋਸ ਪ੍ਰਦਰਸ਼ਨ ਅਤੇ ਨਾਅਰੇਬਾਜ਼ੀ ਵੀ ਕੀਤੀ। ਅੱਜ ਦੇ ਧਰਨੇ ਦੌਰਾਨ ਸੀ ਪੀ ਆਈ ਦੇ ਕ੍ਰਿਸ਼ਨ ਚੌਹਾਨ ਅਤੇ ਮੈਡੀਕਲ ਪ੍ਰੈਕਟੀਸ਼ੀਅਨ ਐਸੋਸੀਏਸ਼ਨ ਦੇ ਸੂਬਾ ਪ੍ਰਧਾਨ ਧੰਨਾ ਮੱਲ ਗੋਇਲ ਨੇ ਅੰਗਹੀਣਾਂ ਦੀਆਂ ਮੰਗਾਂ ਸਬੰਧੀ ਚਲ ਰਹੇ ਧਰਨੇ ਦੀ ਹਮਾਇਤ ਦਾ ਐਲਾਨ ਕਰਦਿਆਂ ਕਿਹਾ ਕਿ ਅੰਗਹੀਣ ਵੀ ਸਾਡੇ ਮਨੁੱਖੀ ਸਮਾਜ ਦਾ ਇੱਕ ਅਨਿੱਖੜਵਾਂ ਅੰਗ ਹਨ ਅਤੇ ਇਨ੍ਹਾਂ ਨੂੰ ਵੀ ਸਮਾਜ ਦੇ ਹਾਣੀ ਬਣਾਉਣ ਲਈ ਪੰਜਾਬ ਸਰਕਾਰ ਨੂੰ ਚਾਹੀਦਾ ਹੈ ਕਿ ਉਹ ਇਨ੍ਹਾਂ ਦੇ ਬਣਦੇ ਅਤੇ ਐਲਾਨੇ ਹੱਕ ਦੇਣ ਸਬੰਧੀ ਸੰਜੀਦਗੀ ਨਾਲ ਵਿਚਾਰ ਕਰੇ ਤਾਂ ਕਿ ਇਨ੍ਹਾਂ ਨੂੰ ਆਪਣੀਆਂ ਨਿੱਕੀਆਂ ਨਿੱਕੀਆਂ ਜ਼ਰੂਰਤਾਂ ਲਈ ਸੜਕਾਂ 'ਤੇ ਨਾ ਰੁਲਣਾ ਪਵੇ। ਐਸੋਸੀਏਸ਼ਨ ਦੇ ਪ੍ਰਧਾਨ ਅਵਿਨਾਸ਼ ਸ਼ਰਮਾ ਨੇ ਕਿਹਾ ਕਿ ਭਗਵੰਤ ਮਾਨ ਨੇ ਸੂਬੇ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਬਣਨ 'ਤੇ ਪਹਿਲੀ ਕੈਬਨਿਟ ਮੀਟਿੰਗ ਵਿੱਚ ਹੀ ਅੰਗਹੀਣਾਂ ਨੂੰ 2500 ਰੁਪਏ ਪ੍ਰਤੀ ਮਹੀਨਾ ਪੈਨਸ਼ਨ, ਪੜ੍ਹੇ-ਲਿਖੇ ਅੰਗਹੀਣਾਂ ਨੂੰ ਯੋਗਤਾ ਅਨੁਸਾਰ ਸਰਕਾਰੀ ਨੌਕਰੀਆਂ ਦੇਣ ਤੋਂ ਇਲਾਵਾ ਉਨ੍ਹਾਂ ਦੀਆਂ ਸਾਰੀਆਂ ਜ਼ਰੂਰਤਾਂ ਪੂਰੀਆਂ ਕਰਨ ਦਾ ਵਾਅਦਾ ਕੀਤਾ ਸੀ ਪਰ ਅੱਜ ਉਨ੍ਹਾਂ ਨੂੰ ਸਿਰਫ਼ ਲਾਰੇ ਹੀ ਮਿਲ ਰਹੇ ਹਨ। ਜਿਸ ਕਰਕੇ ਉਨ੍ਹਾਂ ਨੂੰ ਮਜਬੂਰੀਵੱਸ ਸਰਕਾਰ ਦੇ ਲਾਰਿਆਂ ਦੀ ਪੰਡ ਫੂਕਣੀ ਪੈ ਰਹੀ ਹੈ ਤਾਂ ਕਿ ਸਰਕਾਰ ਤੱਕ ਉਨ੍ਹਾਂ ਦੀ ਅਵਾਜ਼ ਪਹੁੰਚ ਸਕੇ। ਅਸੀਮ ਗੋਇਲ, ਸੁਖਜੀਤ ਸਿੰਘ ਅਤੇ ਵਿਜੇ ਮੌਂਗਾ ਨੇ ਪੜ੍ਹੇ-ਲਿਖੇ ਅੰਗਹੀਣਾਂ ਨੂੰ ਯੋਗਤਾ ਅਨੁਸਾਰ ਸਰਕਾਰੀ ਨੌਕਰੀਆਂ, ਪੈਨਸ਼ਨ ਰਾਸ਼ੀ ਵਧਾ ਕੇ ਪੰਜ ਹਜ਼ਾਰ ਰੁਪਏ ਪ੍ਰਤੀ ਮਹੀਨਾ ਕਰਨ, ਜਾਅਲੀ ਅਪੰਗਤਾ ਸਰਟੀਫਿਕੇਟ ਦੇ ਅਧਾਰ 'ਤੇ ਸਰਕਾਰੀ ਨੌਕਰੀਆਂ ਲੈਣ ਵਾਲੇ ਨਕਲੀ ਅੰਗਹੀਣਾਂ ਵਿਰੁੱਧ ਸਖਤ ਕਾਰਵਾਈ ਕਰਕੇ ਉਨ੍ਹਾਂ ਦੀਆਂ ਨੌਕਰੀਆਂ ਅਸਲੀ ਅੰਗਹੀਣਾਂ ਨੂੰ ਦੇਣ ਦੀ ਮੰਗ ਵੀ ਕੀਤੀ।

ਸੜਕ ਹਾਦਸੇ 'ਚ ਨੌਜਵਾਨ ਦੀ ਮੌਤ

ਸ੍ਰੀ ਮੁਕਤਸਰ ਸਾਹਿਬ, ਦੋਦਾ (ਸ਼ਮਿੰਦਰਪਾਲ/ਪੂਜਾ)- ਸ੍ਰੀ ਮੁਕਤਸਰ ਸਾਹਿਬ 'ਚ ਵਾਪਰੇ ਇੱਕ ਸੜਕ ਹਾਦਸੇ 'ਚ ਮਾਪਿਆਂ ਦ ਇਕਲੌਤੇ ਪੁੱਤਰ ਦੀ ਦਰਦਨਾਕ ਮੌਤ ਹੋ ਜਾਣ ਦਾ ਮਾਮਲਾ ਸਾਹਮਣੇ ਆਇਆ ਹੈ। ਜਾਣਕਾਰੀ ਮੁਤਾਬਿਕ ਪਿੰਡ ਬੁੱਟਰ ਸ਼ਰੀਂਹ ਨੇੜੇ ਬਠਿੰਡਾ-ਸ੍ਰੀ ਮੁਕਤਸਰ ਸਾਹਿਬ ਮੁੱਖ ਮਾਰਗ 'ਤੇ ਮੋਟਰਸਾਈਕਲ ਸਵਾਰ ਗੁਰਵਿੰਦਰ ਸਿੰਘ (28) ਪੁੱਤਰ ਸੁਖਮੰਦਰ ਸਿੰਘ ਵਾਸੀ ਪਿੰਡ ਦੋਦਾ ਜੋ ਬੀਤੀ ਰਾਤ ਕਰੀਬ 10 ਵਜੇ ਆਪਣੇ ਮੋਟਰਸਾਈਕਲ 'ਤੇ ਬਠਿੰਡਾ ਵਾਲੀ ਸਾਈਡ ਤੋਂ ਆਪਣੇ ਘਰ ਆ ਰਿਹਾ ਸੀ, ਇਸੇ ਦੌਰਾਨ ਜਦੋਂ ਉਹ ਪਿੰਡ ਬੁੱਟਰ ਸ਼ਰੀਂਹ ਨੇੜੇ ਪਹੁੰਚਿਆ ਤਾਂ ਮੋਟਰਸਾਈਕਲ ਦਾ ਸੰਤੁਲਨ ਵਿਗੜ ਗਿਆ, ਜਿਸ ਕਾਰਨ ਉਹ ਸੜਕ 'ਤੇ ਜਾ ਡਿੱਗਾ। ਜਾਣਕਾਰੀ ਮਿਲਣ ਉਪਰੰਤ ਪਰਵਾਰਕ ਮੈਂਬਰ ਨੇ ਜ਼ਖ਼ਮੀ ਹਾਲਤ 'ਚ ਗੁਰਵਿੰਦਰ ਸਿੰਘ ਨੂੰ ਹਸਪਤਾਲ ਪਹੁੰਚਾਇਆ, ਜਿਥੇ ਡਾਕਟਰਾਂ ਨੇ ਉਸ ਨੂੰ ਮ੍ਰਿਤਕ ਕਰਾਰ ਦੇ ਦਿੱਤਾ। ਮ੍ਰਿਤਕ ਗੁਰਵਿੰਦਰ ਸਿੰਘ ਆਪਣੀਆਂ ਦੋ ਭੈਣਾਂ ਦਾ ਇਕਲੌਤਾ ਭਰਾ ਸੀ।

ਦੁਕਾਨਦਾਰਾਂ ਨਵੇਂ ਸਾਲ 'ਤੇ ਲੰਗਰ ਲਗਾਇਆ

ਧੂਰੀ, (ਰਾਜੇਸ਼ਵਰ ਪਿੰਟੂ, ਬਿੰਨੀ ਗਰਗ)-ਧੂਰੀ ਦੀ ਪੁਰਾਣੀ ਕਚਹਿਰੀ ਵਿੱਚ ਦੁਕਾਨਦਾਰਾਂ ਵੱਲੋਂ ਨਵੇਂ ਸਾਲ 2025 ਮੌਕੇ ਲੰਗਰ ਲਗਾਇਆ ਗਿਆ। ਇਸ ਮੌਕੇ ਰਜਿੰਦਰ ਸਿੰਘ ਲੱਧੜ, ਰਵੀ ਕੁਮਾਰ, ਮਨਮੋਹਣੀ, ਸੰਜੀਵ ਬਹਿਲ, ਰਜਨੀਸ਼ ਧੀਰ ਨੇ ਕਿਹਾ ਕਿ ਇਸ ਤੋਂ ਪਹਿਲਾਂ ਸਾਹਿਬਜ਼ਾਦਿਆਂ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਤ ਲੰਗਰ ਲਗਾਇਆ ਜਾਂਦਾ ਹੈ ਹੁਣ ਪੂਰੀ ਜਨਵਰੀ ਦੇ ਮਹੀਨੇ ਇਹ ਲੰਗਰ ਦੀ ਸ਼ੁਰੂਆਤ ਕੀਤੀ ਗਈ। ਉਨ੍ਹਾਂ ਕਿਹਾ ਇਹ ਲੰਗਰ ਵਿੱਚ ਜ਼ਰੂਰਤਮੰਦ ਵਿਅਕਤੀਆਂ ਨੂੰ ਗਰਮ ਕੱਪੜਿਆਂ ਦਾ ਵੀ ਪ੍ਰਬੰਧ ਕੀਤਾ ਗਿਆ ਹੈ।

ਸਿਹਤ ਮੰਤਰੀ ਬਲਬੀਰ ਸਿੰਘ ਵੱਲੋਂ ਹਸਪਤਾਲ ਦਾ ਦੌਰਾ

ਪਟਿਆਲਾ (ਰਾਜਿੰਦਰ, ਸਿੰਘ ਬਿੰਦ)-ਨਵੇਂ ਸਾਲ ਮੌਕੇ ਡਾਕਟਰ ਬਲਬੀਰ ਸਿੰਘ ਸਿਹਤ ਮੰਤਰੀ ਪੰਜਾਬ ਆਪਣੇ ਨਿੱਜੀ ਸਟਾਫ ਨਾਲ ਰਜਿੰਦਰਾ ਹਸਪਤਾਲ ਵਿੱਖੇ ਪੁੱਜੇ, ਜਿੱਥੇ ਉਨ੍ਹਾਂ ਸਫਾਈ ਸੇਵਕ ਅਤੇ ਕਰਮਚਾਰੀਆਂ ਨੂੰ ਆਪ ਨਿੱਜੀ ਤੌਰ 'ਤੇ ਲੰਗਰ ਵਰਤਾ ਕੇ ਸੇਵਾ ਕੀਤੀ । ਜਿਸ ਨਾਲ ਸਫਾਈ ਸੇਵਕਾਂ ਵਿੱਚ ਖੁਸ਼ੀ ਪਾਈ ਜਾ ਰਹੀ ਹੈ। ਉਹਨਾਂ ਦਾ ਕਹਿਣਾ ਹੈ ਕਿ ਇਹ ਰਜਿੰਦਰਾ ਹਸਪਤਾਲ ਦੇ ਇਤਿਹਾਸ ਵਿੱਚ ਪਹਿਲੀ ਵਾਰ ਹੈ ਜਦੋਂ ਕਿਸੇ ਸਿਹਤ ਮੰਤਰੀ ਵੱਲੋਂ ਸਫਾਈ ਸੇਵਕਾਂ ਨਾਲ ਬੈਠ ਕੇ ਲੰਗਰ ਖਾਧਾ ਹੋਵੇ ਅਤੇ ਵਰਤਾਇਆ ਹੋਵੇ। ਰਜਿੰਦਰਾ ਹਸਪਤਾਲ ਦੇ ਮੈਡੀਕਲ ਸੁਪਰਡੈਂਟ ਗਰੀਸ਼ ਸਾਹਨੀ ਨੇ ਵੀ ਡਾਕਟਰ ਬਲਬੀਰ ਸਿੰਘ ਸਿਹਤ ਮੰਤਰੀ ਦੀ ਸ਼ਲਾਘਾ ਕੀਤੀ ਅਤੇ ਕਿਹਾ ਕਿ ਉਹਨਾਂ ਨੂੰ ਹਰ ਕੰਮ ਵਿੱਚ ਸਿਹਤ ਮੰਤਰੀ ਦਾ ਯੋਗਦਾਨ ਅਤੇ ਸਹਾਇਤਾ ਮਿਲ ਰਹੀ ਹੈ ਉਹ ਸਮੇਂ ਸਮੇਂ 'ਤੇ ਹਰ ਕੰਮ ਵਿੱਚ ਸਾਨੂੰ ਦਿਸ਼ਾ ਨਿਰਦੇਸ਼ ਦੇ ਕੇ ਹੋਰ ਵੀ ਚੰਗਾ ਕੰਮ ਕਰਨ ਲਈ ਉਤਸ਼ਾਹਿਤ ਕਰਦੇ ਰਹਿੰਦੇ ਹਨ। ਸਿਹਤ ਮੰਤਰੀ ਨੇ ਇਸ ਮੌਕੇ ਸਫਾਈ ਸੇਵਕਾਂ ਨੂੰ ਗੱਲਬਾਤ ਕਰਦੇ ਹੋਏ ਕਿਹਾ ਕਿ ਉਹ ਮਨ ਲਗਾ ਕੇ ਆਪਣੀ ਡਿਊਟੀ ਨਿਭਾਉਣ ਉਹ ਸਰਕਾਰ ਵੱਲੋਂ ਉਹਨਾਂ ਨੂੰ ਹੋਰ ਵੀ ਬੁਨਿਆਦੀ ਸਹੂਲਤਾਂ ਜਿਵੇਂ ਕਿ ਵਰਦੀ ਆਦਿ ਵੀ ਮੁਹਈਆ ਕਰਵਾਉਣਗੇ। ਇਸ ਮੌਕੇ ਰਜਿੰਦਰਾ ਕਾਲਜ ਤੇ ਰਜਿੰਦਰਾ ਹੋਸਪਿਟਲ ਦੇ ਪ੍ਰਿੰਸੀਪਲ ਰਾਜਨ ਸਿੰਗਲਾ ਅਤੇ ਪੈਸਕੋ ਦੇ ਕਰਨਲ ਸੰਜੀਵ ਸਾਲਵਾਨ ਵੀ ਹਾਜ਼ਰ ਸਨ।

ਫੀਲਡ ਕਾਮਿਆਂ ਵੱਲੋਂ ਮੰਗਾਂ ਸੰਬੰਧੀ 6 ਤੋਂ ਡਵੀਜ਼ਨ ਪੱਧਰੀ ਧਰਨੇ ਦਿੱਤੇ ਜਾਣਗੇ : ਸਿੱਧੂ

ਜ਼ੀਰਾ (ਨਰਿੰਦਰ ਅਨੇਜਾ) ਪੀਡਬਲਯੂਡੀ ਫੀਲਡ ਐਂਡ ਵਰਕਸ਼ਾਪ ਵਰਕਰਜ਼ ਯੂਨੀਅਨ ਪੰਜਾਬ ਦੇ ਐਲਾਨੇ ਐਕਸ਼ਨਾਂ ਤਹਿਤ ਜ਼ਿਲ੍ਹਾ ਕਮੇਟੀ ਫਿਰੋਜ਼ਪੁਰ ਵੱਲੋਂ ਮੁਲਾਜ਼ਮ ਮੰਗਾਂ ਨੂੰ ਲੈ ਕੇ ਡਵੀਜ਼ਨ ਪੱਧਰ 'ਤੇ ਐਕਸੀਅਨ ਗੋਲੇਵਾਲਾ ਡਵੀਜ਼ਨ ਝੋਕ ਰੋਡ ਫਿਰੋਜ਼ਪੁਰ ਨੂੰ ਪੰਜਾਬ ਸਰਕਾਰ ਦੇ ਨਾਮ ਹੇਠ ਮੰਗ ਪੱਤਰ ਦਿੱਤੇ ਜਾਣਗੇ।ਇਸ ਸਬੰਧੀ ਪੀਡਬਲਯੂਡੀਫੀਲਡ ਐਂਡ ਵਰਕਸ਼ਾਪ ਵਰਕਰਜ਼ ਯੂਨੀਅਨ ਪੰਜਾਬ ਜ਼ਿਲ੍ਹਾ ਪ੍ਰਧਾਨ ਗੁਰਦੇਵ ਸਿੰਘ ਸਿੱਧੂ ਦੀ ਪ੍ਰਧਾਨਗੀ ਹੇਠ ਇਕ ਅਹਿਮ ਮੀਟਿੰਗ ਗੋਲੇ ਵਾਲਾ ਡਵੀਜ਼ਨ ਫਿਰੋਜ਼ਪੁਰ ਵਿਖੇ ਹੋਈ।ਮੀਟਿੰਗ ਨੂੰ ਸੰਬੋਧਨ ਕਰਦਿਆਂ ਜ਼ਿਲ੍ਹਾ ਪ੍ਰਧਾਨ ਗੁਰਦੇਵ ਸਿੰਘ ਸਿੱਧੂ ਨੇ ਕਿਹਾ ਕਿ ਫੀਲਡ ਐਂਡ ਵਰਕਸ਼ਾਪ ਵਰਕਰਜ਼ ਯੂਨੀਅਨ ਪੰਜਾਬ ਦੇ ਐਲਾਨ ਤਹਿਤ ਜ਼ਿਲ੍ਹਾ ਫਿਰੋਜ਼ਪੁਰ ਦੇ ਸਮੂਹ ਜ਼ਿਲ੍ਹਾ ਆਗੂ , ਬ੍ਰਾਂਚਾਂ ਦੇ ਪ੍ਰਧਾਨ , ਸਕੱਤਰ ਅਤੇ ਵਰਕਰ ਮੁਲਾਜ਼ਮ ਮੰਗਾਂ ਸਬੰਧੀ ਸੂਬਾਈ ਫੈਸਲੇ ਤਹਿਤ ਮਿਤੀ 6 ਜਨਵਰੀ ਤੋਂ 10 ਜਨਵਰੀ ਤੱਕ ਡਵੀਜ਼ਨ ਪੱਧਰ 'ਤੇ ਧਰਨੇ ਦੇਣਗੇ।ਉਨ੍ਹਾਂ ਕਿਹਾ ਕਿ ਇਸ ਸਬੰਧੀ ਪੰਜਾਬ ਸਰਕਾਰ ਦੇ ਨਾਮ ਹੇਠ ਮੰਗ ਪੱਤਰ ਦਿੱਤਾ ਜਾਵੇਗਾ ਅਤੇ 22 ਜਨਵਰੀ ਨੂੰ ਮੁੱਖ ਦਫਤਰ ਪਟਿਆਲਾ ਵਿਖੇ ਲਾ ਮਿਸਾਲ ਧਰਨਾ ਦਿੱਤਾ ਜਾਵੇਗਾ।ਇਸ ਮੌਕੇ ਮੀਟਿੰਗ ਵਿੱਚ ਸੁਖਦੇਵ ਸਿੰਘ ਮੈਣੀ ਜਨਰਲ ਸਕੱਤਰ, ਸੁਲੱਖਣ ਸਿੰਘ ਸਹਾਇਕ ਸਕੱਤਰ, ਹਰਦੀਪ ਸਿੰਘ, ਰਾਮੇਸ਼ ਕੁਮਾਰ ਕੰਬੋਜ, ਗੁਰਮੀਤ ਸਿੰਘ ਸੰਮੂ, ਬਲਵੰਤ ਸਿੰਘ, ਪੰਮਾ ਸਿੰਘ,ਰਾਜ ਕੁਮਾਰ, ਪ੍ਰਕਾਸ਼ ਚੰਦ, ਤਰਸੇਮ ਸਿੰਘ, ਸੰਜੀਵ ਵਰਮਾ, ਸੰਜੀਵ ਸ਼ਰਮਾ, ਰਾਧੇ ਸ਼ਾਮ, ਗੁਰਜੰਟ ਸਿੰਘ,ਗੌਰਵ ਭਾਟੀਆ ਆਦਿ ਆਗੂਆਂ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਵਰਕਰ ਹਾਜ਼ਰ ਸਨ।

ਡਿਪਟੀ ਕਮਿਸ਼ਨਰ ਦਫ਼ਤਰ ਨੇ ਸੁਖਮਨੀ ਸਾਹਿਬ ਦੇ ਪਾਠ ਤੇ ਸ਼ਬਦ ਕੀਰਤਨ ਨਾਲ ਮਨਾਇਆ ਨਵਾਂ ਸਾਲ

ਪਟਿਆਲਾ (ਬਿੰਦ)-ਨਵੇਂ ਵਰ੍ਹੇ 2025 ਦੀ ਆਮਦ ਮੌਕੇ ਡਿਪਟੀ ਕਮਿਸ਼ਨਰ ਦਫ਼ਤਰ ਦੇ ਸਮੂਹ ਅਧਿਕਾਰੀਆਂ ਤੇ ਕਰਮਚਾਰੀਆਂ ਵੱਲੋਂ ਇੱਥੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਦੇ ਕਮੇਟੀ ਰੂਮ ਵਿਖੇ ਸ੍ਰੀ ਸੁਖਮਨੀ ਸਾਹਿਬ ਦਾ ਪਾਠ ਕਰਵਾਇਆ ਗਿਆ। ਇਸ ਉਪਰੰਤ

2-Jan-PAGE-3.qxd 1/1/2025 10:37 PM Page 1

ਬਿਜਲੀ ਮੁਲਾਜ਼ਮਾਂ ਵੱਲੋਂ 8 ਨੂੰ ਸਮੁੱਚੇ ਪੰਜਾਬ 'ਚ ਕੇਂਦਰ ਖ਼ਿਲਾਫ਼ ਰੋਸ ਪ੍ਰਦਰਸ਼ਨ

ਫਿਰੋਜ਼ਪੁਰ (ਅਸ਼ੋਕ ਸ਼ਰਮਾ)

ਜਨਵਰੀ ਕੇਂਦਰ ਸਰਕਾਰ ਵੱਲੋਂ ਚੰਡੀਗੜ੍ਹ ਬਿਜ਼ਲੀ ਬੋਰਡ ਅਤੇ ਯੂਪੀ ਬਿਜਲੀ ਬੋਰਡ ਨੂੰ ਘਾਟੇ ਵਿੱਚ ਦਿਖਾ ਕੇ ਨਿੱਜੀਕਰਨ ਕਰਨ ਦੇ ਵਿਰੋਧ ਵਿੱਚ ਅਤੇ ਚੰਡੀਗੜ ਅਤੇ ਯੂਪੀ ਮੁਲਾਜ਼ਮਾਂ ਦੇ ਸੰਘਰਸ਼ ਦੇ ਸਮਰਥਨ ਵਿਚ ਟੈਕਨੀਕਲ ਸਰਵਿਸਜ਼ ਯੂਨੀਅਨ ਐਡਹਾਕ ਕਮੇਟੀ ਪੰਜਾਬ ਦੇ ਸੱਦੇ ਉੱਪਰ ਸਮੂਹ ਮੁਲਾਜ਼ਮਾਂ ਵੱਲੋਂ 8 ਜਨਵਰੀ ਨੂੰ ਸ/ਡਵੀਜ਼ਨ/ ਡਵੀਜ਼ਨ ਦਫ਼ਤਰ ਦੇ ਗੇਟ ਅੱਗੇ ਰੋਹ ਭਰਪੂਰ ਰੋਸ ਰੈਲੀਆਂ ਕੀਤੀਆਂ ਜਾਣਗੀਆਂ । ਇਸ ਸੰਘਰਸ਼ ਦਾ ਪ੍ਰਗਟਾਵਾ ਟੈਕਨੀਕਲ ਸਰਵਿਸਜ਼ ਯੂਨੀਅਨ ਐਡਹਾਕ ਸਟੇਟ ਕਮੇਟੀ ਮੈਂਬਰ ਇੰਜ. ਸ਼ਿੰਗਾਰ ਚੰਦ ਮਹਿਰੋਕ ਨੇ ਸਰਕਲ ਫ਼ਿਰੋਜ਼ਪੁਰ ਦੀ ਮੀਟਿੰਗ ਨੂੰ ਸੰਬੋਧਨ ਕਰਦਿਆਂ ਕੀਤਾ। ਅੱਜ ਸਰਕਲ ਫ਼ਿਰੋਜ਼ਪੁਰ ਦੀ ਮੀਟਿੰਗ ਸਾਥੀ ਜਗਤਾਰ ਸਿੰਘ ਪ੍ਰਧਾਨ ਪ੍ਰਧਾਨਗੀ ਹੇਠ ਹੋਈ। ਮੀਟਿੰਗ ਨੂੰ ਸੰਬੋਧਨ ਕਰਦਿਆਂ ਇੰਜ. ਸ਼ਿੰਗਾਰ ਮਹਿਰੋਕ ਨੇ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਚੰਡੀਗੜ੍ਹ ਬਿਜਲੀ ਬੋਰਡ ਅਤੇ ਯੂਪੀ ਬਿਜਲੀ ਬੋਰਡ ਮੁਨਾਫ਼ੇ ਵਿਚ ਹੋਣ ਦੇ ਬਾਵਜੂਦ ਉਸ ਦਾ ਨਿੱਜੀਕਰਨ ਕੀਤਾ ਜਾ ਰਿਹਾ ਹੈ, ਜਿਸ ਨਾਲ ਬਿਜਲੀ ਹੋਰ ਮਹਿੰਗੀ ਹੋ ਜਾਵੇਗੀ ਗਰੀਬੀ ਰੇਖਾ ਤੋਂ ਹੇਠਾਂ ਰਹਿਣ ਵਾਲੇ ਲੋਕ ਬਿਜਲੀ ਬਾਲਣ ਤੋਂ ਵਾਂਝੇ ਹੋ ਜਾਂਣਗੇ। ਜਾਪਦਾ ਇੰਝ ਹੈ ਕਿ ਮੈਨੇਜਮੈਂਟ ਅਤੇ ਕੇਂਦਰ ਸਰਕਾਰਾਂ ਬਿਜਲੀ ਮੁਲਾਜ਼ਮਾਂ ਦੀਆਂ ਮੰਗਾਂ ਪ੍ਰਤੀ ਸੰਜੀਦਾ ਨਹੀਂ ਹੈ। ਆਗੂਆਂ ਵੱਲੋਂ ਦੱਸਿਆ ਗਿਆ ਕਿ ਠੇਕੇਦਾਰੀ ਮਾੜੇ ਸਿਸਟਮ ਕਰਕੇ ਲਗਾਤਾਰ ਹਾਦਸੇ ਵੱਧ ਰਹੇ ਹਨ ਅਤੇ ਬਿਜਲੀ ਕਾਮਿਆਂ ਦੀ ਕੀਮਤੀ ਜਾਨ ਇਨ੍ਹਾਂ ਹਾਦਸਿਆਂ ਕਰਕੇ ਜਾ ਰਹੀ ਹੈ ਅਤੇ ਇਨ੍ਹਾਂ ਸਾਥੀਆਂ ਨੂੰ ਸ਼ਹੀਦ ਦਾ ਦਰਜਾ ਦਿੱਤਾ ਜਾਵੇ ਅਤੇ ਉਸੇ ਤਰਜ ਤੇ ਪਰਿਵਾਰ ਦੀ ਵਿੱਤੀ ਸਹਾਇਤਾ ਕੀਤੀ ਜਾਵੇ। ਭਰਤੀ ਕਰਮਚਾਰੀਆਂ/ ਅਧਿਕਾਰੀਆਂ ਉੱਪਰ ਸੱਤਵੇਂ ਪੇ ਕਮਿਸ਼ਨ ਦੀ ਥਾਂ ਤੇ ਬਿਜਲੀ ਨਿਗਮ ਦੇ ਸਕੇਲ ਲਾਗੂ ਕਰਨ, ਸੋਧੇ ਹੋਏ ਭੱਤਿਆਂ ਦਾ ਬਕਾਇਆ, ਰਹਿੰਦੇ ਭੱਤੇ ਸੋਧਣ, ਇਨ ਹਾਊਸ ਕੰਟਰੈਕਟ ਕਾਮਿਆਂ ਨੂੰ ਪੱਕੇ ਕਰਨ, ਹਰੇਕ ਕੈਟਾਗਰੀ ਦੀਆਂ ਤਰੱਕੀਆਂ ਵਿੱਚ ਤੇਜੀ ਲਿਆਉਣ, ਮ੍ਰਿਤਕ ਕਰਮਚਾਰੀਆਂ ਦੇ ਵਾਰਿਸਾਂ ਨੂੰ ਯੋਗ ਨੌਕਰੀ ਦੇਣ, ਖ਼ਾਲੀ ਅਸਾਮੀਆਂ ਤਰੱਕੀ, ਨਵੀਂ ਭਰਤੀ ਰਾਹੀਂ ਪੋਸਟਾਂ ਭਰਨ ਆਦਿ। ਆਗੂਆਂ ਵੱਲੋਂ ਦੱਸਿਆ ਗਿਆ ਕਿ ਬਿਜਲੀ ਅਦਾਰਾ ਇੱਕ ਬੇਹੱਦ ਮਹੱਤਵਪੂਰਨ ਅਦਾਰਾ ਹੈ, ਪਰ ਸਰਕਾਰ ਵੱਲੋਂ ਇਸ ਅਦਾਰੇ ਵਿੱਚ ਕੰਮ ਕਰਦੇ ਕਾਮਿਆਂ ਦੀ ਸਾਰ ਨਹੀਂ ਲਈ ਜਾ ਰਹੀ। ਆਗੂਆਂ ਨੇ ਮੈਨੇਜਮੈਂਟ ਕੇਂਦਰ ਸਰਕਾਰ ਨੂੰ ਚੇਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਕੇਂਦਰ ਸਰਕਾਰ ਨੇ ਚੰਡੀਗੜ੍ਹ ਤੇ ਯੂਪੀ ਬਿਜਲੀ ਬੋਰਡ ਦਾ ਨਿੱਜੀਕਰਨ ਰੋਕਣਾ ਚਾਹੀਦਾ ਹੈ ਨਹੀਂ ਤਾਂ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ। ਜਿਸਦੀ ਸਾਰੀ ਜ਼ਿੰਮੇਵਾਰੀ ਕੇਂਦਰ ਸਰਕਾਰ ਦੀ ਹੋਵੇਗੀ। ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਸਰਕਲ ਮੀਤ ਪ੍ਰਧਾਨ ਮਨਜੀਤ ਸਿੰਘ, ਕੈਸ਼ੀਅਰ ਸੁਭਾਸ਼ ਚੰਦਰ, ਸ਼ਹਿਰੀ ਡਵੀਜ਼ਨ ਫਿਰੋਜ਼ਪੁਰ ਪ੍ਰਧਾਨ ਰਮਨਦੀਪ, ਸ/ਅ ਡਵੀਜ਼ਨ ਪ੍ਰਧਾਨ ਰਜੇਸ਼ ਦੇਵਗਨ, ਜਲਾਲਾਬਾਦ ਡਵੀਜ਼ਨ ਸਕੱਤਰ ਸੰਦੀਪ ਕੁਮਾਰ, ਜ਼ੀਰਾ ਡਵੀਜ਼ਨ ਪ੍ਰਧਾਨ ਸੁਖਦੇਵ ਸਿੰਘ, ਰਵੀ ਸ਼ਰਮਾ ਬਜ਼ੀਦਪੁਰ ਆਦਿ ਨੇ ਵੀ ਸੰਬੋਧਨ ਕੀਤਾ।

ਮੁਦਰਾ ਲੋਨ ਦੇ ਨਾਂਅ 'ਤੇ 5 ਲੱਖ ਦੀ ਠੱਗੀ, ਮਾਮਲਾ ਦਰਜ

ਫਿਰੋਜ਼ਪੁਰ (ਅਸ਼ੋਕ ਸ਼ਰਮਾ)

ਫਿਰੋਜ਼ਪੁਰ 'ਚ ਇਕ ਵਿਅਕਤੀ ਨੂੰ 60 ਹਜ਼ਾਰ ਰੁਪਏ ਦਾ ਮੁਦਰਾ ਲੋਨ ਦੱਸ ਕੇ ਉਸ ਪਾਸੋਂ 5 ਲੱਖ ਰੁਪਏ ਦੀ ਠੱਗੀ ਮਾਰਨ ਵਾਲੇ ਬੈਂਕ ਮੈਨੇਜਰ ਸਮੇਤ 6 ਵਿਅਕਤੀਆਂ ਖਿਲਾਫ ਥਾਣਾ ਸਿਟੀ ਫਿਰੋਜਪੁਰ ਪੁਲਸ ਨੇ 420, 120-ਬੀ ਆਈ ਪੀ ਸੀ ਤਹਿਤ ਮਾਮਲਾ ਦਰਜ ਕੀਤਾ ਹੈ। ਜਾਣਕਾਰੀ ਦਿੰਦੇ ਹੋਏ ਸਹਾਇਕ ਥਾਣੇਦਾਰ ਲਖਵਿੰਦਰ ਸਿੰਘ ਨੇ ਦੱਸਿਆ ਕਿ ਦਰਖਾਸਤ/ਯੂ ਆਈ ਡੀ ਨੰਬਰ 404950 ਰਾਹੀਂ ਸੰਦੀਪ ਕਾਲੀਆ ਪੁੱਤਰ ਰਾਮ ਪ੍ਰਕਾਸ਼ ਕਾਲੀਆ ਵਾਸੀ ਮਕਾਨ ਨੰਬਰ 47 ਕੂਚਾ ਬਰਕਤ ਰਾਮ ਸਿਟੀ ਫਿਰੋਜ਼ਪੁਰ ਨੇ ਦੱਸਿਆ ਕਿ ਦੋਸ਼ੀਅਨ ਸੁਮਿਤ ਚਨਾਲੀਆ ਬੈਂਕ ਮੈਨੇਜਰ ਇੰਡੀਅਨ ਓਵਰਸੀਜ਼ ਬੈਂਕ ਸਿਟੀ ਫਿਰੋਜ਼ਪੁਰ, ਗਗਨਦੀਪ ਸਿੰਘ ਪੁੱਤਰ ਲਾਲ ਵਾਸੀ ਛੱਤੀ ਗਲੀ, ਕੂਚਾ ਬਰਕਤ ਰਾਮ ਸਿਟੀ ਫਿਰੋਜ਼ਪੁਰ, ਦੀਪਕ ਸ਼ਰਮਾ ਪੁੱਤਰ ਵਿਸ਼ਨੂੰ ਦਾਸ, ਰਚਿਤ ਗਰੋਵਰ ਪੁੱਤਰ ਰਮੇਸ਼ ਗਰੋਵਰ, ਸਤਪਾਲ ਗਰੋਵਰ ਅਤੇ ਕਾਰਤਿਕ ਗਰੋਵਰ ਪੁੱਤਰ ਸਤਪਾਲ ਗਰੋਵਰ ਵਾਸੀਅਨ ਕੇਵੀਐੱਮ ਕਲੋਨੀ ਕੱਚਾ ਜ਼ੀਰਾ ਰੋਡ ਸਿਟੀ ਫਿਰੋਜ਼ਪੁਰ ਮਾਲਕ ਗਲੋਬਲ ਇੰਗ. ਖਰੜ ਸੈਕਟਰ 42 ਚੰਡੀਗੜ੍ਹ ਨੇ ਆਪਸ ਵਿਚ ਸਾਜ ਬਾਜ ਹੋ ਕੇ ਉਸ ਨੂੰ ਮੁਦਰਾ ਲੋਨ 60 ਹਜ਼ਾਰ ਰੁਪਏ ਦੱਸ ਕੇ ਉਸ ਪਾਸੋਂ 5 ਲੱਖ ਦੇ ਲੋਨ ਦਰਖਾਸਤਾਂ ਉਪਰ ਅਤੇ ਖਾਲੀ ਚੈੱਕਾਂ ਉਪਰ ਦਸਤਖਤ ਕਰਵਾ ਕੇ 5 ਲੱਖ ਰੁਪਏ ਦਾ ਲੋਨ ਮਨਜ਼ੂਰ ਕਰਵਾ ਲਿਆ। ਸੰਦੀਪ ਕਾਲੀਆ ਨੇ ਦੱਸਿਆ ਕਿ ਉਸ ਨੂੰ ਸਿਰਫ 45 ਹਜ਼ਾਰ ਰੁਪਏ ਦਿੱਤੇ ਤੇ ਬਾਕੀ ਰਕਮ ਗਲੋਬਲ ਇੰਗ. ਖਰੜ ਫਰਮ ਦੇ ਖਾਤੇ ਵਿਚ ਟਰਾਂਸਫਰ ਕਰ ਦਿੱਤੇ ਤੇ ਦੋਸ਼ੀਅਨ ਨੇ ਆਪ ਹੀ ਖਾਤੇ ਵਿਚੋਂ ਰਕਮ ਕਢਵਾ ਲਈ। ਸੰਦੀਪ ਕਾਲੀਆ ਨੇ ਦੱਸਿਆ ਕਿ ਇਸ ਤਰ੍ਹਾਂ ਉਕਤ ਦੋਸ਼ੀਅਨ ਨੇ ਮਿਲੀਭੁਗਤ ਕਰਕੇ ਉਸ ਨਾਲ ਠੱਗੀ ਮਾਰੀ ਹੈ। ਇਸ ਮਾਮਲੇ ਦੀ ਜਾਂਚ ਕਰ ਰਹੇ ਸਹਾਇਕ ਥਾਣੇਦਾਰ ਲਖਵਿੰਦਰ ਸਿੰਘ ਨੇ ਦੱਸਿਆ ਕਿ ਪੁਲਿਸ ਨੇ ਬਾਅਦ ਪੜਤਾਲ ਉਕਤ ਦੋਸ਼ੀਅਨ ਖਿਲਾਫ ਮੁਕੱਦਮਾ ਦਰਜ ਰਜਿਸਟਰ ਕੀਤਾ ਗਿਆ ਹੈ।

ਫਿਲੌਰ ਦੇ ਪ੍ਰਾਚੀਨ ਸ਼ਿਵ ਮੰਦਿਰ ਤਹਿਸੀਲ ਕੰਪਲੈਕਸ ਵਿਖੇ ਨਵੇਂ ਸਾਲ ਦੀ ਆਮਦ 'ਤੇ ਚਾਹ-ਪਕੌੜਿਆਂ ਦੇ ਲੰਗਰ ਮੌਕੇ ਖੜ੍ਹੇ ਪ੍ਰਬੰਧਕ। (ਫੋਟੋ ਤੇ ਵੇਰਵਾ : ਬੀ ਐੱਸ ਕੈਨੈਡੀ)

ਮਿਸ਼ਨ ਲਾਲੀ ਤੇ ਹਰਿਆਲੀ ਤਹਿਤ 2024 'ਚ 73 ਖ਼ੂਨਦਾਨ ਕੈਂਪਾਂ ਰਾਹੀਂ 1587 ਯੂਨਿਟ ਖ਼ੂਨ ਕੀਤਾ ਇਕੱਤਰ

ਪਟਿਆਲਾ, (ਰਾਜਿੰਦਰ ਸਿੰਘ ਬਿੰਦ)

ਲੋੜਵੰਦ ਮਰੀਜ਼ਾਂ ਦੀ ਜਾਨ ਬਚਾਉਣ ਲਈ ਯੂਨੀਵਰਸਲ ਵੈਲਫੇਅਰ ਕਲੱਬ ਪੰਜਾਬ ਤੇ ਹਿਊਮਨ ਵੈਲਫੇਅਰ ਫਾਊਂਡੇਸ਼ਨ ਮਿਸ਼ਨ ਲਾਲੀ ਤੇ ਹਰਿਆਲੀ ਗਰੁੱਪ ਵੱਲੋਂ ਪਿਛਲੇ 19 ਸਾਲਾਂ ਤੋਂ ਖ਼ੂਨਦਾਨ ਕੈਂਪ ਲਗਾਉਣ ਦੀ ਆਰੰਭੀ ਸੇਵਾ ਵਿਚ ਸਾਲ 2024 ਵਿਚ ਸਹਿਯੋਗੀ ਸੰਸਥਾਵਾਂ ਦੇ ਸਹਿਯੋਗ ਨਾਲ 73 ਖ਼ੂਨਦਾਨ ਕੈਂਪ ਲਗਾ ਕੇ 1587 ਯੂਨਿਟ ਖ਼ੂਨ ਇਕੱਤਰ ਕਰਕੇ ਵੱਖ-ਵੱਖ ਬਲੱਡ ਸੈਂਟਰਾਂ ਵਿਚ ਜਮ੍ਹਾਂ ਕਰਵਾਏ।ਮਿਸ਼ਨ ਲਾਲੀ ਤੇ ਹਰਿਆਲੀ ਦੇ ਮੋਢੀ ਤੇ ਮਾਸਟਰ ਮੋਟੀਵੇਟਰ ਹਰਦੀਪ ਸਿੰਘ ਸਨੌਰ ਨੇ ਦੱਸਿਆ ਕਿ ਗਰੁੱਪ ਵੱਲੋਂ ਪਿਛਲੇ 12 ਸਾਲਾਂ ਤੋਂ ਲਗਾਤਾਰ ਹਰ ਮਹੀਨੇ 5 ਅਤੇ 20 ਤਰੀਕ ਨੂੰ ਬਲੱਡ ਬੈਂਕ, ਸਰਕਾਰੀ ਰਜਿੰਦਰਾ ਹਸਪਤਾਲ, ਪਟਿਆਲਾ ਵਿਖੇ ਸਵੇਰੇ 9 ਵਜੇ ਤੋਂ 1 ਵਜੇ ਤੱਕ ਪਹੁੰਚ ਕੇ ਖ਼ੂਨ ਦਾਨ ਕਰਦੇ ਹਨ।ਖ਼ੂਨਦਾਨੀਆਂ ਨੂੰ ਇਸ ਮਹਾਨ ਸੇਵਾ ਨਾਲ ਜੋੜਨ ਲਈ ਸੰਸਥਾ ਦੇ 'ਗੀਮਾਈਂਡਰ ਕਾਰਡ' ਦੀ ਆਪਣੀ ਹੀ ਵਿਲੱਖਣਤਾ ਹੈ, ਜਿਸ ਤੇ ਖ਼ੂਨ ਦਾਨ ਕਰਨ ਦੀ ਮੌਜੂਦਾ ਮਿਤੀ ਅਤੇ ਤਿੰਨ ਮਹੀਨੇ ਬਾਅਦ ਮੁੜ ਖ਼ੂਨ ਦਾਨ ਕਰਨ ਦੀ ਮਿਤੀ, ਖ਼ੂਨਦਾਨ ਕਰਨ ਤੋਂ ਪਹਿਲਾਂ ਅਤੇ ਬਾਅਦ ਵਿਚ ਧਿਆਨ ਰੱਖਣ ਯੋਗ ਗੱਲਾਂ ਦਰਜ ਹਨ। ਗਰੁੱਪ ਦੀ ਬੇਨਤੀ ਤੇ ਬਲੱਡ ਬੈਂਕ ਵੱਲੋਂ ਰੈਗੂਲਰ ਡੋਨਰਾਂ ਨੂੰ 'ਰੈਗੂਲਰ ਬਲੱਡ ਡੋਨਰ ਕਾਰਡ' ਵੀ ਬਣਾ ਕੇ ਦਿੱਤਾ ਜਾ ਰਿਹਾ ਹੈ।ਗਰੁੱਪ ਨਾਲ ਜੁੜ ਕੇ 10 ਤੋਂ ਵੱਧ ਵਾਰ ਖ਼ੂਨਦਾਨ ਕਰਨ ਵਾਲੇ ਸੈਂਕੜੇ ਹੀ ਡੋਨਰਾਂ ਨੂੰ ਕਈ ਵਾਰ ਸਨਮਾਨਤ ਕੀਤਾ ਜਾ ਚੁੱਕਾ ਹੈ ਤਾਂ ਹੋਰਨਾਂ ਤੰਦਰੁਸਤ ਨੌਜਵਾਨਾਂ ਨੂੰ ਪ੍ਰੇਰਣਾ ਮਿਲ ਸਕੇ। ਗਰੁੱਪ ਵੱਲੋਂ ਹੁਣ ਤੱਕ 1025 ਖ਼ੂਨਦਾਨ ਕੈਂਪਾਂ ਰਾਹੀਂ 35000 ਤੋਂ ਵੱਧ ਯੂਨਿਟ ਖ਼ੂਨ ਇਕੱਤਰ ਕੀਤਾ ਜਾ ਚੁੱਕਾ ਹੈ ਅਤੇ ਇਹ ਸੇਵਾ ਲਗਾਤਾਰ ਜਾਰੀ ਹੈ। ਗਰੁੱਪ ਵੱਲੋਂ ਹੁਣ ਤੱਕ ਵਿਆਹ ਸਮਾਗਮਾਂ *ਤੇ 3 ਕੈਂਪ, ਭੋਗ ਸਮਾਗਮਾਂ ਤੇ 25 ਕੈਂਪ, ਮੇਰੇ ਘਰ ਖ਼ੂਨਦਾਨ ਕੈਂਪ ਮੁਹਿੰਮ ਤਹਿਤ 4 ਕੈਂਪ ਅਤੇ ਅਨੇਕਾਂ ਨਵੀਆਂ ਥਾਵਾਂ ਤੇ ਪਹਿਲਾ ਖ਼ੂਨਦਾਨ ਕੈਂਪ ਲਗਾਉਣ ਵਿਚ ਵੱਡਾ ਮਾਅਰਕਾ ਮਾਰਿਆ ਹੈ। ਗਰੁੱਪ ਵੱਲੋਂ ਅਨੇਕਾਂ ਹੀ ਖ਼ੂਨਦਾਨ ਕੈਂਪ ਪ੍ਰਬੰਧਕ ਤੇ ਮੋਟੀਵੇਟਰ ਤਿਆਰ ਕੀਤੇ ਗਏ ਹਨ ਜੋ ਆਪੋ ਆਪਣੇ ਖੇਤਰਾਂ ਵਿਚ ਮਨੁੱਖਤਾ ਦੇ ਭਲੇ ਦੀਆਂ ਸੇਵਾਵਾਂ ਨਿਭਾ ਰਹੇ ਹਨ। ਇਸ ਮੌਕੇ ਹਰਦੀਪ ਸਿੰਘ ਸਨੌਰ ਨੇ ਪੰਜਾਬ ਸਰਕਾਰ ਪਾਸੋਂ ਮੰਗ ਕਰਦਿਆਂ ਕਿਹਾ ਕਿ ਖ਼ੂਨਦਾਨੀਆਂ ਦੀ ਭਲਾਈ ਲਈ ਸੂਬਾ ਸਰਕਾਰ 'ਬਲੱਡ ਡੋਨਰਜ਼ ਵੈਲਫੇਅਰ ਬੋਰਡ' ਦਾ ਗਠਨ ਕਰੇ ਤਾਂ ਜੋ ਵੱਧ ਤੋਂ ਵੱਧ ਨੌਜਵਾਨ ਨਸ਼ਿਆਂ ਤੋਂ ਦੂਰ ਹੋ ਕੇ ਪਰਉਪਕਾਰ ਦੀ ਇਸ ਮਹਾਨ ਸੇਵਾ ਨਾਲ ਜੁੜ ਕੇ ਮਾਣ ਮਹਿਸੂਸ ਕਰਨ।

ਬੰਦ ਕਮਰੇ 'ਚ ਅੰਗੀਠੀ ਨਾ ਬਾਲੀ ਜਾਵੇ : ਡਾ. ਐਰਿਕ

ਫਾਜ਼ਿਲਕਾ, (ਨਿਸ਼ਾ ਸ਼ਰਮਾ)

ਪਿਛਲੇ ਦਿਨਾਂ ਤੋਂ ਲਗਾਤਾਰ ਪੈ ਰਹੀ ਸਰਦੀ ਨਾਲ ਆਮ ਜਨ-ਜੀਵਨ ਪ੍ਰਭਾਵਿਤ ਹੋਇਆ ਹੈ, ਜਿਸ ਨਾਲ ਇਲਾਕੇ ਵਿਚ ਸੀਤ ਲਹਿਰ ਨੇ ਹੋਰ ਜ਼ੋਰ ਫੜ ਲਿਆ ਹੈ। ਜਿਲ੍ਹਾ ਸਿਹਤ ਵਿਭਾਗ ਫਾਜਿਲਕਾ ਨੇ ਸੀਤ ਲਹਿਰ ਦੇ ਚੱਲਦਿਆ ਇਸ ਤੋਂ ਬਚਾਅ ਸੰਬੰਧੀ ਜਿਲ੍ਹਾ ਵਾਸੀਆਂ ਲਈ ਸੁਝਾਅ ਦਿੱਤੇ ਹਨ।

ਸਿਵਲ ਸਰਜਨ ਡਾ. ਲਹਿੰਬਰ ਰਾਮ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਡਾ ਕਵਿਤਾ ਸਿੰਘ ਅਤੇ ਡਾ. ਐਰਿਕ ਨੇ ਦੱਸਿਆ ਕਿ ਖੁਸ਼ਕ ਸਰਦੀ ਦੇ ਮੌਸਮ ਵਿਚ ਬੱਚੇ, ਬਜ਼ੁਰਗ ਤੇ ਨੌਜਵਾਨ ਖੰਘ, ਜੁਕਾਮ, ਗਲਾ ਖਰਾਬ ਅਤੇ ਬੁਖਾਰ ਦੀ ਲਪੇਟ ਵਿਚ ਆ ਰਹੇ ਸਨ।ਇਹੋ ਜਿਹੇ ਮੌਸਮ ਵਿੱਚ ਬਜ਼ੁਰਗਾਂ ਅਤੇ ਬੱਚਿਆਂ ਲਈ ਠੰਢ ਵਿਚ ਜ਼ਿਆਦਾ ਦੇਰ ਰਹਿਣ ਨਾਲ ਗੰਭੀਰ ਮੈਡੀਕਲ ਸਥਿਤੀ ਪੈਦਾ ਹੋ ਸਕਦੀ ਹੈ।ਇਸ ਲਈ ਬਜ਼ੁਰਗ, ਬੱਚੇ ਅਤੇ ਦਿਲ ਦੇ ਰੋਗਾਂ ਦੇ ਮਰੀਜ਼ ਸਵੇਰ ਅਤੇ ਦੇਰ ਸ਼ਾਮ ਦੇ ਸਮੇਂ ਜ਼ਿਆਦਾ ਠੰਢ ਅਤੇ ਧੁੰਦ ਹੋਣ ਤੇ ਸੈਰ ਕਰਨ ਜਾ ਘਰੋਂ ਬਾਹਰ ਜਾਣ ਤੋਂ ਗੁਰੇਜ ਕਰਨ।ਛੋਟੇ ਬੱਚਿਆ ਨੂੰ ਇਸ ਮੌਸਮ ਵਿਚ ਨਿਮੋਨੀਆ ਹੋਣ ਦਾ ਖਤਰਾ ਜ਼ਿਆਦਾ ਰਹਿੰਦਾ ਹੈ ਅਤੇ ਠੰਢ ਲੱਗਣ ਨਾਲ ਛੋਟੇ ਬੱਚਿਆਂ ਨੂੰ ਉਲਟੀ, ਦਸਤ ਵੀ ਲੱਗ ਸਕਦੇ ਹਨੇ।ਇਸ ਲਈ ਬੱਚਿਆਂ ਦੀ ਸੰਭਾਲ ਵੱਲ ਵਿਸ਼ੇਸ਼ ਧਿਆਨ ਦੇਣ ਦੀ ਲੋੜ ਹੈ।ਇਸ ਲਈ ਛੋਟੇ ਬੱਚਿਆ ਨੂੰ ਪੂਰੀ ਤਰ੍ਹਾਂ ਸਰੀਰ ਢੱਕਣ ਵਾਲੇ ਗਰਮ ਕੱਪੜੇ ਪਾਉਣ ਦੇ ਨਾਲ ਸਿਰ ਤੇ ਟੋਪੀ ਅਤੇ ਪੈਰਾਂ ਵਿੱਚ ਜੁਰਾਬਾਂ ਜ਼ਰੂਰ ਪਾਈਆ ਜਾਣ।ਉਹਨਾਂ ਦੱਸਿਆ ਕਿ ਸਰੀਰ ਦੇ ਤਾਪਮਾਨ ਵਿਚ ਗਿਰਾਵਟ ਨਾਲ ਬੋਲਣ ਵਿਚ ਕੰਬਣੀ, ਨੀਂਦ ਆਉਣਾ, ਮਾਸਪੇਸ਼ੀਆ ਦੀ ਕਠੋਰਤਾ ਅਤੇ ਸਾਹ ਲੈਣ ਵਿੱਚ ਮੁਸ਼ਕਲ ਹੋ ਸਕਦੀ ਹੈ। ਉਹਨਾਂ ਦੱਸਿਆ ਕਿ ਕਾਂਬੇ ਨੂੰ ਨਜ਼ਰ ਅੰਦਾਜ਼ ਨਾ ਕਰੋ, ਕਿਉਂਕਿ ਇਹ ਸਰੀਰ ਵਿਚ ਗਰਮੀ ਦੀ ਕਮੀ ਦੇ ਸ਼ੁਰੂਆਤੀ ਲੱਛਣਾਂ ਵਿੱਚੋਂ ਇੱਕ ਹਨ।ਉਹਨਾਂ ਕਿਹਾ ਕਿ ਠੰਢ ਤੋਂ ਬਚਾਅ ਲਈ ਗਰਮ ਕੱਪੜੇ ਪਾਓ।ਭਾਰੀ ਕੱਪੜਿਆਂ ਦੀ ਇਕ ਪਰਤ ਦੀ ਬਜਾਏ ਹਲਕੇ ਭਾਰ ਵਾਲੇ ਕੱਪੜਿਆ ਦੀਆਂ ਕਈ ਪਰਤਾਂ ਵਾਲੇ ਕੱਪੜੇ ਪਾਏ ਜਾਣ, ਕਿਉਂਕਿ ਤੰਗ ਕੱਪੜੇ ਖ਼ੂਨ ਦੇ ਪ੍ਰਵਾਹ ਨੂੰ ਘਟਾਉਂਦੇ ਹਨ।

ਉਹਨਾਂ ਕਿਹਾ ਕਿ ਠੰਢ ਵਿਚ ਗਰਮ ਤਰਲ ਪਦਾਰਥਾਂ ਦਾ ਜ਼ਿਆਦਾ ਪ੍ਰਯੋਗ ਕੀਤਾ ਜਾਵੇ, ਕਿਉਂਕਿ ਇਹ ਠੰਢ ਦੀ ਲਹਿਰ ਨਾਲ ਲੜਨ ਲਈ ਸਰੀਰ ਦੀ ਗਰਮੀ ਨੂੰ ਬਰਕਰਾਰ ਰੱਖੇਗਾ। ਲੋੜੀਦੀ ਪ੍ਰਤੀਰੋਧਕ ਸ਼ਕਤੀ ਬਣਾਈ ਰੱਖਣ ਲਈ ਵਿਟਾਮਿਨ-ਸੀ ਨਾਲ ਭਰਪੂਰ ਫਲ ਅਤੇ ਸਬਜ਼ੀਆ ਖਾਓ। ਠੰਢ ਵਿਚ ਘਰਾ ਅੰਦਰ ਬੰਦ ਕਮਰੇ ਵਿਚ ਅੰਗੀਠੀ ਬਾਲ ਕੇ ਕਦੇ ਵੀ ਅੱਗ ਨਾ ਸੇਕੀ ਜਾਵੇ, ਕਿਉਂਕਿ ਅੱਗ ਬਲਣ ਨਾਲ ਕਾਰਬਨ ਮੋਨੋਆਕਸਾਈਡ ਗੈਸ ਬਣਦੀ ਹੈ ਅਤੇ ਜਿਸ ਨਾਲ ਬੰਦ ਕਮਰੇ ਵਿਚ ਆਕਸੀਜਨ ਦੀ ਕਮੀ ਹੋ ਜਾਦੀ ਹੈ।ਜੋ ਕਿ ਸਾਡੇ ਲਈ ਜਾਨਲੇਵਾ ਵੀ ਸਾਬਤ ਹੋ ਸਕਦੀ ਹੈ।ਅਲਕੋਹਲ ਤੋਂ ਬਚਣਾ ਚਾਹੀਦਾ ਹੈ, ਕਿਉਂਕਿ ਇਹ ਮਨੁਖੀ ਸਰੀਰ ਦਾ ਤਾਪਮਾਨ ਘਟਾਉਂਦਾ ਹੈ ਅਤੇ ਹਾਈਪੋਥਰਮੀਆ ਦੇ ਜੋਖਮ ਨੂੰ ਵਧਾਉਂਦਾ ਹੈ। ਤਾਪਮਾਨ ਘੱਟ ਜਾਂਦਾ ਹੈ ਤੇ ਘਬਰਾਹਟ ਵੱਧ ਜਾਂਦੀ ਹੈ

ਭਾਕਿਯੂ ਡਕੌਂਦਾ ਵੱਲੋਂ ਕਿਸਾਨ ਮਹਾਂ-ਪੰਚਾਇਤਾਂ 'ਚ ਭਰਵੀਂ ਸ਼ਮੂਲੀਅਤ ਯਕੀਨੀ ਬਨਾਉਣ ਲਈ ਮੀਟਿੰਗਾਂ

ਮਹਿਲ ਕਲਾਂ, (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)

ਭਾਕਿਯੂ ਡਕੌਂਦਾ (ਧਨੇਰ) ਬਲਾਕ ਮਹਿਲ ਕਲਾਂ ਦੀ ਇਕੱਤਰਤਾ ਇਥੇ ਹੋਈ। ਇਸ ਮੌਕੇ ਬੋਲਦਿਆ ਜ਼ਿਲ੍ਹਾ ਆਗੂ ਜਗਰਾਜ ਸਿੰਘ ਹਰਦਾਸਪੁਰਾ ਨੇ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਦਿੱਲੀ ਕਿਸਾਨ ਅੰਦੋਲਨ ਦੌਰਾਨ ਮੰਨੀਆ ਮੰਗਾਂ ਅੱਜ ਤੱਕ ਵੀ ਲਾਗੂ ਨਾ ਕੀਤੇ ਜਾਣ, ਸਗੋਂ ਬਦਲਵੇਂ ਰੂਪ 'ਚ ਨਵੇਂ ਮਾਰੂ ਕਾਨੂੰਨ ਲਿਆ ਕੇ ਕਿਸਾਨਾਂ,

2-jan-PAGE-4.qxd 1/1/2025 10:37 PM Page 1

ਨਵਾਂ ਜ਼ਮਾਨਾ
ਵੀਰਵਾਰ, 2 ਜਨਵਰੀ 2025

ਬਿਹਾਰ ਦਾ ਵਿਦਿਆਰਥੀ ਅੰਦੋਲਨ

ਬਿਹਾਰ ਦੇ ਵਿਦਿਆਰਥੀਆਂ ਦਾ ਅੰਦੋਲਨ ਕੌਮੀ ਮੀਡੀਆ 'ਚ ਭਾਵੇਂ ਸੁਰਖੀਆਂ ਨਾ ਬਣ ਰਿਹਾ ਹੋਵੇ, ਪਰ ਸੂਬੇ 'ਚ ਵੱਡਾ ਸਿਆਸੀ ਮੁੱਦਾ ਬਣ ਚੁੱਕਾ ਹੈ। ਪਹਿਲਾਂ ਅਲਾਹਾਬਾਦ ਅਤੇ ਹੁਣ ਪਟਨਾ ਤੇ ਪੂਰੇ ਬਿਹਾਰ 'ਚ ਭਾਰੀ ਦਮਨ ਦੇ ਬਾਵਜੂਦ ਵਿਦਿਆਰਥੀਆਂ-ਨੌਜਵਾਨਾਂ ਦੀ ਲਲਕਾਰ ਸਬੂਤ ਹੈ ਕਿ ਰੁਜ਼ਗਾਰ ਦਾ ਸਵਾਲ ਵਿਸਫੋਟਕ ਆਯਾਮ ਅਖਤਿਆਰ ਕਰਦਾ ਜਾ ਰਿਹਾ ਹੈ। ਕੀ ਬਿਹਾਰ ਦਾ ਵਿਦਿਆਰਥੀ ਅੰਦੋਲਨ ਜਨ-ਅੰਦੋਲਨ ਬਣੇਗਾ ਤੇ ਬਿਹਾਰ ਇੱਕ ਵਾਰ ਫਿਰ ਦੇਸ਼ ਨੂੰ ਰਾਹ ਦਿਖਾਵੇਗਾ?

ਬਿਹਾਰ ਵਿੱਚ ਐਮਰਜੈਂਸੀ ਨਾਲੋਂ ਵੀ ਵੱਡੀ ਅਣਐਲਾਨੀ ਐਮਰਜੈਂਸੀ ਹੈ। ਪ੍ਰੋਟੈਸਟ ਦੇ ਹਰ ਤਰੀਕੇ 'ਤੇ ਰੋਕ ਹੈ। ਗਾਂਧੀ ਦੇ ਬੁੱਤ ਦੇ ਥੱਲੇ ਜੇ ਕੋਈ ਇਨਸਾਫ ਲਈ ਸਤਿਆਗ੍ਰਹਿ ਕਰਦਾ ਹੈ ਤਾਂ ਉਸ 'ਤੇ ਵੀ ਡਾਂਗਾਂ ਵਰ੍ਹਾਈਆਂ ਜਾਂਦੀਆਂ ਹਨ। ਜਲੂਸ 'ਤੇ ਯਕ਼ ਰਾਤ ਨੂੰ ਪਾਣੀ ਦੀਆਂ ਬੁਛਾੜਾਂ ਮਾਰੀਆਂ ਜਾਂਦੀਆਂ ਹਨ। ਮੁਜ਼ਾਹਰਾਕਾਰੀਆਂ ਤੋਂ ਆਧਾਰ ਕਾਰਡ ਮੰਗੇ ਜਾਂਦੇ ਹਨ। ਮੁੱਖ ਮੰਤਰੀ ਨਿਤੀਸ਼ ਕੁਮਾਰ ਦੇ ਪ੍ਰੋਗਰਾਮ ਤੋਂ ਪਹਿਲਾਂ ਆਗੂਆਂ ਨੂੰ ਘਰੋਂ ਚੁੱਕ ਲਿਆ ਜਾਂਦਾ ਹੈ। ਸਰਕਾਰ ਏਨੀ ਡਰੀ ਹੋਈ ਹੈ ਕਿ ਵਿਧਾਨ ਸਭਾ ਤੇ ਵਿਧਾਨ ਪ੍ਰੀਸ਼ਦ ਦੇ ਮੈਂਬਰਾਂ ਨੂੰ ਵਿਧਾਨ ਸਭਾ ਗੇਟ ਤੋਂ ਰਾਜ ਭਵਨ ਤੱਕ ਜਾਣ ਦੀ ਆਗਿਆ ਨਹੀਂ ਦਿੰਦੀ।

ਵਿਦਿਆਰਥੀ ਅੰਦੋਲਨ ਬਿਹਾਰ ਪਬਲਿਕ ਸਰਵਿਸ ਕਮਿਸ਼ਨ (ਬੀ ਪੀ ਐੱਸ ਸੀ) ਦੀ 70ਵੀਂ ਮੁਢਲੀ ਪ੍ਰੀਖਿਆ ਵਿੱਚ ਗੜਬੜੀ ਵਿਰੁੱਧ ਪ੍ਰੋਟੈਸਟ ਨਾਲ ਸ਼ੁਰੂ ਹੋਇਆ ਹੈ। ਪ੍ਰੀਖਿਆਰਥੀਆਂ ਦਾ ਦੋਸ਼ ਹੈ ਕਿ ਲੰਘੀ 13 ਦਸੰਬਰ ਨੂੰ ਹੋਈ ਪ੍ਰੀਖਿਆ ਦਾ ਪੇਪਰ ਲੀਕ ਹੋਇਆ। ਕਮਿਸ਼ਨ ਤੇ ਸੂਬਾ ਸਰਕਾਰ ਪਟਨਾ ਦੇ ਬਾਪੂ ਪ੍ਰੀਖਿਆ ਕੇਂਦਰ 'ਚ ਗੜਬੜੀ ਦੀ ਗੱਲ ਮੰਨਦੇ ਹਨ, ਪਰ ਸਮੁੱਚੀ ਪ੍ਰੀਖਿਆ ਨੂੰ ਰੱਦ ਕਰਨ ਲਈ ਤਿਆਰ ਨਹੀਂ। ਵਿਦਿਆਰਥੀਆਂ ਦੀ ਦਲੀਲ ਹੈ ਕਿ ਜਦ ਪਟਨਾ ਦੇ ਬਾਪੂ ਪ੍ਰੀਖਿਆ ਕੇਂਦਰ, ਜਿੱਥੇ 10 ਹਜ਼ਾਰ ਪ੍ਰੀਖਿਆਰਥੀਆਂ ਨੇ ਪ੍ਰੀਖਿਆ ਦਿੱਤੀ, ਦਾ ਪੇਪਰ ਲੀਕ ਹੋ ਗਿਆ ਤਾਂ ਸੋਸ਼ਲ ਮੀਡੀਆ ਦੇ ਜ਼ਮਾਨੇ 'ਚ ਕਿਵੇਂ ਮੰਨਿਆ ਜਾ ਸਕਦਾ ਹੈ ਕਿ ਕਿਤੇ ਹੋਰ ਨਹੀਂ ਹੋਇਆ ਹੋਵੇਗਾ। ਵਿਦਿਆਰਥੀਆਂ ਦਾ ਦੋਸ਼ ਹੈ ਕਿ ਪੇਪਰ ਲੀਕ ਕਾਂਡ 'ਚ ਕਰੋੜਾਂ ਦੀ ਖੇਡ ਹੋਈ ਹੈ, ਇਸੇ ਕਰਕੇ ਸਰਕਾਰ ਦੇ ਵੱਡੇ ਅਫਸਰ ਦੁਬਾਰਾ ਪ੍ਰੀਖਿਆ ਨਹੀਂ ਕਰਾਉਣੀ ਚਾਹੁੰਦੇ। ਬਿਹਾਰ 'ਚ ਵਿਦਿਆਰਥੀ ਬੇਚੈਨੀ ਦੀ ਵੱਡੀ ਵਜ੍ਹਾ ਬੇਰੁਜ਼ਗਾਰੀ ਦੀ ਗੰਭੀਰ ਹੋ ਰਹੀ ਸਮੱਸਿਆ ਹੈ। ਰੁਜ਼ਗਾਰ ਸਿਰਜਣ ਤੇ ਖਾਲੀ ਪਈਆਂ ਪੌਣੇ ਪੰਜ ਲੱਖ ਅਸਾਮੀਆਂ ਪੁਰ ਕਰਨ ਲਈ ਸਰਕਾਰ ਕੋਲ ਕੋਈ ਠੋਸ ਕਾਰਜ ਯੋਜਨਾ ਨਹੀਂ। ਵਿਦਿਆਰਥੀਆਂ ਦਾ ਕਹਿਣਾ ਹੈ ਕਿ ਸਰਕਾਰ ਨੌਕਰੀਆਂ ਨਹੀਂ ਦੇਣਾ ਚਾਹੁੰਦੀ, ਇਸ ਕਰਕੇ ਪੇਪਰ ਲੀਕ ਕਰਵਾ ਕੇ ਪ੍ਰੀਖਿਆਵਾਂ ਟਾਲਦੀ ਰਹਿੰਦੀ ਹੈ। ਅੱਜ ਤੱਕ ਪੇਪਰ ਲੀਕ ਕਰਨ ਵਾਲਿਆਂ ਨੂੰ ਇਬਰਤਨਾਕ ਸਜ਼ਾ ਕਿਉਂ ਨਹੀਂ ਦਿੱਤੀ ਗਈ, ਜਿਸ ਨਾਲ ਪੇਪਰ ਲੀਕ ਮਾਫੀਆ 'ਚ ਦਹਿਸ਼ਤ ਪੈਦਾ ਹੁੰਦੀ। ਸਾਰੀ ਖੇਡ ਸ਼ਾਸਨ, ਪ੍ਰਸ਼ਾਸਨ ਦੇ ਉੱਚ ਅਹੁਦਿਆਂ 'ਤੇ ਬੈਠੇ ਲੋਕਾਂ ਦੀ ਮਿਲੀਭੁਗਤ ਨਾਲ ਚੱਲ ਰਹੀ ਹੈ। ਖੁੰਬਾਂ ਵਾਂਗ ਉਗ ਆਏ ਕੋਚਿੰਗ ਸੈਂਟਰਾਂ ਦੀ ਭੂਮਿਕਾ ਵੀ ਸ਼ੱਕੀ ਹੈ। ਨੌਕਰੀਆਂ ਤੇ ਰੁਜ਼ਗਾਰ ਦਾ ਸਵਾਲ ਬਿਹਾਰ ਦਾ ਕਿੰਨਾ ਵੱਡਾ ਮੁੱਦਾ ਹੈ, ਇਹ ਪਿਛਲੀਆਂ ਅਸੰਬਲੀ ਚੋਣਾਂ 'ਚ ਆਪੋਜ਼ੀਸ਼ਨ ਨੂੰ ਇਸ ਸਵਾਲ 'ਤੇ ਮਿਲੇ ਸਮਰਥਨ ਤੋਂ ਵੀ ਸਾਫ ਹੋ ਗਿਆ ਸੀ, ਜਦੋਂ ਨਿਤੀਸ਼ ਦੀ ਸਰਕਾਰ ਮਸਾਂ ਬਚੀ ਸੀ। ਬਿਹਾਰ ਦਾ ਵਰਤਮਾਨ ਪ੍ਰਚੰਡ ਵਿਦਿਆਰਥੀ ਅੰਦੋਲਨ ਨਵੇਂ ਸਾਲ 'ਚ ਦੇਸ਼ ਦੇ ਨੌਜਵਾਨਾਂ ਨੂੰ ਅੰਦੋਲਨ ਦੀ ਨਵੀਂ ਰਾਹ ਦਿਖਾ ਸਕਦਾ ਹੈ ਅਤੇ ਜਮਹੂਰੀਅਤ ਦੀ ਨਵੀਂ ਇਬਾਰਤ ਲਿਖ ਸਕਦਾ ਹੈ।

ਬੰਦ ਦਰਵਾਜ਼ਿਆਂ ਦੀਆਂ ਝੀਥਾਂ 'ਚ ਝਾਕਦਿਆਂ ਡਾ. ਮਨਮੋਹਨ ਸਿੰਘ

ਗੁਰਮੀਤ ਸਿੰਘ ਪਲਾਹੀ

ਡਾਕਟਰ ਮਨਮੋਹਨ ਸਿੰਘ ਦੇ ਇਸ ਦੁਨੀਆ ਤੋਂ ਰੁਖ਼ਸਤ ਹੋਣ 'ਤੇ ਸੀਨੀਅਰ ਪੱਤਰਕਾਰ ਵੀਰ ਸਾਂਘਵੀ ਨੇ ਫ਼ਿਲਮ 'ਦਿ ਐਕਸੀਡੈਂਟਲ ਪ੍ਰਾਈਮ ਮਨਿਸਟਰ' ਨੂੰ ਲੈ ਕੇ ਲਿਖਿਆ, 'ਜੇ ਕਿਸੇ ਨੂੰ ਡਾ: ਮਨਮੋਹਨ ਸਿੰਘ ਬਾਰੇ ਬੋਲੇ ਗਏ ਝੂਠ ਨੂੰ ਯਾਦ ਕਰਨਾ ਹੋਵੇ ਤਾਂ ਉਸ ਨੂੰ ਉਕਤ ਫ਼ਿਲਮ ਫਿਰ ਦੇਖਣੀ ਚਾਹੀਦੀ ਹੈ। ਇਹ ਨਾ ਸਿਰਫ਼ ਸਭ ਤੋਂ ਬੁਰੀਆਂ ਫ਼ਿਲਮਾਂ 'ਚੋਂ ਇੱਕ ਹੈ, ਬਲਕਿ ਇਹ ਇੱਕ ਉਦਾਹਰਨ ਹੈ ਕਿ ਕਿਵੇਂ ਇੱਕ ਚੰਗੇ ਆਦਮੀ ਦਾ ਨਾਂਅ ਖਰਾਬ ਕਰਨ ਲਈ ਮੀਡੀਆ ਦੀ ਵਰਤੋਂ ਕੀਤੀ ਗਈ ਸੀ।'

ਡਾਕਟਰ ਸਿੰਘ ਨੂੰ ਆਰਥਿਕ ਸੁਧਾਰਾਂ ਬਾਰੇ ਘੜੀਆਂ ਗਈਆਂ ਨੀਤੀਆਂ ਵਿੱਚ ਉਹਨਾ ਦੀ ਅਹਿਮ ਭੂਮਿਕਾ ਬਾਰੇ ਜਾਣਿਆ ਜਾਂਦਾ ਹੈ, ਪਰ ਉਹਨਾ ਦੀ ਭਾਰਤੀ ਸੰਵਿਧਾਨ ਅਨੁਸਾਰ ਆਮ ਲੋਕਾਂ ਨੂੰ ਦਿੱਤੇ ਉਹਨਾਂ ਤੋਹਫ਼ਿਆਂ ਦੀ ਦੇਣ ਵੱਡੀ ਹੈ, ਜਿਨ੍ਹਾਂ ਨੇ ਗਰੀਬ, ਨਿਤਾਣੇ ਲੋਕਾਂ ਦੇ ਜੀਵਨ ਪੱਧਰ ਨੂੰ ਉਚਿਆਂ ਚੁੱਕਣ ਲਈ ਸਾਰਥਿਕ ਭੂਮਿਕਾ ਨਿਭਾਈ।

ਡਾਕਟਰ ਮਨਮੋਹਨ ਸਿੰਘ 10 ਸਾਲ ਤੋਂ ਵੱਧ ਦਾ ਸਮਾਂ ਭਾਰਤ ਦੇ ਪ੍ਰਧਾਨ ਮੰਤਰੀ ਰਹੇ। ਇਹਨਾਂ ਵਰ੍ਹਿਆਂ ਵਿੱਚ ਦੇਸ਼ ਦੇ ਪ੍ਰਧਾਨ ਮੰਤਰੀ ਦੇ ਤੌਰ 'ਤੇ ਉਹ ਨਿਧੜਕ ਹੋ ਕੇ ਕੰਮ ਕਰਦੇ ਰਹੇ, ਭਾਵੇਂ ਕਿ ਉਹਨਾ ਦੀ ਸਰਕਾਰ ਦੇ ਸਾਂਝੀਵਾਲਾਂ ਅਤੇ ਵਿਰੋਧੀਆਂ ਵੱਲੋਂ ਉਹਨਾ ਨੂੰ ਸਮੇਂ-ਸਮੇਂ ਵੱਡੇ ਚੈਲਿੰਜ ਪੇਸ਼ ਕੀਤੇ ਗਏ, ਜਿਹਨਾ ਦਾ ਉਹਨਾ ਬੇਖੌਫ ਹੋ ਕੇ ਸਾਹਮਣਾ ਕੀਤਾ। ਹਾਲਾਂਕਿ ਪ੍ਰਧਾਨ ਮੰਤਰੀ ਦੇ ਰੂਪ ਵਿੱਚ ਉਹਨਾ ਦਾ ਦੂਜਾ ਕਾਰਜਕਾਲ ਵਿਵਾਦਾਂ ਵਾਲਾ ਰਿਹਾ। ਉਹਨਾ ਦੇ ਕਈ ਮੰਤਰੀਆਂ ਉਤੇ ਘੁਟਾਲੇ ਦੇ ਦੋਸ਼ ਲੱਗੇ, ਉਹਨਾ ਨੂੰ ਸਭ ਤੋਂ ਕਮਜ਼ੋਰ ਪ੍ਰਧਾਨ ਮੰਤਰੀ ਕਿਹਾ ਜਾਣ ਲੱਗਿਆ, ਪਰ ਉਹ ਕਦੇ ਸੱਚਾਈ ਤੋਂ ਪਿੱਛੇ ਨਹੀਂ ਹਟੇ। ਬੇਸ਼ੱਕ ਉਹ ਘੱਟ ਬੋਲਦੇ ਸਨ ਅਤੇ ਲੋਕਾਂ ਨੂੰ ਲੱਗਦਾ ਸੀ ਕਿ ਉਹ ਸਾਹਸੀ ਨਹੀਂ ਹਨ, ਪਰ ਉਹਨਾ ਨੇ ਆਪਣੀ ਸਰਕਾਰ ਨੂੰ ਦਾਅ 'ਤੇ ਲਗਾ ਕੇ ਜਿਸ ਤਰ੍ਹਾਂ ਅਮਰੀਕਾ ਦੇ ਨਾਲ ਪਰਮਾਣੂ ਸਮਝੌਤਾ ਕੀਤਾ, ਉਹ ਉਹਨਾ ਦੀ ਹਿੰਮਤ ਦੀ ਦਾਦ ਦੇਣ ਵਾਲਾ ਸੀ।

ਉਹਨਾ ਸੂਚਨਾ ਦਾ ਅਧਿਕਾਰ ਕਾਨੂੰਨ, ਸਿੱਖਿਆ ਦਾ ਅਧਿਕਾਰ ਕਾਨੂੰਨ, ਭੋਜਨ ਦਾ ਅਧਿਕਾਰ ਕਾਨੂੰਨ ਅਤੇ ਆਪਣੇ ਪ੍ਰਧਾਨ ਮੰਤਰੀ ਹੋਣ ਦੇ ਆਖ਼ਰੀ ਸਾਲਾਂ 'ਚ ਉਹਨਾ ਲੋਕਪਾਲ ਕਾਨੂੰਨ ਬਣਾ ਕੇ ਇਹ ਸਾਬਤ ਕਰ ਦਿੱਤਾ ਕਿ ਉਹਨਾ ਦਾ ਲਗਾਅ ਅਤੇ ਸਾਂਝ ਆਮ ਲੋਕਾਂ ਦੇ ਜੀਵਨ ਵਿੱਚ ਬੇਹਤਰੀ ਅਤੇ ਸ਼ਾਸਨ ਪ੍ਰਸ਼ਾਸਨ ਵਿੱਚ ਪਾਰਦਰਸ਼ਤਾ ਲਿਆਉਣ ਦਾ ਸੀ। ਇਹੋ ਹੀ ਕਾਰਨ ਹੈ ਕਿ ਉਹ ਲੋਕ ਜਿਹੜੇ ਕਦੇ ਭਾਰਤ ਦੇ ਇਸ ਸੂਝਵਾਨ, ਵਿਚਾਰਕ ਪ੍ਰਧਾਨ ਮੰਤਰੀ ਨੂੰ 'ਮੌਨ ਪ੍ਰਧਾਨ ਮੰਤਰੀ' ਕਹਿੰਦੇ ਸਨ, ਉਹਨਾ ਦੀ ਆਲੋਚਨਾ ਕਰਿਆ ਕਰਦੇ ਸਨ, ਅੱਜ ਉਹਨਾ ਦੀ ਪ੍ਰਸੰਸਾ ਕਰ ਰਹੇ ਹਨ।

ਉਹ ਸਾਦਗੀ ਦੇ ਮੁਜੱਸਮੇ ਸਨ। ਘੱਟ ਬੋਲਣ ਵਾਲੇ ਅਤੇ ਸ਼ਾਂਤ ਸੁਭਾਅ ਦੇ ਮਾਲਕ ਸਨ। ਉਹਨਾ ਸਦਾ ਸੱਚਾਈ ਉਤੇ ਯਕੀਨ ਕੀਤਾ। ਇਸੇ ਲਈ ਉਹਨਾ ਦਾ ਵਿਅਕਤੀਗਤ ਜੀਵਨ ਸਦਾ ਬੇਦਾਗ ਰਿਹਾ।

ਭਾਰਤ ਦੇ ਵਿੱਤ ਮੰਤਰੀ ਵਜੋਂ ਅਤੇ ਭਾਰਤ ਦੇ ਪ੍ਰਧਾਨ ਮੰਤਰੀ ਵਜੋਂ ਉਹਨਾ ਦੇਸ਼ 'ਚ ਉਦਾਰੀਕਰਨ ਦੀ ਨੀਤੀ ਲਿਆਂਦੀ। ਬਿਨਾਂ ਸ਼ੱਕ ਡਾਕਟਰ ਮਨਮੋਹਨ ਸਿੰਘ ਦੇ ਪ੍ਰਧਾਨ ਮੰਤਰੀ ਕਾਰਜਕਾਲ ਵਿੱਚ ਲਾਗੂ ਕੀਤੀਆਂ ਨੀਤੀਆਂ ਨਾਲ ਦੇਸ਼ ਨੇ ਵਿਕਾਸ ਦੀਆਂ ਵੱਡੀਆਂ ਪੁਲਾਂਘਾਂ ਪੁੱਟੀਆਂ, ਪਰ ਇਸ ਦੇ ਨਾਲ-ਨਾਲ ਇਹਨਾਂ ਨੀਤੀਆਂ ਨਾਲ ਗਰੀਬ-ਅਮੀਰ ਦਾ ਪਾੜਾ ਵਧਿਆ। ਇਸ ਬਾਰੇ ਪੂਰੀ ਤਰ੍ਹਾਂ ਸੁਚੇਤ ਸਨ। ਉਹਨਾ ਇਸ ਨੂੰ ਮੁੱਖ ਰੱਖਦਿਆਂ ਬਹੁਤ ਸਾਰੀਆਂ ਗਰੀਬ ਅਤੇ ਹੇਠਲੇ ਮੱਧ ਵਰਗ ਨੂੰ ਰਾਹਤ ਦੇਣ ਵਾਲੀਆਂ ਸਕੀਮਾਂ ਤੇ ਨੀਤੀਆਂ ਲਾਗੂ ਕੀਤੀਆਂ, ਜਿਹਨਾਂ ਨਾਲ ਕਿ ਭਾਰਤੀ ਸਮਾਜ ਵਿੱਚ ਵਧਦੇ ਆਰਥਿਕ ਪਾੜੇ ਨੂੰ ਘਟਾਇਆ ਜਾ ਸਕੇ।

ਉਨ੍ਹਾ ਵੱਲੋਂ ਕੀਤੇ ਵਿਸ਼ੇਸ਼ ਕਾਰਜਾਂ, ਜਿਹਨਾਂ ਵਿੱਚ 'ਅਧਾਰ ਕਾਰਡ' ਵੀ ਸ਼ਾਮਲ ਹੈ, ਦੀ ਵਿਰੋਧੀ ਧਿਰ ਵੱਲੋਂ ਵਿਰੋਧਤਾ ਕੀਤੀ ਗਈ ਸੀ, ਪਰ ਇਸ ਨੂੰ ਲਾਗੂ ਕਰਨ ਲਈ ਡਾਕਟਰ ਮਨਮੋਹਨ ਸਿੰਘ ਨੇ ਪਹਿਲ ਕਦਮੀ ਕੀਤੀ। ਉਹੀ ਵਿਰੋਧੀ ਧਿਰ (ਜਿਹੜੀ ਅੱਜ ਹਾਕਮ ਧਿਰ ਹੈ), ਇਸ ਆਧਾਰ ਕਾਰਡ ਨੂੰ ਪੂਰੇ ਦੇਸ਼ ਦੇ ਨਾਗਰਿਕਾਂ ਲਈ ਸ਼ਨਾਖ਼ਤੀ ਕਾਰਡ ਵਜੋਂ ਮੰਨਣ 'ਤੇ ਮਜਬੂਰ ਹੋਈ ਦਿਸਦੀ ਹੈ। ਇਹ ਅਧਾਰ ਕਾਰਡ ਉਸ ਵੇਲੇ ਸ਼ੁਰੂ ਕੀਤਾ ਗਿਆ ਸੀ, ਜਦੋਂ ਦੇਸ਼ ਦੇ ਨਾਗਰਿਕਾਂ ਕੋਲ ਕੋਈ ਸ਼ਨਾਖਤੀ ਕਾਰਡ ਹੀ ਨਹੀਂ ਸੀ।

ਮਗਨਰੇਗਾ (ਮਹਾਤਮਾ ਗਾਂਧੀ ਨੈਸ਼ਨਲ ਰੂਰਲ ਇੰਪਲਾਇਮੈਂਟ ਗਰੰਟੀ ਐਕਟ) ਡਾਕਟਰ ਮਨਮੋਹਨ ਸਿੰਘ ਵੱਲੋਂ ਸ਼ੁਰੂ ਕਰਵਾਈ ਪੇਂਡੂ ਰੁਜ਼ਗਾਰ ਗਰੰਟੀ ਯੋਜਨਾ ਸੀ, ਜਿਹੜੀ ਪੇਂਡੂ ਲੋਕਾਂ ਨੂੰ 100 ਦਿਨਾਂ ਦਾ ਕਾਨੂੰਨੀ ਰੁਜ਼ਗਾਰ ਦਿੰਦੀ ਸੀ। ਇਸ ਯੋਜਨਾ 'ਚ ਘੱਟੋ-ਘੱਟ ਮਜ਼ਦੂਰੀ 220 ਰੁਪਏ ਉਸ ਸਮੇਂ ਨੀਅਤ ਕੀਤੀ ਗਈ, ਪਰ ਕਿਉਂਕਿ ਡਾਕਟਰ ਮਨਮੋਹਨ ਸਿੰਘ ਤੋਂ ਬਾਅਦ ਸਰਕਾਰ ਭਾਜਪਾ ਅਤੇ ਉਹਨਾ ਦੇ ਸਹਿਯੋਗੀਆਂ ਹੱਥ ਆ ਗਈ, ਉਹਨਾਂ ਵੱਲੋਂ ਇਸ ਯੋਜਨਾ ਨੂੰ ਉਹ ਥਾਂ ਪ੍ਰਦਾਨ ਨਹੀਂ ਕੀਤੀ, ਜਿਹੜੀ ਇਸ ਪੇਂਡੂ ਰੁਜ਼ਗਾਰ ਯੋਜਨਾ ਲਈ ਲੋੜੀਂਦੀ ਸੀ। ਵਰ੍ਹੇ ਦਰ ਵਰ੍ਹੇ ਮਗਨਰੇਗਾ ਫੰਡਾਂ 'ਚ ਕਟੌਤੀ ਹੋਈ ਅਤੇ ਘੱਟੋ-ਘੱਟ ਰੋਜ਼ਾਨਾ ਦਿਹਾੜੀ ਵੀ ਵਧਾਈ ਨਹੀਂ ਗਈ। ਯਾਦ ਰੱਖਣਯੋਗ ਹੈ ਕਿ ਇਹ ਯੋਜਨਾ ਦੁਨੀਆ ਦੀ ਸਭ ਤੋਂ ਵੱਡੀ ਰੁਜ਼ਗਾਰ ਯੋਜਨਾ ਹੈ।

ਉਨ੍ਹਾ ਦੀ ਵੱਡੀ ਪ੍ਰਾਪਤੀ ਭਾਰਤੀ ਬੱਚਿਆਂ ਲਈ ਮੁਫ਼ਤ ਅਤੇ ਲਾਜ਼ਮੀ ਸਿੱਖਿਆ ਐਕਟ ਦਾ ਲਾਗੂ ਕੀਤਾ ਜਾਣਾ ਸੀ। ਇਸ ਐਕਟ ਨਾਲ ਉਹਨਾ ਗਰੀਬੀ ਵਰਗ ਦੇ ਲੋਕਾਂ ਨੂੰ ਰਾਹਤ ਮਿਲੀ, ਜਿਹਨਾਂ ਦੇ ਬੱਚਿਆਂ ਨੂੰ ਸਕੂਲ ਦਾ ਮੂੰਹ ਵੇਖਣਾ ਵੀ ਨਸੀਬ ਨਹੀਂ ਸੀ ਹੁੰਦਾ, ਹਾਲਾਂਕਿ ਸੰਵਿਧਾਨ ਵਿੱਚ ਦੇਸ਼ ਦੇ

ਹਰ ਨਾਗਰਿਕ ਲਈ ਸਿੱਖਿਆ ਮੁਢਲਾ ਹੱਕ ਹੈ। ਬਿਨਾਂ ਸ਼ੱਕ ਇਸ ਐਕਟ ਨੂੰ ਅੱਗੋਂ 'ਸਭ ਲਈ ਸਿੱਖਿਆ, ਪਰ ਸਭ ਲਈ ਬਰਾਬਰ ਦੀ ਸਿੱਖਿਆ' ਵਿੱਚ ਬਦਲਣਾ ਲੋੜੀਂਦਾ ਸੀ, ਪਰ ਦੇਸ਼ ਦੇ ਹੁਣ ਹਾਕਮ ਕਿਉਂਕਿ ਧਨ-ਕੁਬੇਰਾਂ, ਕਾਰਪੋਰੇਟਾਂ ਦੀਆਂ ਨੀਤੀਆਂ ਨੂੰ ਲਾਗੂ ਕਰਨ ਵਾਲੇ ਹਨ, ਉਹਨਾ ਲਈ ਲੋਕਾਂ ਦੀ ਸਿੱਖਿਆ, ਸਿਹਤ, ਚੰਗਾ ਵਾਤਾਵਰਨ ਕੋਈ ਮਾਅਨੇ ਨਹੀਂ ਰੱਖਦਾ।

ਉਨ੍ਹਾ ਵੱਲੋਂ ਲਾਗੂ ਕੀਤਾ ਨੈਸ਼ਨਲ ਫੂਡ ਸਕਿਉਰਿਟੀ ਐਕਟ ਦੇਸ਼ ਦੇ ਹਰ ਨਾਗਰਿਕ ਲਈ ਭੋਜਨ ਅਤੇ ਸੰਤੁਲਿਤ ਭੋਜਨ ਦੇਣ ਦੀ ਸ਼ਾਅਦੀ ਭਰਦਾ ਹੈ, ਤਾਂ ਕਿ ਦੇਸ਼ ਦਾ ਆਮ ਨਾਗਰਿਕ ਭੁੱਖਾ ਨਾ ਸੌਂਵੇ ਅਤੇ ਭੋਜਨ ਉਸ ਦੀ ਪਹੁੰਚ 'ਚ ਹੋਵੇ। ਇਸ ਐਕਟ ਦੇ ਤਹਿਤ 81.34 ਕਰੋੜ ਭਾਰਤੀ ਲੋਕਾਂ ਨੂੰ ਇੱਕ ਜਾਂ ਦੋ ਰੁਪਏ ਕਿਲੋ ਕੀਮਤ ਉਤੇ ਅਨਾਜ ਮੁਹੱਈਆਂ ਕੀਤਾ ਗਿਆ। ਇਸ ਐਕਟ ਦੇ ਲਾਗੂ ਹੋਣ ਦੇ 10 ਸਾਲਾਂ ਬਾਅਦ ਤੱਕ ਵੀ ਇੱਕ ਸਰਵੇ ਅਨੁਸਾਰ 19 ਕਰੋੜ ਇਹੋ ਜਿਹੇ ਲੋਕ ਹਨ, ਜਿਹੜੇ ਅੱਜ ਵੀ ਭੁੱਖਮਰੀ ਦਾ ਸ਼ਿਕਾਰ ਹਨ। ਔਰਤਾਂ ਅਨੀਮੀਆ ਦਾ ਸ਼ਿਕਾਰ ਹਨ। ਬੱਚਿਆਂ ਨੂੰ ਸੰਤੁਲਿਤ ਭੋਜਨ ਨਹੀਂ ਮਿਲਦਾ। ਕਾਰਨ ਭਾਵੇਂ ਹੋਰ ਬਥੇਰੇ ਹੋ ਸਕਦੇ ਹਨ, ਪਰ ਵੱਡਾ ਕਾਰਨ ਦੇਸ਼ ਵਿੱਚ ਬੇਰੁਜ਼ਗਾਰੀ ਹੈ, ਕੰਮ ਦੀ ਘਾਟ ਹੈ। ਪਰ ਸਰਕਾਰ ਇਸ ਮਾਮਲੇ 'ਤੇ ਬੇਫ਼ਿਕਰ ਹੈ ਅਤੇ ਚੁੱਪ ਹੈ।

ਡਾਕਟਰ ਮਨਮੋਹਨ ਸਿੰਘ, ਕਿਉਂਕਿ ਲੋਕ ਹਿੱਤਾਂ ਦੀ ਰਾਖੀ ਕਰਨ ਵਾਲੇ ਜਾਣੇ ਜਾਂਦੇ ਸਨ, ਇਸੇ ਕਰਕੇ ਉਹਨਾ ਇਹੋ ਜਿਹੇ ਕਾਨੂੰਨ ਚੁੱਪ-ਚੁਪੀਤੇ ਪੂਰੀ ਮਿਹਨਤ ਅਤੇ ਸ਼ਿੱਦਤ ਨਾਲ ਬਣਾਏ, ਜਿਹਨਾਂ ਦਾ ਵਾਸਤਾ ਸਿੱਧਾ ਆਮ ਲੋਕਾਂ ਨਾਲ ਸੀ। ਉਹਨਾਂ ਸਭਨਾਂ ਕਾਰਜਾਂ ਦੇ ਵਿੱਚ ਇੱਕ ਕਾਰਜ ਇਹੋ ਜਿਹਾ ਸੀ, ਜਿਹੜਾ ਦੇਸ਼ ਦੇ ਹਰ ਨਾਗਰਿਕ ਨੂੰ ਹਰ ਕਿਸਮ ਦੀ ਸੂਚਨਾ ਲੈਣ ਦਾ ਅਧਿਕਾਰ ਦਿੰਦਾ ਸੀ। ਸੂਚਨਾ ਦੇ ਅਧਿਕਾਰ ਨੇ ਵੱਡੇ ਧੁਰੰਤਰਾਂ ਦੇ ਪੋਲ ਖੋਲ੍ਹੇ। ਅਧਿਕਾਰੀ ਅਤੇ ਵੱਡੇ ਸਿਆਸੀ ਘਾਗ ਜਿਹੜੇ ਆਪਣੇ ਕੀਤੇ ਬੁਰੇ ਕੰਮਾਂ ਨੂੰ ਲੁਕਾਉਣ ਲਈ ਜਾਣੇ ਜਾਂਦੇ ਸਨ, ਉਹਨਾਂ ਦਾ ਪਰਦਾ ਇਸ ਕਾਨੂੰਨ ਨਾਲ ਨੰਗਾ ਹੋਇਆ। ਭਾਵੇਂ ਕਿ ਇਸ ਸੂਚਨਾ ਦੇ ਅਧਿਕਾਰ ਨੂੰ ਅੱਜ ਬਹੁਤੀ ਅਹਿਮੀਅਤ ਨਹੀਂ ਦਿੱਤੀ ਜਾਂਦੀ ਅਤੇ ਅਧਿਕਾਰੀ ਸੂਚਨਾਵਾਂ ਦੇਣ ਲਈ ਟਾਲ-ਮਟੋਲ ਕਰਦੇ ਹਨ, ਪਰ ਇਸ ਐਕਟ ਨੇ ਲੋਕਾਂ ਲਈ ਇਨਸਾਫ਼ ਲੈਣ ਦਾ ਰਾਹ ਖੋਲ੍ਹਿਆ।

ਆਪਣੇ ਰਾਜ-ਭਾਗ ਦੇ ਅੰਤਲੇ ਸਮੇਂ ਦੌਰਾਨ ਲੋਕਪਾਲ ਬਿੱਲ ਪਾਸ ਕਰਕੇ ਡਾਕਟਰ ਮਨਮੋਹਨ ਸਿੰਘ ਨੇ ਵਿਖਾ ਦਿੱਤਾ ਸੀ ਕਿ ਉਹ ਦੇਸ਼ ਵਿੱਚ ਪਾਰਦਰਸ਼ਤਾ ਦੇ ਵੱਡੇ ਹਾਮੀ ਹਨ। ਉਹਨਾ ਦੀ ਸਰਕਾਰ ਉੱਤੇ ਵਿਰੋਧੀਆਂ ਵੱਲੋਂ ਇਸ ਬਿੱਲ ਨੂੰ ਪਾਸ ਕਰਨ ਵਾਸਤੇ ਵੱਡਾ ਦਬਾਅ ਪਾਇਆ ਹੋਇਆ ਸੀ, ਪਰ ਇਹ ਲੋਕਪਾਲ ਬਿੱਲ ਦੇਸ਼ ਵਿੱਚ ਅਤੇ ਕਈ ਸੂਬਿਆਂ ਦੀਆਂ ਸਰਕਾਰਾਂ ਵੱਲੋਂ ਪਾਸ ਹੋਣ ਦੇ ਬਾਵਜੂਦ ਲਾਗੂ ਨਹੀਂ ਕੀਤਾ ਗਿਆ, ਕਿਉਂਕਿ ਇਹ ਸਿਆਸੀ ਲੋਕਾਂ ਦੇ ਦਾ

2-Jan-PAG-5.qxd 1/1/2025 9:13 PM Page 1

ਬਿਜਲੀ ਮੁਲਾਜ਼ਮਾਂ ਵੱਲੋਂ 8 ਨੂੰ ਸਮੁੱਚੇ ਪੰਜਾਬ 'ਚ ਕੇਂਦਰ ਸਰਕਾਰ ਖ਼ਿਲਾਫ਼ ਰੋਸ ਪ੍ਰਦਰਸ਼ਨ

ਫਿਰੋਜ਼ਪੁਰ (ਗੁਰਬਚਨ ਸਿੰਘ) ਕੇਂਦਰ ਸਰਕਾਰ ਵੱਲੋਂ ਚੰਡੀਗੜ੍ਹ ਬਿਜ਼ਲੀ ਬੋਰਡ ਅਤੇ ਯੂਪੀ ਬਿਜਲੀ ਬੋਰਡ ਨੂੰ ਘਾਟੇ ਵਿੱਚ ਦਿਖਾ ਕੇ ਨਿਜੀਕਰਨ ਕਰਨ ਦੇ ਵਿਰੋਧ ਵਿੱਚ ਅਤੇ ਚੰਡੀਗੜ੍ਹ ਅਤੇ ਯੂਪੀ ਮੁਲਾਜ਼ਮਾਂ ਦੇ ਸੰਘਰਸ਼ ਦੇ ਸਮਰੱਥਨ ਵਿਚ ਟੈਕਨੀਕਲ ਸਰਵਿਸਜ਼ ਯੂਨੀਅਨ ਐਡਹਾਕ ਕਮੇਟੀ ਪੰਜਾਬ ਦੇ ਸੱਦੇ ਉੱਪਰ ਸਮੂਹ ਮੁਲਾਜ਼ਮਾਂ ਵੱਲੋਂ 8 ਜਨਵਰੀ ਨੂੰ ਸ/ਡਵੀਜ਼ਨ / ਡਵੀਜ਼ਨ ਦਫ਼ਤਰ ਦੇ ਗੇਟ ਅੱਗੇ ਰੋਹ ਭਰਪੂਰ ਰੋਸ ਰੈਲੀਆ ਕੀਤੀਆ ਜਾਣਗੀਆ । ਇਸ ਸੰਘਰਸ਼ ਦਾ ਪ੍ਰਗਟਾਵਾ ਟੈਕਨੀਕਲ ਸਰਵਿਸਜ਼ ਯੂਨੀਅਨ ਐਡਹਾਕ ਸਟੇਟ ਕਮੇਟੀ ਮੈਂਬਰ ਇੰਜ਼ ਸ਼ਿੰਗਾਰ ਚੰਦ ਮਹਿਰੋਕ ਨੇ ਸਰਕਲ ਫ਼ਿਰੋਜ਼ਪੁਰ ਦੀ ਮੀਟਿੰਗ ਨੂੰ ਸੰਬੋਧਨ ਕਰਦਿਆਂ ਕੀਤਾ।ਅੱਜ ਸਰਕਲ ਫ਼ਿਰੋਜ਼ਪੁਰ ਦੀ ਮੀਟਿੰਗ ਸਾਥੀ ਜਗਤਾਰ ਸਿੰਘ ਪ੍ਰਧਾਨ ਜੀ ਪ੍ਰਧਾਨਗੀ ਹੇਠ ਹੋਈ। ਇਸ ਮੀਟਿੰਗ ਨੂੰ ਸੰਬੋਧਨ ਕਰਦਿਆਂ ਇੰਜ ਸ਼ਿੰਗਾਰ ਮਹਿਰੋਕ ਨੇ ਪ੍ਰੈੱਸ ਬਿਆਨ ਜਾਰੀ ਕਰਦਿਆਂ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਚੰਡੀਗੜ੍ਹ ਬਿਜਲੀ ਬੋਰਡ ਅਤੇ ਯੂਪੀ ਬਿਜਲੀ ਬੋਰਡ ਮੁਨਾਫ਼ੇ ਵਿਚ ਹੋਣ ਦੇ ਬਾਵਜੂਦ ਉਸ ਦਾ ਨਿੱਜੀਕਰਨ ਕੀਤਾ ਜਾ ਰਿਹਾ ਹੈ ਜਿਸ ਨਾਲ ਬਿਜਲੀ ਹੋਰ ਮਹਿੰਗੀ ਹੋ ਜਾਵੇਗੀ ਗਰੀਬੀ ਰੇਖਾ ਤੋਂ ਹੇਠਾਂ ਰਹਿਣ ਵਾਲੇ ਲੋਕ ਬਿਜਲੀ ਬਾਲਣ ਤੋਂ ਵਾਂਝੇ ਹੋ ਜਾਂਣਗੇ।ਜਾਪਦਾ ਇੰਝ ਹੈ ਕਿ ਮੈਨੇਜਮੈਂਟ ਅਤੇ ਕੇਂਦਰ ਸਰਕਾਰਾਂ ਬਿਜਲੀ ਮੁਲਾਜ਼ਮਾਂ ਦੀਆਂ ਮੰਗਾਂ ਪ੍ਰਤੀ ਸੰਜੀਦਾ ਨਹੀਂ ਹੈ। ਆਗੂਆਂ ਵਲੋਂ ਦੱਸਿਆ ਗਿਆ ਕਿ ਠੇਕੇਦਾਰੀ ਮਾੜੇ ਸਿਸਟਮ ਕਰਕੇ ਲਗਾਤਾਰ ਹਾਦਸੇ ਵੱਧ ਰਹੇ

ਹਨ ਅਤੇ ਬਿਜਲੀ ਕਾਮਿਆਂ ਦੀ ਕੀਮਤੀ ਜਾਨ ਇਹਨਾਂ ਹਾਦਸਿਆਂ ਕਰਕੇ ਜਾ ਰਹੀ ਹੈ, ਅਤੇ ਇਹਨਾਂ ਸਾਥੀਆਂ ਨੂੰ ਸ਼ਹੀਦ ਦਾ ਦਰਜਾ ਦਿੱਤਾ ਜਾਵੇ ਅਤੇ ਓਸੇ ਤਰਜ ਤੇ ਪਰਿਵਾਰ ਦੀ ਵਿੱਤੀ ਸਹਾਇਤਾ ਕੀਤੀ ਜਾਵੇ ।ਭਰਤੀ ਕਰਮਚਾਰੀਆਂ/ ਅਧਿਕਾਰੀਆਂ ਉੱਪਰ ਸੱਤਵੇਂ ਪੇ ਕਮਿਸ਼ਨ ਦੀ ਥਾਂ ਤੇ ਬਿਜਲੀ ਨਿਗਮ ਦੇ ਸਕੇਲ ਲਾਗੂ ਕਰਨ, ਸੋਧੇ ਹੋਏ ਭੱਤਿਆਂ ਦਾ ਬਕਾਇਆ, ਰਹਿੰਦੇ ਭੱਤੇ ਸੋਧਣ, ਇਨ ਹਾਊਸ ਕੰਟਰੈਕਟ ਕਾਮਿਆਂ ਨੂੰ ਪੱਕੇ ਕਰਨ, ਹਰੇਕ ਕੈਟਾਗਰੀ ਦੀਆਂ ਤਰੱਕੀਆਂ ਵਿੱਚ ਤੇਜੀ ਲਿਆਉਣ,ਮ੍ਰਿਤਕ ਕਰਮਚਾਰੀਆਂ ਦੇ ਵਾਰਿਸਾਂ ਨੂੰ ਯੋਗ ਨੌਕਰੀ ਦੇਣ, ਖ਼ਾਲੀ ਅਸਾਮੀਆਂ ਤਰੱਕੀ, ਨਵੀਂ ਭਰਤੀ ਰਾਹੀਂ ਪੋਸਟਾਂ ਭਰਨ ਆਦਿ॥ਆਗੂਆਂ ਵਲੋਂ ਦੱਸਿਆ ਗਿਆ ਕਿ ਬਿਜਲੀ ਅਦਾਰਾ ਇੱਕ ਬੇਹੱਦ ਮਹੱਤਵਪੂਰਨ ਅਦਾਰਾ ਹੈ, ਪ੍ਰੰਤੂ ਸਰਕਾਰ ਵਲੋਂ ਇਸ ਅਦਾਰੇ ਵਿੱਚ ਕੰਮ ਕਰਦੇ ਕਾਮਿਆਂ ਦੀ ਸਾਰ ਨਹੀਂ ਲਈ ਜਾ ਰਹੀ। ਆਗੂਆਂ ਨੇ ਮੈਨੇਜਮੈਂਟ ਕੇਂਦਰ ਸਰਕਾਰ ਨੂੰ ਚੇਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਕੇਂਦਰ ਸਰਕਾਰ ਨੇ ਚੰਡੀਗੜ੍ਹ ਤੇ ਯੂਪੀ ਬਿਜਲੀ ਬੋਰਡ ਦਾ ਨਿਜੀਕਰਨ ਰੋਕਣਾ ਚਾਹੀਦਾ ਹੈ ਨਹੀਂ ਤਾਂ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ।ਜਿਸਦੀ ਸਾਰੀ ਜ਼ਿੰਮੇਵਾਰੀ ਕੇਂਦਰ ਸਰਕਾਰ ਦੀ ਹੋਵੇਗੀ। ਅੱਜ ਦੀ ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਸਰਕਲ ਮੀਤ ਪ੍ਰਧਾਨ ਮਨਜੀਤ ਸਿੰਘ , ਕੈਸ਼ੀਅਰ ਸੁਭਾਸ਼ ਚੰਦਰ, ਸ਼ਹਿਰੀ ਡਵੀਜ਼ਨ ਫਿਰੋਜ਼ਪੁਰ ਪ੍ਰਧਾਨ ਰਮਨਦੀਪ,ਸ/ਅ ਡਵੀਜ਼ਨ ਪ੍ਰਧਾਨ ਰਜੇਸ਼ ਦੇਵਗਨ, ਜਲਾਲਾਬਾਦ ਡਵੀਜ਼ਨ ਸਕੱਤਰ ਸੰਦੀਪ ਕੁਮਾਰ, ਜੀਰਾ ਡਵੀਜ਼ਨ ਪ੍ਰਧਾਨ ਸੁਖਦੇਵ ਸਿੰਘ, ਰਵੀ ਸ਼ਰਮਾ ਬਜ਼ੀਦਪੁਰ ਆਦਿ ਨੇ ਵੀ ਸੰਬੋਧਨ ਕੀਤਾ ।

ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਨਸ਼ਿਆਂ ਖ਼ਿਲਾਫ਼ ਮੁਹਿੰਮ ਵੱਡੇ ਪੱਧਰ 'ਤੇ ਜਾਰੀ : ਡਾ. ਸੋਨਾ ਥਿੰਦ

ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)-ਨਸ਼ਾ ਮੁਕਤ ਭਾਰਤ ਅਭਿਆਨ ਤਹਿਤ ਜ਼ਿਲ੍ਹਾ ਪੱਧਰੀ ਕਮੇਟੀ ਦੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਡਿਪਟੀ ਕਮਿਸ਼ਨਰ ਡਾ. ਸੋਨਾ ਥਿੰਦ ਨੇ ਕਿਹਾ ਕਿ ਨਸ਼ਿਆਂ ਦੇ ਖਾਤਮੇ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਲਗਾਤਾਰ ਕੰਮ ਕੀਤਾ ਜਾ ਰਿਹਾ ਹੈ, ਜਿਸ ਦੇ ਸਾਰਥਕ ਸਿੱਟੇ ਵੀ ਨਿਕਲ ਰਹੇ ਹਨ ਪਰ ਹਾਲੇ ਵੀ ਹੋਰ ਮਿਹਨਤ ਨਾਲ ਕੰਮ ਕਰਨ ਦੀ ਲੋੜ ਹੈ। ਉਹਨਾਂ ਨੇ ਮੀਟਿੰਗ ਵਿੱਚ ਸ਼ਾਮਲ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨੂੰ ਕਿਹਾ ਕਿ ਲੋਕਾਂ ਨੂੰ ਨਸ਼ਿਆਂ ਖ਼ਿਲਾਫ਼ ਜਾਗਰੂਕ ਕਰਨ ਵਿੱਚ ਕੋਈ ਕਸਰ ਬਾਕੀ ਨਾ ਛੱਡੀ ਜਾਵੇ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਨਸ਼ਿਆਂ ਦੇ ਖਾਤਮੇ ਹਿਤ ਜ਼ਿਲ੍ਹਾ ਪੱਧਰੀ ਨਸ਼ਾ ਮੁਕਤ ਅਭਿਆਨ ਤਿਆਰ ਕੇ ਸਬੰਧਤ ਮੰਤਰਾਲੇ ਨੂੰ ਭੇਜਿਆ ਜਾ ਚੁੱਕਾ ਹੈ। ਇਸ ਦੇ ਨਾਲ-ਨਾਲ ਸਿਹਤ ਵਿਭਾਗ ਤੇ ਸਿੱਖਿਆ ਵਿਭਾਗ ਵੱਲੋਂ ਰਲ਼ ਕੇ ਸਕੂਲਾਂ ਤੇ ਕਾਲਜਾਂ ਵਿੱਚ ਲਗਾਤਾਰ ਨਸ਼ਿਆਂ ਖ਼ਿਲਾਫ਼ ਜਾਗਰੂਕਤਾ ਪ੍ਰੋਗਰਾਮ ਕਰਵਾਏ ਜਾ ਰਹੇ ਹਨ ਅਤੇ ਵਿਦਿਅਕ ਅਦਾਰਿਆਂ ਵਿੱਚ ਨਸ਼ਿਆਂ ਖ਼ਿਲਾਫ਼ ਵਿਦਿਆਰਥੀਆਂ ਦੇ ਜਾਗਰੂਕਤਾ ਕਲੱਬ ਵੀ ਬਣੇ ਹੋਏ ਹਨ। ਡਾ. ਸੋਨਾ ਥਿੰਦ ਨੇ ਦੱਸਿਆ ਕਿ ਸਰਕਾਰੀ ਨਸ਼ਾ ਛੁਡਾਊ ਤੇ ਮੁੜ ਵਸੇਬਾ ਕੇਂਦਰਾਂ ਵੱਲੋਂ ਨਸ਼ੇ ਦੇ ਮਰੀਜ਼ਾਂ ਨੂੰ ਠੀਕ ਕਰਨ ਅਤੇ ਉਹਨਾਂ ਦੇ ਮੁੜ ਵਸੇਬੇ ਲਈ ਕੰਮ ਕੀਤਾ ਜਾ ਰਿਹਾ ਹੈ। ਇਸ ਦੇ ਨਾਲ-ਨਾਲ ਵਿਦਿਅਕ ਅਦਾਰਿਆਂ ਦੇ 100 ਮੀਟਰ ਦੇ ਘੇਰੇ ਵਿੱਚ ਸਿਗਰਟਾਂ ਵੇਚਣ 'ਤੇ ਲਾਈ ਪਾਬੰਦੀ ਸਖ਼ਤੀ ਨਾਲ ਲਾਗੂ ਕੀਤੀ ਜਾ ਰਹੀ ਹੈ। ਇਸ ਦੇ ਨਾਲ ਹੀ ਦਵਾਈਆਂ ਦੀਆਂ ਦੁਕਾਨਾਂ ਦੀ ਚੈਕਿੰਗ ਵੀ ਸਮੇਂ-ਸਮੇਂ 'ਤੇ ਕੀਤੀ ਜਾਂਦੀ ਹੈ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਨਸ਼ਾ ਇੱਕ ਅਜਿਹੀ ਲਾਹਣਤ ਹੈ, ਜੋ ਕਿ ਸਾਡੀ ਨੌਜਵਾਨ ਪੀੜ੍ਹੀ ਨੂੰ ਘੁਣ ਵਾਂਗ ਖਾ ਰਿਹਾ ਹੈ ਅਤੇ ਇਸ ਦਾ ਖਾਤਮਾ ਕਰਨ ਲਈ ਹਰੇਕ ਵਰਗ ਦੇ ਲੋਕਾਂ ਦਾ ਸਹਿਯੋਗ ਬਹੁਤ ਜ਼ਰੂਰੀ ਹੈ। ਇਸ ਮੌਕੇ ਪੁਲੀਸ ਵਿਭਾਗ ਦੇ ਨੁਮਾਇੰਦਿਆਂ ਨੇ ਦੱਸਿਆ ਕਿ ਪੁਲਸ ਵੱਲੋਂ ਨਸ਼ਿਆਂ ਦੇ ਖਾਤਮੇ ਲਈ ਦਿਨ-ਰਾਤ ਇੱਕ ਕਰ ਕੇ ਕੰਮ ਕੀਤਾ ਜਾ ਰਿਹਾ ਹੈ। ਜ਼ਿਲ੍ਹੇ ਵਿੱਚ ਨਸ਼ਿਆਂ ਦਾ ਖਾਤਮਾ ਕਰਨ ਦੇ ਮੰਤਵ ਨਾਲ ਪੇਂਡੂ ਖੇਤਰ ਤੇ ਸ਼ਹਿਰੀ ਖੇਤਰ ਵਿੱਚ ਡਿਫੈਂਸ ਕਮੇਟੀਆਂ ਦਾ ਗਠਨ ਕੀਤਾ ਗਿਆ ਹੈ ਤਾਂ ਜੋ ਨਸ਼ਿਆਂ ਦੇ ਕਾਰੋਬਾਰੀਆਂ ਨੂੰ ਜੇਲ੍ਹਾਂ ਅੰਦਰ ਡੱਕਿਆ ਜਾ ਸਕੇ। ਪਿੰਡਾਂ ਤੇ ਸ਼ਹਿਰਾਂ ਵਿੱਚ ਬਣਾਈਆਂ ਡਿਫੈਂਸ ਕਮੇਟੀਆਂ ਦੇ ਮੈਂਬਰਾਂ ਵੱਲੋਂ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਆਮ ਲੋਕਾਂ ਨੂੰ ਜਾਗਰੂਕ ਕੀਤਾ ਜਾਂਦਾ ਹੈ ਅਤੇ ਨਸ਼ਿਆਂ ਦਾ ਕਾਰੋਬਾਰ ਕਰਨ ਵਾਲੇ ਸਮਾਜ ਵਿਰੋਧੀ ਅਨਸਰਾਂ ਬਾਰੇ ਪੁਲਸ ਨੂੰ ਸੂਚਿਤ ਵੀ ਕੀਤਾ ਜਾਂਦਾ ਹੈ। ਜ਼ਿਲ੍ਹੇ ਅੰਦਰ ਨਸ਼ਿਆਂ ਦਾ ਕਾਰੋਬਾਰ ਕਰਨ ਵਾਲੇ ਵਿਅਕਤੀਆਂ ਨੂੰ ਕਾਬੂ ਕਰ ਕੇ ਨਸ਼ਿਆਂ ਦੀ ਸਪਲਾਈ ਚੇਨ ਨੂੰ ਵੱਡੀ ਸੱਟ ਮਾਰੀ ਗਈ ਹੈ। ਇਸ ਮੌਕੇ ਜ਼ਿਲ੍ਹਾ ਸਮਾਜਕ ਸੁਰੱਖਿਆ ਅਫ਼ਸਰ ਵਰਿੰਦਰ ਸਿੰਘ ਟਿਵਾਣਾ, ਡੀ.ਐਮ.ਸੀ. ਡਾ. ਸਰਿਤਾ, ਡੀ.ਡੀ.ਪੀ.ਓ. ਡਾ. ਜਸਪ੍ਰੀਤ ਕੌਰ, ਡਿਪਟੀ ਡੀ.ਈ.ਓ. ਕਮਲਜੀਤ ਕੌਰ, ਡੀ.ਐਸ.ਪੀ. ਗੁਰਦੀਪ ਸਿੰਘ ਸਮੇਤ ਵੱਖੋ-ਵੱਖ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ।

ਜ਼ਿਲ੍ਹੇ ਦੇ ਪਿੰਡਾਂ ਲਈ ਵਰਦਾਨ ਬਣੇਗਾ ਮੈਗਾ ਨਹਿਰੀ ਪਾਣੀ ਪ੍ਰੋਜੈਕਟ

ਖਮਾਣੋਂ/ ਫ਼ਤਹਿਗੜ੍ਹ ਸਾਹਿਬ, (ਪ੍ਰਮੋਦ ਭਾਰਦਵਾਜ)-ਧਰਤੀ ਹੇਠਲੇ ਪਾਣੀ ਦਾ ਪੱਧਰ ਹੋਰ ਡੂੰਘਾ ਹੋਣ ਅਤੇ ਪਾਣੀ ਦੂਸ਼ਿਤ ਹੋਣ ਤੋਂ ਬਚਾਉਣ ਹਿਤ ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਫ਼ਤਹਿਗੜ੍ਹ ਸਾਹਿਬ ਵੱਲੋਂ ਪੰਜਾਬ ਤੇ ਭਾਰਤ ਸਰਕਾਰ ਦੁਆਰਾ ਵਿਸ਼ਵ ਬੈਂਕ ਦੀ ਵਿੱਤੀ ਸਹਾਇਤਾ ਨਾਲ ਜਲ ਜੀਵਨ ਮਿਸ਼ਨ ਅਧੀਨ ਫਤਹਿਗੜ੍ਹ ਸਾਹਿਬ ਜ਼ਿਲ੍ਹੇ ਦੇ 92 ਪਿੰਡਾਂ ਨੂੰ ਪੀਣ ਯੋਗ ਨਹਿਰੀ ਪਾਣੀ ਉਪਲਬੱਧ ਕਰਵਾਉਣ ਲਈ ਮੈਗਾ ਨਹਿਰੀ ਪਾਣੀ ਪ੍ਰੋਜੈਕਟ ਪਿੰਡ ਨਾਨੋਵਾਲ ਵਿਖੇ ਲਗਾਇਆ ਗਿਆ ਹੈ, ਜੋ ਕਿ ਜਲਦ ਹੀ ਲੋਕ ਅਰਪਿਤ ਕੀਤਾ ਜਾਵੇਗਾ। ਐਕਸੀਅਨ ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਇਸ਼ਾਨ ਕੌਸ਼ਲ ਨੇ ਦੱਸਿਆ ਕਿ ਇਸ ਪ੍ਰੋਜੈਕਟ ਵਿੱਚ ਬਲਾਕ ਖੇੜਾ ਦੇ 69 ਪਿੰਡ ਅਤੇ ਬਲਾਕ ਬਸੀ ਪਠਾਣਾਂ ਦੇ 23 ਪਿੰਡ ਸ਼ਾਮਲ ਹਨ। ਇਨ੍ਹਾਂ ਪਿੰਡਾਂ ਵਿੱਚ ਕੁੱਲ 131 ਕਿਲੋਮੀਟਰ ਡੀ.ਆਈ. ਟ੍ਰਾਂਸਮਿਸ਼ਨ ਪਾਈਪ ਲਾਈਨ ਵਿਛਾਈ ਗਈ ਹੈ, ਜਿਸ ਰਾਹੀਂ ਇਨ੍ਹਾਂ ਪਿੰਡਾਂ ਦੇ ਵਸਨੀਕਾਂ ਨੂੰ ਸਾਫ-ਸੁਥਰੇ ਪੀਣ ਵਾਲੇ ਪਾਣੀ ਦੀ ਸਪਲਾਈ ਮੁਹੱਈਆ ਕਰਵਾਈ ਜਾਵੇਗੀ। ਇਸ ਪ੍ਰੋਜੈਕਟ ਅਧੀਨ ਪਿੰਡ ਨਾਨੋਵਾਲ ਵਿਖੇ ਇੱਕ ਵਾਟਰ ਟ੍ਰੀਟਮੈਂਟ ਪਲਾਂਟ (12 ਐਮ.ਐਲ.ਡੀ.) ਲਗਾਇਆ ਗਿਆ ਹੈ ਅਤੇ ਭਾਖੜਾ ਨਹਿਰ (ਮੇਨ ਲਾਈਨ) ਦੀ ਰਾਜਪੁਰਾ ਡਿਸਟ੍ਰੀਬਿਊਟਰੀ ਦਾ ਪਾਣੀ ਲੈ ਕੇ, ਉਸ ਪਾਣੀ ਨੂੰ ਫਿਲਟਰੇਸ਼ਨ ਅਤੇ ਕਲੋਰੀਨੇਸ਼ਨ ਰਾਹੀਂ ਕੀਟਾਣੂ ਰਹਿਤ ਕਰ ਕੇ 92 ਪਿੰਡਾਂ ਦੇ ਸਬੰਧਤ ਜਲ ਘਰਾਂ ਦੀਆਂ ਟੈਂਕੀਆਂ ਵਿੱਚ ਭਰਿਆ ਜਾਵੇਗਾ। ਟੈਂਕੀਆਂ ਤੋਂ ਪਾਈਪ ਲਾਈਨਾਂ ਰਾਹੀਂ ਪਾਣੀ ਘਰ-ਘਰ ਪਹੁੰਚਾਇਆ ਜਾਵੇਗਾ। ਇਸ ਪ੍ਰੋਜੈਕਟ ਦੀ ਕੁੱਲ ਅਨੁਮਾਨਤ ਲਾਗਤ 100.08 ਕਰੋੜ ਰੁਪਏ ਹੈ। ਨਹਿਰੀ ਪਾਣੀ ਨਾਲ ਧਰਤੀ ਹੇਠਲੇ ਦਿਨੋ-ਦਿਨ ਡੂੰਘੇ ਹੋ ਰਹੇ ਪਾਣੀ ਦੇ ਪੱਧਰ ਦਾ ਬਚਾਅ ਹੋਵੇਗਾ, ਕੈਮੀਕਲ ਰਹਿਤ ਹੋਣ ਸਦਕਾ ਪਾਣੀ ਦੂਸ਼ਿਤ ਹੋਣ ਦੇ ਆਸਾਰ ਘੱਟ ਹੋਣਗੇ। ਇਸ ਨਾਲ ਵਾਤਾਵਰਨ ਵਿੱਚ ਵੀ ਸਥਿਰਤਾ ਆਵੇਗੀ।

ਸਰਕਾਰੀ ਗਰਲਜ਼ ਸੀਨੀਅਰ ਸੈਕੰਡਰੀ ਸਕੂਲ ਕਾਲਾਂਵਾਲੀ ਦੇ ਸਟਾਫ ਨੇ ਦਿੱਤੀਆਂ ਸ਼ੁਭ-ਕਾਮਨਾਵਾਂ

ਸਕੂਲ ਸਟਾਫ ਵੱਲੋਂ ਮੈਡਮ ਹਰਜੀਤ ਕੌਰ ਦਾ ਹੋ ਰਿਹਾ ਸਨਮਾਨ

ਸਿਰਸਾ (ਸੁਰਿੰਦਰ ਪਾਲ ਸਿੰਘ): ਸਰਕਾਰੀ ਗਰਲ ਸੀਨੀਅਰ ਸਰਕਾਰੀ ਸੈਕੈਂਡਰੀ ਸਕੂਲ ਕਾਲਾਂਵਾਲੀ ਦੇ ਇਤਿਹਾਸ ਦੇ ਲੈਕਚਰਾਰ ਹਰਜੀਤ ਕੌਰ ਦੀ ਸੇਵਾ ਮੁਕਤੀ ਤੇ ਸਕੂਲ ਸਟਾਫ ਅਤੇ ਵਿਦਿਆਰਥੀਆਂ ਵੱਲੋਂ ਉਹਨਾਂ ਨੂੰ ਨਿੱਘੀ ਵਿਦਾਈ ਗਈ ਦਿੱਤੀ ਗਈ। ਸਕੂਲ ਦੇ ਪ੍ਰਿੰਸੀਪਲ ਵਿਜੈਪਾਲ ਸਿੰਘ ਦੀ ਰਹਨੁਮਾਈ ਹੇਠ ਬੋਲਦੇ ਹੋਏ ਕਾਰਜਕਾਰੀ ਪ੍ਰਿੰਸੀਪਲ ਬੇਅੰਤ ਸਿੰਘ ਨੇ ਕਿਹਾ ਕਿ ਮੈਡਮ ਹਰਜੀਤ ਕੌਰ ਦੀਆਂ ਵਿਦਿਆ ਵਿਭਾਗ ਨੂੰ ਦਿਤੀਆਂ 20 ਸਾਲ ਦੀਆਂ ਵਿਦਿਅਕ ਸੇਵਾਵਾਂ ਨੂੰ ਹਮੇਸ਼ਾ ਯਾਦ ਰੱਖਿਆ ਜਾਵੇਗਾ। ਉਹਨਾਂ ਮੈਡਮ ਹਰਜੀਤ ਕੌਰ ਵੱਲੋਂ ਸਕੂਲ ਲਈ ਦਿੱਤੀ 31000 ਰੁਪਏ ਦੀ ਨਗਦ ਰਾਸ਼ੀ ਸਕੂਲ ਲਈ ਦਿੱਤੀ ਗਈ। ਇਸ ਮੌਕੇ ਮੈਡਮ ਹਰਜੀਤ ਕੌਰ ਦੀ ਨੂੰਹ ਸੀਨਮ ਅਤੇ ਬੇਟੇ ਲਵਪ੍ਰੀਤ ਸਿੰਘ ਵਲੋ ਆਏ ਮਹਿਮਾਨਾਂ ਦਾ ਸਵਾਗਤ ਕੀਤਾ ਗਿਆ। ਸਕੂਲ ਸਟਾਫ ਵੱਲੋਂ ਮੈਡਮ ਹਰਜੀਤ ਕੌਰ ਨੂੰ ਸੋਨੇ ਦੀ ਮੁੰਦਰੀ ਅਤੇ ਪਰਿਵਾਰ ਨੂੰ ਵਿਸ਼ੇਸ਼ ਤੋਹਫਿਆ ਨਾਲ ਨਿਵਾਜਿਆ ਗਿਆ। ਇਸ ਦੌਰਾਨ ਬਲਾਕ ਸਿੱਖਿਆ ਅਧਿਕਾਰੀ ਵਿਨੋਦ ਕੁਮਾਰ ਸ਼ਓਰਾਣ ਵੱਲੋਂ ਲੈਕਚਰਾਰ ਹਰਦੀਪ ਹਰਜੀਤ ਕੌਰ ਨੂੰ ਸ਼ੁਭਕਾਮਨਾਵਾਂ ਭੇਜੀਆਂ ਗਈਆਂ। ਇਸ ਸਮਾਗਮ ਵਿੱਚ ਹਰਜੀਤ ਕੌਰ ਦੀ ਸਪੁਤਰੀ ਹਰਪ੍ਰੀਤ ਕੌਰ ਅਤੇ ਜਵਾਈ ਆਨ ਲਾਇਨ ਹਾਜ਼ਰ ਸਨ ਅਤੇ ਸਕੂਲ ਦੇ ਲੈਕਚਰਾਰ ਹੇਮਰਾਜ, ਗੁਰਸੇਵਕ ਸਿੰਘ, ਜਸਪਾਲ ਸਿੰਘ, ਪ੍ਰਹਿਲਾਦ ਸਿੰਘ ਪੁਸ਼ਪਿੰਦਰ ਕੁਮਾਰ,ਕੁਲਦੀਪ ਸ਼ਾਸਤਰੀ ਨਵਜਿੰਦਰ ਸਿੰਘ ਅਤੇ ਮੈਡਮ ਕੁਲਜੀਤ ਕੌਰ ਅਤੇ ਮਨਵੀਰ ਕੌਰ ਸਮੇਤ ਸਮੁੱਚਾ ਸਕੂਲ ਸਟਾਫ ਅਤੇ ਰਿਸ਼ਤੇਦਰਾ ਤੋ ਬਿਨਾਂ ਮਿੱਡ ਡੇ ਮੀਲ ਵਰਕਰ ਅਤੇ ਵਿਦਿਆਥਣਾਂ ਵੀ ਸਮਾਗਮ ਵਿਚ ਹਾਜ਼ਰ ਰਹੀਆਂ।

ਡਿਪਟੀ ਕਮਿਸ਼ਨਰ ਵੱਲੋਂ ਪੀ ਡੀ ਏ ਦੇ ਵਿਕਾਸ ਪ੍ਰਾਜੈਕਟਾਂ ਦੀ ਸਮੀਖਿਆ

ਪਟਿਆਲਾ (ਰਾਜਿੰਦਰ ਸਿੰਘ ਥਿੰਦ)-ਪਟਿਆਲਾ ਦੇ ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਨੇ ਪੀ.ਡੀ.ਏ. (ਪਟਿਆਲਾ ਵਿਕਾਸ ਅਥਾਰਟੀ) ਦੇ ਵਿਕਾਸ ਪ੍ਰਾਜੈਕਟਾਂ ਦੀ ਸਮੀਖਿਆ ਕਰਦਿਆਂ ਪੀ.ਡੀ.ਏ., ਨਗਰ ਨਿਗਮ, ਬਿਜਲੀ ਨਿਗਮ, ਡਰੇਨੇਜ ਤੇ ਹੋਰ ਵਿਭਾਗਾਂ ਨੂੰ ਆਪਸੀ ਤਾਲਮੇਲ ਨਾਲ ਸਾਰੇ ਪ੍ਰਾਜੈਕਟਾਂ ਨੂੰ ਤੇਜ਼ੀ ਨਾਲ ਪੂਰਾ ਕਰਨ ਲਈ ਕਿਹਾ।ਡਿਪਟੀ ਕਮਿਸ਼ਨਰ ਨੇ ਪੀ.ਡੀ.ਏ. ਦੀਆਂ 7 ਵੱਖ-ਵੱਖ ਸਾਇਟਾਂ ਨਗਰ ਨਿਗਮ ਨੂੰ ਤਬਦੀਲ ਕਰਨ, ਹੈਰੀਟੇਜ ਸਟਰੀਟ, ਛੋਟੀ ਨਦੀ ਤੇ ਵੱਡੀ ਨਦੀ ਦੇ ਨਵੀਨੀਕਰਨ ਦੇ ਲੰਬਿਤ ਪਏ ਕੰਮਾਂ ਸਮੇਤ ਹੋਰ ਪ੍ਰਾਜੈਕਟਾਂ ਦਾ ਜਾਇਜ਼ਾ ਲਿਆ।ਪੀ.ਡੀ.ਏ. ਦੇ ਮੁੱਖ ਪ੍ਰਸ਼ਾਸਕ ਮਨੀਸ਼ਾ ਰਾਣਾ, ਨਗਰ ਨਿਗਮ ਦੇ ਕਮਿਸ਼ਨਰ ਡਾ. ਰਜਤ ਓਬਰਾਏ, ਵਣ ਮੰਡਲ ਅਫ਼ਸਰ ਵਿੰਦਿਆ ਸਾਗਰੀ, ਵਧੀਕ ਪ੍ਰਸ਼ਾਸਕ ਪੀ.ਡੀ.ਏ. ਜਸ਼ਨਪ੍ਰੀਤ ਕੌਰ ਗਿੱਲ ਸਮੇਤ ਹੋਰ ਅਧਿਕਾਰੀ ਮੌਜੂਦ ਸਨ।

ਡਾ. ਪ੍ਰੀਤੀ ਯਾਦਵ ਨੇ ਸਾਂਝੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਅਕਾਲ ਕੰਪਲੈਕਸ ਨੇੜੇ ਅਮਰ ਆਸ਼ਰਮ, 15 ਏਕੜ ਸਾਈਟ (ਨੇੜੇ ਗੁਰਦੁਆਰਾ ਦੁੱਖ ਨਿਵਾਰਨ ਸਾਹਿਬ), 3.65 ਏਕੜ ਪੀ.ਆਰ.

2- January - Page 6.qxd 1/1/2025 10:47 PM Page 1

ਸਰਕਾਰੀ ਕਣਕ ਦੀਆਂ ਪਰਚੀਆਂ ਕੱਟਣ ਤੋਂ ਇਨਕਾਰੀ ਫੂਡ ਸਪਲਾਈ ਇੰਸਪੈਕਟਰ ਖਿਲਾਫ਼ ਫੂਡ ਸਪਲਾਈ ਦਫ਼ਤਰ ਦਾ ਘਿਰਾਓ

ਜਲੰਧਰ, (ਸੈਲੀ ਐਲਬਰਟ)- ਸੱਤਾਧਾਰੀ ਧਿਰ ਦੇ ਉੱਚ ਆਗੂਆਂ ਦੇ ਇਸ਼ਾਰੇ ਅਤੇ ਸਥਾਨਕ ਇੱਕ ਵਿਅਕਤੀ ਨਾਲ ਮਿਲੀਭੁਗਤ ਕਰਕੇ ਲੋਕਾਂ ਨੂੰ ਖ਼ੁਰਾਕ ਦੇ ਅਧਿਕਾਰ ਤੋਂ ਵਾਂਝੇ ਰੱਖਣ ਲਈ ਫੂਡ ਸਪਲਾਈ ਇੰਸਪੈਕਟਰ ਅਤੇ ਡੀਪੂ ਹੋਲਡਰ ਵੱਲੋਂ ਪਹਿਲਾਂ ਤੋਂ ਨਿਰਧਾਰਤ ਥਾਂ ਪਾਣੀ ਵਾਲੀ ਟੈਂਕੀ ਵਿਖੇ ਕਣਕ ਦੀਆਂ ਪਰਚੀਆਂ ਕੱਟਣ ਤੋਂ ਇਨਕਾਰ ਦੇ ਖਿਲਾਫ਼ ਪਿੰਡ ਨੂਸੀ ਦੇ ਵੱਡੀ ਗਿਣਤੀ ਲੋਕਾਂ ਨੇ ਪੇਂਡੂ ਮਜ਼ਦੂਰ ਯੂਨੀਅਨ ਪੰਜਾਬ, ਕਿਰਤੀ ਕਿਸਾਨ ਯੂਨੀਅਨ ਅਤੇ ਪਿੰਡ ਦੀ ਪੰਚਾਇਤ ਦੀ ਅਗਵਾਈ ਹੇਠ ਖੁਰਾਕ ਸਿਵਲ ਸਪਲਾਈਜ਼ ਅਤੇ ਖਪਤਕਾਰ ਮਾਮਲੇ ਵਿਭਾਗ ਜਲੰਧਰ ਡਵੀਜ਼ਨ ਜਲੰਧਰ ਦੇ ਦਫ਼ਤਰ ਦਾ ਘਿਰਾਓ ਕੀਤਾ ਗਿਆ।ਇਸ ਉਪਰੰਤ ਡਿਪਟੀ ਡਾਇਰੈਕਟਰ (ਫੀਲਡ) ਨੂੰ ਜ਼ਿਲ੍ਹਾ ਕੰਟਰੋਲਰ ਖੁਰਾਕ ਸਿਵਲ ਸਪਲਾਈਜ਼ ਅਤੇ ਖਪਤਕਾਰ ਮਾਮਲੇ ਜਲੰਧਰ ਨੂੰ ਦਿਸ਼ਾ ਨਿਰਦੇਸ਼ ਜਾਰੀ ਕਰਨੇ ਪਏ।ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਦੇ ਸੂਬਾਈ ਪ੍ਰੈਸ ਸਕੱਤਰ ਕਸ਼ਮੀਰ ਸਿੰਘ ਘੁੱਗਸ਼ੋਰ ਨੇ ਦੱਸਿਆ ਕਿ ਜ਼ਿਲ੍ਹਾ ਕੰਟਰੋਲਰ ਖੁਰਾਕ ਸਿਵਲ ਸਪਲਾਈਜ਼ ਅਤੇ ਖਪਤਕਾਰ ਮਾਮਲੇ ਜਲੰਧਰ ਵੱਲੋਂ ਡਿਪਟੀ ਡਾਇਰੈਕਟਰ(ਫੀਲਡ) ਦੇ ਹੁਕਮਾਂ ਅਨੁਸਾਰ ਖੁਰਾਕ ਤੇ ਸਪਲਾਈ ਅਫ਼ਸਰ ਜਲੰਧਰ ਅਤੇ ਸਹਾਇਕ ਖੁਰਾਕ ਤੇ ਸਪਲਾਈ ਅਫ਼ਸਰ ਜਲੰਧਰ ਰੂਰਲ ਨੂੰ ਲਿਖਤੀ ਹਦਾਇਤ ਕੀਤੀ ਕਿ ਸਮੂਹ ਵਸਨੀਕਾਂ ਦੀ ਸਹੂਲਤ ਲਈ ਅਤੇ ਲੋਕ ਹਿੱਤਾਂ ਨੂੰ ਮੁੱਖ ਰੱਖਦਿਆਂ ਪਿੰਡ ਨੂਸੀ ਵਿਖੇ ਪਿੰਡ ਦੀ ਵਾਟਰ ਸਪਲਾਈ ਦੀ ਟੈਂਕੀ ਅਤੇ ਇਸ ਤੋਂ ਇਲਾਵਾ ਜਿੱਥੇ ਜਿੱਥੇ ਪਿੰਡ ਦੇ ਲਾਭਪਾਤਰੀ ਕਣਕ ਪ੍ਰਾਪਤ ਕਰਨਾ ਚਾਹੁੰਦੇ ਹਨ ਉਸ ਜਗ੍ਹਾ ਅੱਜ ਹੀ ਕਣਕ ਦੀਆਂ ਪਰਚੀਆਂ ਕੱਟੀਆਂ ਜਾਣ। ਇਸ ਉਪਰੰਤ ਦਫ਼ਤਰ ਦਾ ਘੇਰਾਓ ਖ਼ਤਮ ਕੀਤਾ ਗਿਆ।ਇਸ ਸਮੇਂ ਹਾਜ਼ਰ ਪਿੰਡ ਵਾਸੀਆਂ ਨੇ ਦੱਸਿਆ ਕਿ ਪਿੰਡ ਦੀ ਪੰਚਾਇਤ ਅਤੇ ਸਰਪੰਚ ਵੱਲੋਂ ਬੇਨਤੀ ਕਰਨ ਦੇ ਬਾਵਜੂਦ ਸੱਤਾ ਧਿਰ ਦੇ ਆਗੂਆਂ ਦੀ ਸ਼ਹਿ ਉੱਤੇ ਸਰਕਾਰੀ ਰਾਸ਼ਨ ਡਿਪੂ ਤੋਂ ਮਿਲਣ ਵਾਲੀ ਕਣਕ ਦੀਆਂ ਪਰਚੀਆਂ ਕੱਟਣ ਤੋਂ ਇਨਕਾਰੀ ਫੂਡ ਸਪਲਾਈ ਇੰਸਪੈਕਟਰ ਨੂੰ 30 ਦਸੰਬਰ ਨੂੰ ਪਿੰਡ ਵਿਖੇ ਲੋਕਾਂ ਦੀ ਵਿਰੋਧਤਾ ਦਾ ਸਾਹਮਣਾ ਕਰਨਾ ਪਿਆ।ਵਿਭਾਗ ਦੇ ਅਧਿਕਾਰੀਆਂ ਵੱਲੋਂ ਕੀਤੀ ਜਾ ਰਹੀ ਮਨਮਾਨੀ ਵਿਰੁੱਧ ਅੱਜ ਪਿੰਡ ਵਾਸੀਆਂ ਨੂੰ ਫੂਡ ਸਪਲਾਈ ਦਫ਼ਤਰ ਦਾ ਘਿਰਾਓ ਕਰਨਾ ਪਿਆ। ਇਸ ਤੋਂ ਪਹਿਲਾਂ ਡਿਪਟੀ ਕਮਿਸ਼ਨਰ ਜਲੰਧਰ ਦੇ ਨਾਂ ਇੱਕ ਸ਼ਿਕਾਇਤ ਪੱਤਰ ਐੱਸਡੀਐੱਮ ਜਲੰਧਰ-1 ਨੂੰ ਜਨਤਕ ਤੌਰ ਉੱਤੇ ਮਿਲ ਕੇ ਦਿੱਤਾ ਗਿਆ ਹੈ।ਪਿੰਡ ਵਾਸੀਆਂ ਨੂੰ ਬਿਨ੍ਹਾਂ ਕੋਈ ਇਤਲਾਹ ਦਿੱਤੇ ਪਹਿਲੇ ਸਥਾਨ ਦੀ ਥਾਂ ਇੱਕ ਧਾਰਮਿਕ ਸਥਾਨ ਵਿਖੇ ਜਿਉਂ ਹੀ ਕੱਟਣੀਆਂ ਸ਼ੁਰੂ ਕੀਤੀਆਂ ਤਾਂ ਪਿੰਡ ਦੀ ਪੰਚਾਇਤ ਅਤੇ ਪਿੰਡ ਵਾਸੀਆਂ ਨੂੰ ਖ਼ਬਰ ਲੱਗਦੇ ਸਾਰ ਹੀ ਉਹਨਾਂ ਪਹਿਲੇ ਸਥਾਨ ਪਾਣੀ ਵਾਲੀ ਟੈਂਕੀ ਵਿਖੇ ਪਰਚੀਆਂ ਕੱਟਣ ਦੀ ਮੰਗ ਕੀਤੀ।ਮੌਕੇ ਉੱਤੇ ਫੂਡ ਸਪਲਾਈ ਵਿਭਾਗ ਤੋਂ ਫੂਡ ਇੰਸਪੈਕਟਰ ਅਤੇ ਡੀਪੂ ਹੋਲਡਰ ਲੋਕਾਂ ਦੇ ਸਵਾਲਾਂ ਦਾ ਕੋਈ ਵੀ ਜਵਾਬ ਨਹੀਂ ਦੇ ਸਕਿਆ। ਤਨਾਣ ਵਧਦਾ ਦੇਖ ਕੇ ਕਰਤਾਰਪੁਰ ਅਤੇ ਮਕਸੂਦਾਂ ਦੇ ਥਾਣਾ ਮੁਖੀਆਂ ਨੇ ਮੌਕੇ ਉੱਤੇ ਪੁੱਜ ਕੇ ਫੂਡ ਇੰਸਪੈਕਟਰ ਨੂੰ ਉਥੋਂ ਕੱਢਿਆ।ਪਿੰਡ ਵਾਸੀਆਂ ਅਤੇ ਜਥੇਬੰਦੀਆਂ ਨੇ ਵਿਭਾਗ ਨੂੰ ਤੁਰੰਤ ਪਰਚੀਆਂ ਕੱਟ ਕੇ ਕਣਕ ਲੋਕਾਂ ਨੂੰ ਦੇਣ ਦੀ ਮੰਗ ਕੀਤੀ ਅਤੇ ਲੋੜ ਪੈਣ ਉੱਤੇ ਸੰਘਰਸ਼ ਕਰਨ ਦਾ ਐਲਾਨ ਵੀ ਕੀਤਾ।ਇਸ ਸਮੇਂ ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਦੇ ਸੂਬਾਈ ਪ੍ਰੈਸ ਸਕੱਤਰ ਕਸ਼ਮੀਰ ਸਿੰਘ ਘੁੱਗਸ਼ੋਰ, ਇਕਬਾਲ ਸਿੰਘ, ਕਿਰਤੀ ਕਿਸਾਨ ਯੂਨੀਅਨ ਦੇ ਆਗੂ ਹਰਪ੍ਰੀਤ ਕੌਰ ਨੂਸੀ, ਸਰਪੰਚ ਤੀਰਥ ਲਾਡੀ, ਜਗਦੀਸ਼, ਬਬਲੀ, ਸੋਮ ਦੱਤ,ਵਿਜੈ ਕੁਮਾਰ ਸਾਰੇ ਪੰਚ,ਜੋਤੀ,ਬੀਰੋ, ਭਜਨੋਂ, ਪਰਮਜੀਤ, ਊਸ਼ਾ,ਮਮਤਾ,ਮੋਹਨ ਲਾਲ ਅਤੇ ਕਾਲਾ ਸਮੇਤ ਵੱਡੀ ਗਿਣਤੀ ਪਿੰਡ ਵਾਸੀ ਮਰਦ, ਔਰਤਾਂ ਹਾਜ਼ਰ ਸਨ।

ਅਗਰਵਾਲ ਸਭਾ ਸੁਨਾਮ ਨੇ ਏਕਮ ਦਾ ਦਿਹਾੜਾ ਮਨਾਇਆ

ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)- ਅਗਰਵਾਲ ਸਭਾ ਵੱਲੋਂ ਏਕਮ ਦਾ ਦਿਹਾੜਾ ਹਰ ਦੇਸੀ ਮਹੀਨੇ ਦੀ ਪਹਿਲੀ ਤਾਰੀਖ਼ ਨੂੰ ਮਨਾਇਆ ਜਾਂਦਾ ਹੈ। ਸਭਾ ਦੇ ਚੇਅਰਮੈਨ ਸ੍ਰੀ ਮਨਪ੍ਰੀਤ ਬਾਂਸਲ ਅਤੇ ਉਸ ਦੇ ਪਰਿਵਾਰ ਵੱਲੋਂ ਇਸ ਦਿਨ ਪੂਜਾ ਕਰਵਾਈ ਗਈ। ਸਭਾ ਦੇ ਪ੍ਰਧਾਨ ਹਕੂਮਤ ਰਾਏ ਜਿੰਦਲ, ਚੇਅਰਮੈਨ ਮਨਪ੍ਰੀਤ ਬਾਂਸਲ, ਸਰਪ੍ਰਸਤ ਵੇਦ ਪ੍ਰਕਾਸ਼ ਹੋਡਲਾ, ਜਨਰਲ ਸਕੱਤਰ ਕ੍ਰਿਸ਼ਨ ਸੰਦੋਹਾ, ਪ੍ਰੋਜੈਕਟ ਚੇਅਰਮੈਨ ਵਿਕਰਮ ਗਰਗ ਵਿੱਕੀ ਨੇ ਇਹ ਦਿਹਾੜਾ ਮਨਾਉਣ ਲਈ ਸਾਰਿਆਂ ਦਾ ਧੰਨਵਾਦ ਕੀਤਾ ਅਤੇ ਨਵੇਂ ਸਾਲ ਦੀ ਵਧਾਈ ਦਿੱਤੀ ਤੇ ਸਾਰਿਆਂ ਦੀ ਚੰਗੀ ਸੇਹਤ ਦੀ ਕਾਮਨਾ ਕੀਤੀ। ਇਸ ਮੌਕੇ ਤੇ ਐਡਵੋਕੇਟ ਦੀਪਕ ਗੋਇਲ ਨੂੰ ਨਵੇਂ ਈ,ਓ, ਸਲੈਕਟ ਹੋਣ ਤੇ ਅਤੇ ਸ੍ਰੀ ਰੋਨਿਤ ਗੋਇਲ ਨੂੰ ਸੀ, ਏ, ਬਨਣ ਤੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਭਾਰੀ ਗਿਣਤੀ ਵਿੱਚ ਸਭਾ ਦੇ ਮੈਂਬਰ ਹਾਜ਼ਰ ਸਨ।

ਐਸ ਜੀ ਪੀ ਸੀ ਚੋਣਾਂ ਲਈ ਡਰਾਫਟ ਵੋਟਰ ਸੂਚੀ ਭਲਕੇ ਪ੍ਰਕਾਸ਼ਤ ਕੀਤੀ ਜਾਵੇਗੀ : ਜੋਰਵਾਲ

ਵੋਟਰ 24 ਤੱਕ ਆਪਣੇ ਇਤਰਾਜ਼ ਜਾਂ ਅਪੀਲ ਦਾਇਰ ਕਰ ਸਕਦੇ ਹਨ

ਖੰਨਾ, (ਸੁਖਵਿੰਦਰ ਸਿੰਘ ਭਾਦਲਾ) ਡਿਪਟੀ ਕਮਿਸ਼ਨਰ ਸ੍ਰੀ ਜਤਿੰਦਰ ਜੋਰਵਾਲ ਵੱਲੋਂ ਐਲਾਨ ਕੀਤਾ ਗਿਆ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ (ਐਸਜੀਪੀਸੀ) ਦੀਆਂ ਚੋਣਾਂ ਲਈ ਡਰਾਫਟ ਵੋਟਰ ਸੂਚੀ 3 ਜਨਵਰੀ ਨੂੰ ਪ੍ਰਕਾਸ਼ਿਤ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਇਹ ਡਰਾਫਟ ਵੋਟਰ ਸੂਚੀ 21 ਅਕਤੂਬਰ, 2023 ਅਤੇ 15 ਦਸੰਬਰ, 2024 ਵਿਚਕਾਰ ਪ੍ਰਾਪਤ ਹੋਏ ਫਾਰਮਾਂ ਦੇ ਆਧਾਰ 'ਤੇ ਤਿਆਰ ਕੀਤੀ ਗਈ ਹੈ।ਇਹ ਸੂਚੀ ਰਿਵਾਈਜ਼ਿੰਗ ਅਫ਼ਸਰਾਂ ਦੇ ਦਫ਼ਤਰਾਂ ਵਿੱਚ ਉਪਲਬਧ ਹੋਵੇਗੀ।ਸ੍ਰੀ ਜਤਿੰਦਰ ਜੋਰਵਾਲ ਨੇ ਅੱਗੇ ਕਿਹਾ ਕਿ ਵੋਟਰਾਂ ਕੋਲ 24 ਜਨਵਰੀ ਤੱਕ ਸਬੰਧਤ ਰਿਵਾਈਜ਼ਿੰਗ ਅਫ਼ਸਰਾਂ ਕੋਲ ਇਤਰਾਜ਼ ਅਤੇ ਅਪੀਲਾਂ ਦਾਇਰ ਕਰਨ ਦਾ ਮੌਕਾ ਹੈ।ਖੰਨਾ ਖੇਤਰ ਲਈ ਰਿਵਾਈਜ਼ਿੰਗ ਅਫ਼ਸਰ ਐਸ.ਡੀ.ਐਮ ਖੰਨਾ ਹਨ ਅਤੇ ਡਰਾਫਟ ਵੋਟਰ ਸੂਚੀ ਉਨ੍ਹਾਂ ਦੇ ਦਫ਼ਤਰ ਵਿੱਚ ਉਪਲਬਧ ਹੋਵੇਗੀ।ਵੋਟਰ 24 ਜਨਵਰੀ ਤੱਕ ਉੱਥੇ ਕੋਈ ਵੀ ਇਤਰਾਜ਼ ਜਾਂ ਅਪੀਲ ਦਾਇਰ ਕਰ ਸਕਦੇ ਹਨ। ਪਾਇਲ ਲਈ ਰਿਵਾਈਜ਼ਿੰਗ ਅਫਸਰ ਐਸਡੀਐਮ ਪਾਇਲ ਹਨ, ਜਿਨ੍ਹਾਂ ਕੋਲ ਵੋਟਰਾਂ ਲਈ ਡਰਾਫਟ ਸੂਚੀ ਵੀ ਉਨ੍ਹਾਂ ਦੇ ਦਫ਼ਤਰ ਵਿੱਚ ਉਪਲਬਧ ਹੋਵੇਗੀ ਤਾਂ ਜੋ ਉਹ ਇਤਰਾਜ਼ਾਂ ਦੀ ਜਾਂਚ ਕਰ ਸਕਣ।ਲੁਧਿਆਣਾ ਪੱਛਮੀ, ਸਮਰਾਲਾ, ਰਾਏਕੋਟ ਅਤੇ ਜਗਰਾਉਂ ਦੇ ਸਬ-ਡਵੀਜ਼ਨਾਂ ਵਿੱਚ ਸਬੰਧਤ ਐਸਡੀਐਮ ਰਿਵਾਈਜ਼ਿੰਗ ਅਫਸਰ ਵਜੋਂ ਕੰਮ ਕਰਦੇ ਹਨ ਅਤੇ ਵੋਟਰ ਡਰਾਫਟ ਵੋਟਰ ਸੂਚੀ ਦੀ ਜਾਂਚ ਕਰ ਸਕਦੇ ਹਨ ਅਤੇ ਆਪਣੇ ਦਫ਼ਤਰਾਂ ਵਿੱਚ ਇਤਰਾਜ਼ ਦਰਜ ਕਰ ਸਕਦੇ ਹਨ।ਲੁਧਿਆਣਾ ਦਿਹਾਤੀ ਲਈ ਐਸਡੀਐਮ ਪੂਰਬੀ ਰਿਵਾਈਜ਼ਿੰਗ ਅਫਸਰ ਹਨ ਅਤੇ ਡਰਾਫਟ ਵੋਟਰ ਸੂਚੀ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਸਥਿਤ ਉਨ੍ਹਾਂ ਦੇ ਦਫ਼ਤਰ ਵਿੱਚ ਉਪਲਬਧ ਹੋਵੇਗੀ।ਮੁੱਲਾਂਪੁਰ ਦਾਖਾ ਵਿੱਚ ਜ਼ਿਲ੍ਹਾ ਮਾਲ ਅਫਸਰ (ਡੀਆਰਓ) ਰਿਵਾਈਜ਼ਿੰਗ ਅਫਸਰ ਹਨ, ਵੋਟਰ ਡਰਾਫਟ ਵੋਟਰ ਸੂਚੀ ਦੀ ਜਾਂਚ ਕਰ ਸਕਦੇ ਹਨ ਅਤੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਦੀ ਡੀਆਰਏ ਸ਼ਾਖਾ ਵਿੱਚ ਇਤਰਾਜ਼ ਦਰਜ ਕਰ ਸਕਦੇ ਹਨ।ਪੱਖੋਵਾਲ ਦੇ ਵੋਟਰ ਡਰਾਫਟ ਵੋਟਰ ਸੂਚੀ ਦੀ ਜਾਂਚ ਕਰ ਸਕਦੇ ਹਨ ਅਤੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਦੀ ਪਹਿਲੀ ਮੰਜ਼ਿਲ 'ਤੇ ਜ਼ਿਲ੍ਹਾ ਵਿਕਾਸ ਅਤੇ ਪੰਚਾਇਤ ਅਫ਼ਸਰ ਦੇ ਦਫ਼ਤਰ ਵਿੱਚ ਇਤਰਾਜ਼ ਦਰਜ ਕਰ ਸਕਦੇ ਹਨ।ਵਧੀਕ ਡਿਪਟੀ ਕਮਿਸ਼ਨਰ (ਸ਼ਹਿਰੀ ਵਿਕਾਸ) ਸਿੱਧਵਾਂ ਬੇਟ ਖੇਤਰ ਲਈ ਸੋਧ ਅਧਿਕਾਰੀ ਹਨ, ਜਿੱਥੇ ਵੋਟਰ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਦੇ ਕਮਰੇ ਨੰਬਰ 118 ਵਿੱਚ ਡਰਾਫਟ ਵੋਟਰ ਸੂਚੀ ਦੀ ਜਾਂਚ ਕਰ ਸਕਦੇ ਹਨ ਅਤੇ ਇਤਰਾਜ਼ ਦਰਜ ਕਰ ਸਕਦੇ ਹਨ।ਦੋਰਾਹਾ ਖੇਤਰ ਦੇ ਵੋਟਰਾਂ ਲਈ ਖੇਤਰੀ ਆਵਾਜਾਈ ਅਧਿਕਾਰੀ ਸੋਧ ਅਧਿਕਾਰੀ ਵਜੋਂ ਕੰਮ ਕਰਨਗੇ ਅਤੇ ਡਰਾਫਟ ਵੋਟਰ ਸੂਚੀ ਦੀ ਜਾਂਚ ਵਿਜੀਲੈਂਸ ਦਫ਼ਤਰ ਦੇ ਸਾਹਮਣੇ ਜ਼ਿਲ੍ਹਾ ਪ੍ਰੀਸ਼ਦ ਇਮਾਰਤ ਦੇ ਕਮਰੇ ਨੰਬਰ 1 ਵਿੱਚ ਕੀਤੀ ਜਾ ਸਕਦੀ ਹੈ।ਅੰਤ ਵਿੱਚ ਲੁਧਿਆਣਾ ਦੱਖਣੀ ਅਤੇ ਉੱਤਰੀ ਵੋਟਰਾਂ ਲਈ ਨਗਰ ਨਿਗਮ (ਐਮ.ਸੀ) ਦੇ ਸੰਯੁਕਤ ਕਮਿਸ਼ਨਰ ਸੋਧ ਅਧਿਕਾਰੀ ਹਨ। ਵੋਟਰ ਗਿੱਲ ਰੋਡ 'ਤੇ ਐਮ.ਸੀ ਜ਼ੋਨ-ਸੀ ਇਮਾਰਤ ਦੇ ਕਮਰੇ ਨੰਬਰ 12 ਅਤੇ ਐਮ.ਸੀ ਜ਼ੋਨ-ਏ ਇਮਾਰਤ ਦੀ ਤੀਜੀ ਮੰਜ਼ਿਲ 'ਤੇ ਕਮਰਾ ਨੰਬਰ 72 ਵਿੱਚ ਕ੍ਰਮਵਾਰ ਡਰਾਫਟ ਵੋਟਰ ਸੂਚੀਆਂ ਦੀ ਜਾਂਚ ਕਰ ਸਕਦੇ ਹਨ ਅਤੇ ਇਤਰਾਜ਼ ਦਰਜ ਕਰ ਸਕਦੇ ਹਨ।

ਜਨਮ ਦਿਨ ਮੁਬਾਰਕ

ਸਾਹਿਬ ਬਜਾਜ

ਪਰਨੀਤ ਕੌਰ (ਦੁਰਗਾਪੁਰ)

ਡਾ. ਹਰਜੋਤ ਕਮਲ ਸਿੰਘ ਨੇ ਪੈਨਸ਼ਨਰਾਂ ਨੂੰ ਵੰਡੇ ਮਨਜ਼ੂਰੀ ਪੱਤਰ

ਮੋਗਾ, (ਇਕਬਾਲ ਸਿੰਘ ਖਹਿਰਾ)-ਪੰਜਾਬ ਭਾਜਪਾ ਦੇ ਸੈਕਟਰੀ ਅਤੇ ਮੋਗਾ ਤੋਂ ਸਾਬਕਾ ਵਿਧਾਇਕ ਡਾ. ਹਰਜੋਤ ਕਮਲ ਸਿੰਘ ਨੇ ਨਵੇਂ ਸਾਲ ਦੇ ਮੌਕੇ 'ਤੇ ਸ਼ੁੱਭਕਾਮਨਾਵਾਂ ਦਿੰਦੇ ਹੋਏ ਆਪਣੇ ਬਾਹਰਲੀ ਮੰਡੀ ਵਿੱਚ ਸਥਿਤ ਦਫ਼ਤਰ ਵਿੱਚੋਂ ਲਗਵਾਈਆਂ ਪੈਨਸ਼ਨਾਂ ਦੇ ਮਨਜ਼ੂਰੀ ਪੱਤਰ ਲਾਭਪਾਤਰੀਆਂ ਨੂੰ ਨਵੇਂ ਵਰ੍ਹੇ ਦੇ ਤੋਹਫੇ ਵਜੋਂ ਪ੍ਰਦਾਨ ਕੀਤੇ। ਉਨ੍ਹਾਂ ਦੱਸਿਆ ਕਿ ਕੁਲ 22 ਪੈਨਸ਼ਨਾਂ ਦੇ ਲਾਭਪਾਤਰੀਆਂ ਨੂੰ ਮਨਜ਼ੂਰੀ ਪੱਤਰ ਦਿੱਤੇ ਗਏ ਹਨ। ਇਸ ਮੌਕੇ ਪੈਨਸ਼ਨਾਂ ਦੇ ਮਨਜ਼ੂਰੀ ਪੱਤਰ ਮਿਲਣ 'ਤੇ ਬਜ਼ੁਰਗਾਂ, ਵਿਧਵਾਵਾਂ ਅਤੇ ਅੰਗਹੀਣ ਵਿਅਕਤੀਆਂ ਦੇ ਚੇਹਰਿਆਂ 'ਤੇ ਆਈ ਖੁਸ਼ੀ ਬਿਆਨ ਕਰਦੀ ਸੀ ਕਿ ਉਨ੍ਹਾਂ ਲਈ ਇਹ ਪੈਨਸ਼ਨ ਕਿੰਨੀ ਵੱਡੀ ਰਾਹਤ ਲੈ ਕੇ ਆਈ ਹੈ। ਇਸ ਮੌਕੇ ਡਾ. ਹਰਜੋਤ ਕਮਲ ਸਿੰਘ ਨੇ ਕਿਹਾ ਕਿ ਉਹ ਸੇਵਾ ਦੇ ਮਨੋਰਥ ਨਾਲ ਹੀ ਰਾਜਨੀਤੀ ਵਿੱਚ ਆਏ ਸਨ। ਉਨ੍ਹਾਂ ਵੱਲੋਂ ਜਿੰਨਾ ਵੀ ਸਮਾਜ ਸੇਵਾ ਲਈ ਹੋ ਸਕਿਆ, ਉਨ੍ਹਾਂ ਨੇ ਕੀਤਾ ਅਤੇ ਅੱਜ ਵੀ ਉਨ੍ਹਾਂ ਦੇ ਸੇਵਾ ਦਾ ਮਨੋਰਥ ਇਸੇ ਤਰ੍ਹਾਂ ਚੱਲ ਰਿਹਾ ਹੈ। ਉਨ੍ਹਾਂ ਕਿਹਾ ਕਿ ਹਮੇਸ਼ਾ ਦੀ ਤਰ੍ਹਾਂ ਉਨ੍ਹਾਂ ਦਾ ਦਫ਼ਤਰ ਜ਼ਰੂਰਤਮੰਦ ਲੋਕਾਂ ਦੀ ਸੇਵਾ ਲਈ ਖੁੱਲ੍ਹਾ ਰਹੇਗਾ ਅਤੇ ਜੇਕਰ ਕੋਈ ਵੀ ਸਰਕਾਰੀ ਸੁਵਿਧਾ ਦਾ ਲਾਭ ਲੈਣ ਤੋਂ ਵਾਂਝਾ ਰਹਿ ਗਿਆ ਹੈ ਤਾਂ ਉਨ੍ਹਾਂ ਦੇ ਦਫ਼ਤਰ ਜ਼ਰੂਰ ਪਹੁੰਚੇ। ਉਨ੍ਹਾਂ ਕਿਹਾ ਕਿ ਜ਼ਰੂਰਤਮੰਦ ਲੋਕਾਂ ਦੇ ਕੰਮ ਆ ਕੇ ਜੋ ਖੁਸ਼ੀ ਮਿਲਦੀ ਹੈ ਅਤੇ ਉਦਾਸ ਚੇਹਰੇ ਜਦੋਂ ਖੁਸ਼ੀ ਨਾਲ ਖਿਲ ਜਾਂਦੇ ਹਨ ਤਾਂ ਇਹੀ ਚੀਜ਼ ਉਨ੍ਹਾਂ ਨੂੰ ਲਗਾਤਾਰ ਕੁਝ ਚੰਗਾ ਕਰਨ ਲਈ ਪ੍ਰੇਰਿਤ ਕਰਦੀ ਰਹਿੰਦੀ ਹੈ। ਇਸ ਮੌਕੇ ਉਨ੍ਹਾਂ ਨਾਲ ਸਟਾਫ਼ ਮੈਂਬਰ ਮਨਪ੍ਰੀਤ ਸਿੰਘ ਕਪੂਰੇ, ਸਤਨਾਮ ਸਿੰਘ ਮਹੇਸ਼ਰੀ, ਰਾਜ ਕੌਰ, ਧੀਰਜ ਕੁਮਾਰ, ਗੁਰਪ੍ਰੀਤ ਸਿੰਘ, ਬਹਾਦਰ ਸਿੰਘ, ਰਵਿੰਦਰ ਸਿੰਘ ਤੋਂ ਇਲਾਵਾ ਵੱਖ ਵੱਖ ਪਿੰਡਾਂ ਤੋਂ ਆਏ ਹੋਏ ਲਾਭਪਾਤਰੀ ਹਾਜ਼ਰ ਸਨ।

ਮਾਨਸ਼ਾਹੀਆ ਨੇ ਲੜਕੀਆਂ ਨੂੰ ਦਿੱਤੀਆਂ ਸਿਲਾਈ ਮਸ਼ੀਨਾਂ

ਮਾਨਸਾ (ਆਤਮਾ ਸਿੰਘ ਪਮਾਰ)-ਉੱਘੇ ਸਮਾਜ ਸੇਵੀ ਅਤੇ ਸਾਬਕਾ ਵਿਧਾਇਕ ਨਾਜ਼ਰ ਸਿੰਘ ਮਾਨਸ਼ਾਹੀਆ ਵੱਲੋਂ ਪਿੰਡ ਭੈਣੀ ਬਾਘਾ ਅਤੇ ਮਾਨਸਾ ਦੀਆਂ 10 ਬੇਰੁਜ਼ਗਾਰ ਲੜਕੀਆਂ ਨੂੰ ਸਵੈ ਰੁਜ਼ਗਾਰ ਚਲਾਉਣ ਲਈ ਸਿਲਾਈ ਮਸ਼ੀਨਾਂ ਦਿੱਤੀਆਂ ਗਈਆਂ। ਮਸ਼ੀਨਾਂ ਭੇਟ ਕਰਨ ਉਪਰੰਤ ਸਿੰਘ ਮਾਨਸ਼ਾਹੀਆ ਨੇ ਕਿਹਾ ਕਿ ਮੈਂ ਜ਼ਰੂਰਤਮੰਦ ਲੋਕਾਂ ਦੀ ਜਿੰਨੀ ਸਹਾਇਤਾ ਆਪਣੀ ਸਮਰੱਥਾ ਅਨੁਸਾਰ ਕਰ ਸਕਦਾ ਹਾਂ ਹਰ ਸਮੇਂ ਤਿਆਰ ਹਾਂ। ਉਹਨਾਂ ਕਿਹਾ ਕਿ ਤੁਸੀਂ ਕੋਸ਼ਿਸ਼ ਕਰੋ ਕਿ ਇੱਕ ਗਰੁੱਪ ਬਣਾ ਕੇ ਵੱਡੇ ਪੱਧਰ 'ਤੇ ਸਿਲਾਈ ਦਾ ਕੰਮ ਸ਼ੁਰੂ ਕਰੋ ਤਾਂ ਕਿ ਤੁਸੀਂ ਖੁਦ ਆਪਣੇ ਪੈਰਾਂ 'ਤੇ ਆਪ ਖੜ੍ਹੀਆਂ ਹੋ ਸਕੋ।ਇਸ ਸਮੇਂ ਨਸੀਬ ਸਿੰਘ, ਸੁਖਵਿੰਦਰ ਸਿੰਘ ਘੱਦੀ ਭੈਣੀ ਬਾਘਾ, ਅਮਰਪਾਲ ਕੌਰ ਸਾਬਕਾ ਪੰਚ ਭੈਣੀ ਬਾਘਾ, ਕ੍ਰਿਸ਼ਨ ਐਮ ਸੀ ਮਾਨਸਾ ਵੀ ਮੌਜੂਦ ਸਨ।

ਸ਼ੇਰੇ ਪੰਜਾਬ ਅਕਾਲੀ ਦਲ 'ਫਕਰ ਏ ਪੰਜਾਬ' ਬਣਾ ਕੇ ਦਮ ਲਵੇਗਾ : ਬੂਟਾ ਸਿੰਘ ਰਣਸੀਂਹ

ਮੋਗਾ, (ਇਕਬਾਲ ਸਿੰਘ ਖਹਿਰਾ)- ਸ਼ੇਰੇ ਪੰਜਾਬ ਅਕਾਲੀ ਦਲ ਜ਼ਿਲ੍ਹਾ ਮੋਗਾ ਦੇ ਅਹੁਦੇਦਾਰਾਂ ਅਤੇ ਮੈਂਬਰਾਂ ਦੀ ਮੀਟਿੰਗ ਗੁਰਦੁਆਰਾ ਬੀਬੀ ਕਾਹਨ ਕੌਰ ਮੋ

2-Jan-PAG-7.qxd 1/1/2025 9:13 PM Page 1

ਸ਼ਹਿਰੀਆਂ ਦੀਆਂ ਨਜ਼ਰਾਂ ਨਗਰ ਕੌਂਸਲ ਦੀ ਪ੍ਰਧਾਨਗੀ 'ਤੇ ਟਿਕੀਆਂ

ਬਾਘਾ ਪੁਰਾਣਾ (ਮਨੀ ਸਿੰਗਲਾ)- ਮੋਗਾ ਜ਼ਿਲ੍ਹੇ ਦੇ ਅਧੀਨ ਪੈਂਦੀ ਨਗਰ ਕੌਂਸਲ ਬਾਘਾ ਪੁਰਾਣਾ ਦੇ 15 ਵਾਰਡਾਂ ਦੇ ਆਮ ਆਦਮੀ ਪਾਰਟੀ ਦੇ ਉਮੀਦਵਾਰਾਂ ਨੂੰ ਰਿਟਰਨਿੰਗ ਅਫਸਰ ਵੱਲੋਂ ਬਿਨਾਂ ਮੁਕਾਬਲਾ ਜੇਤੂ ਕਰਾਰ ਦਿੱਤੇ ਜਾਣ ਦੇ ਬਾਅਦ ਆਪ ਆਗੂਆਂ ਵਿਚ ਖ਼ੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ। ਇਸ ਜਿੱਤ ਨੂੰ ਆਪ ਆਗੂਆਂ ਨੇ ਹਲਕਾ ਵਿਧਾਇਕ ਅੰਮ੍ਰਿਤਪਾਲ ਸਿੰਘ ਸੁਖਾਨੰਦ ਦੀਆਂ ਵਿਕਾਸਮਈ ਨੀਤੀਆਂ ਨੂੰ ਦੱਸਿਆ ਹੈ, ਜਦਕਿ ਵਿਰੋਧੀ ਧਿਰਾਂ ਜਿਸ ਵਿਚ ਕਾਂਗਰਸ ਪਾਰਟੀ, ਸ਼੍ਰੋਮਣੀ ਅਕਾਲੀ ਦਲ ਅਤੇ ਭਾਰਤੀ ਜਨਤਾ ਪਾਰਟੀ ਦੇ ਆਗੂਆਂ ਦਾ ਦੋਸ਼ ਹੈ ਕਿ ਹਾਰ ਦੇ ਡਰੋਂ ਆਮ ਆਦਮੀ ਪਾਰਟੀ ਨੇ ਵਿਰੋਧੀ ਪਾਰਟੀਆਂ ਨੂੰ ਨਾਮਜ਼ਦਗੀਆਂ ਦਾਖਲ ਨਹੀਂ ਕਰਨ ਦਿੱਤੀਆਂ ਗਈਆਂ। ਦੱਸਣਯੋਗ ਹੈ ਕਿ 21 ਦਸੰਬਰ ਨੂੰ ਨਗਰ ਕੌਂਸਲ ਦੀਆਂ ਚੋਣਾਂ ਅਮਨ ਅਮਾਨ ਨਾਲ ਸੰਪੰਨ ਹੋ ਗਈਆਂ ਸਨ ਅਤੇ ਨਗਰ ਕੌਂਸਲ ਬਾਘਾ ਪੁਰਾਣਾ ਦੇ ਆਮ ਆਦਮੀ ਪਾਰਟੀ ਦੇ 15 ਵਾਰਡਾਂ ਵਿਚ ਕੋਈ ਵੀ ਉਮੀਦਵਾਰ ਆਪ ਪਾਰਟੀ ਦੇ ਆਗੂਆਂ ਦੇ ਮੁਕਾਬਲੇ ਵਿਚ ਨਾ ਹੋਣ ਕਰ ਕੇ ਇਨ੍ਹਾਂ ਨੂੰ ਜੇਤੂ ਕਰ ਦਿੱਤਾ ਗਿਆ ਸੀ ਅਤੇ ਹੁਣ ਸ਼ਹਿਰ ਵਾਸੀਆਂ ਦੀਆਂ ਨਜ਼ਰਾਂ ਨਗਰ ਕੌਂਸਲ ਦੀ ਪ੍ਰਧਾਨਗੀ 'ਤੇ ਟਿਕੀਆਂ ਹੋਈਆਂ ਹਨ ਕਿਉਂਕਿ ਪਹਿਲਾਂ ਹੀ ਸਰਕਾਰ ਵੱਲੋਂ ਲਗਭਗ 2 ਸਾਲ ਨਗਰ ਕੌਂਸਲ ਦੀਆਂ ਚੋਣਾਂ ਲੇਟ ਕਰਵਾਈਆਂ ਗਈਆਂ ਹਨ, ਕਿਉਂਕਿ ਨਗਰ ਕੌਂਸਲ ਬਾਘਾ ਪੁਰਾਣਾ ਭੰਗ ਹੋਈ ਨੂੰ ਲਗਭਗ ਦੋ ਸਾਲ ਹੋ ਗਏ ਹਨ ਅਤੇ ਸ਼ਹਿਰ ਵਾਸੀ ਬੜੀ ਬੇਸਬਰੀ ਦੇ ਨਾਲ ਨਗਰ ਕੌਂਸਲ ਦੀਆਂ ਚੋਣਾਂ ਦੀ ਉਡੀਕ ਕਰ ਰਹੇ ਸਨ, ਜਦ ਇਹ ਚੋਣਾਂ ਹੁਣ ਸੰਪੰਨ ਹੋ ਗਈਆਂ ਹਨ ਤਾਂ ਹੁਣ ਸ਼ਹਿਰ ਵਿਚ ਇਹ ਬਹੁਤ ਹੀ ਚਰਚਾ ਦਾ ਵਿਸ਼ਾ ਬਣਿਆ ਹੋਇਆ ਹੈ ਕਿ ਹੁਣ ਨਗਰ ਕੌਂਸਲ ਦੀ ਪ੍ਰਧਾਨਗੀ ਦਾ ਤਾਜ ਕਿਸ ਦੇ ਸਿਰ ਸਜੇਗਾ, ਕਿਉਂਕਿ ਆਮ ਆਦਮੀ ਪਾਰਟੀ ਦੀ ਸਰਕਾਰ ਦੇ ਕਾਰਜਕਾਲ ਦੇ ਲਗਭਗ ਪੌਣੇ 3 ਸਾਲ ਬੀਤੇ ਚੁੱਕ ਹਨ ਅਤੇ ਮਹਿਜ਼ ਆਮ ਆਦਮੀ ਪਾਰਟੀ ਦੀ ਸਰਕਾਰ ਕੋਲ ਸਿਰਫ਼ ਸਵਾ ਕੁ ਦੋ ਸਾਲ ਦਾ ਸਮਾਂ ਹੀ ਬਾਕੀ ਰਹਿ ਗਿਆ ਹੈ। ਭਾਵੇਂ ਆਮ ਆਦਮੀ ਪਾਰਟੀ ਦਾ ਨਗਰ ਕੌਂਸਲ ਬਾਘਾ ਪੁਰਾਣਾ 'ਤੇ ਕਬਜ਼ਾ ਹੋ ਗਿਆ ਹੈ, ਪਰ ਜੇਕਰ ਸਰਕਾਰ 2027 ਵਿਚ ਸਰਕਾਰ ਬਦਲ ਜਾਂਦੀ ਹੈ ਤਾਂ ਇਸ ਤੋਂ ਬਾਅਦ ਆਮ ਆਦਮੀ ਪਾਰਟੀ ਦੇ ਕੌਂਸਲਰਾਂ ਦਾ ਕੁਝ ਵੀ ਵੱਟੀ ਦਾ ਨਹੀਂ ਕਿਉਂਕਿ ਉਸ ਤੋਂ ਬਾਅਦ ਜਿਹੜੀ ਵੀ ਪਾਰਟੀ ਸੱਤਾ ਵਿਚ ਆਵੇਗੀ ਉਸ ਪਾਰਟੀ ਦੇ ਆਗੂਆਂ ਦੀ ਹੀ ਚੌਧਰ ਸਰਕਾਰੇ ਦਰਬਾਰੇ ਦੇ ਇਲਾਵਾ ਨਗਰ ਕੌਂਸਲ ਵਿਚ ਚੱਲੇਗੀ, ਜਿਸ ਤਰ੍ਹਾਂ ਆਮ ਆਦਮੀ ਪਾਰਟੀ ਦੀ ਸਰਕਾਰ ਬਣਨ ਦੇ ਬਾਅਦ ਕਾਂਗਰਸੀ ਕੌਂਸਲਰਾਂ ਦੇ ਨਾਲ ਹੋਇਆ ਹੈ। ਇਸ ਲਈ ਸਰਕਾਰ ਅਤੇ ਹਲਕਾ ਵਿਧਾਇਕ ਅੰਮ੍ਰਿਤਪਾਲ ਸਿੰਘ ਸੁਖਾਨੰਦ ਨੂੰ ਚਾਹੀਦਾ ਹੈ ਸ਼ਹਿਰ ਦੇ ਸਰਬਪੱਖੀ ਵਿਕਾਸ ਦੇ ਲਈ ਅਤੇ ਸ਼ਹਿਰ ਨੂੰ ਵਿਕਾਸ ਦੀਆਂ ਲੀਹਾਂ 'ਤੇ ਤੋਰਨ ਲਈ ਜਲਦ ਤੋਂ ਜਲਦ ਨਗਰ ਕੌਂਸਲ ਦਾ ਪ੍ਰਧਾਨ ਥਾਪਿਆ ਜਾਵੇ ਤਾਂ ਜੋ ਸ਼ਹਿਰ ਅੰਦਰ ਵਿਕਾਸ ਦੀ ਹਨੇਰੀ ਚੱਲ ਸਕੇ, ਕਿਉਂਕਿ ਚੁਣੇ ਗਏ ਕੌਂਸਲਰਾਂ ਕੋਲ ਸਰਕਾਰ ਦੇ ਰਹਿੰਦੇ ਕਾਰਜਕਾਲ ਮੁਤਾਬਿਕ ਸਮਾਂ ਬਹੁਤ ਘੱਟ ਹੈ, ਜਦਕਿ ਸ਼ਹਿਰ ਅੰਦਰ ਵਿਗੜੀ ਸਾਫ ਸਫਾਈ ਦੀ ਵਿਵਸਥਾ ਸੁਧਾਰਨ, ਸ਼ਹਿਰ ਵਾਸੀਆਂ ਦੇ ਲਈ ਸ਼ਹਿਰ ਅੰਦਰ ਵੱਡੇ ਪਾਰਕ ਦਾ ਨਿਰਮਾਣ ਅਤੇ ਸ਼ਹਿਰ ਅੰਦਰ ਬੇਅਬਾਦ ਪਈਆਂ ਜਗ੍ਹਾਵਾਂ ਦੀ ਹਾਲਤ ਸੁਧਾਰਨ ਦੇ ਇਲਾਵਾ ਸ਼ਹਿਰ ਦੇ ਵੱਖ ਵੱਖ ਵਾਰਡਾਂ ਦੀਆਂ ਖਸਤਾ ਹਾਲਤ ਸੜਕਾਂ ਦੇ ਇਲਾਵਾ ਗੰਦੇ ਪਾਣੀ ਦੀ ਨਿਕਾਸੀ ਕਰਨ ਵਰਗੇ ਅਜਿਹੇ ਬਹੁਤ ਸਾਰੇ ਕੰਮ ਅਧੂਰੇ ਪਏ ਹਨ ਅਤੇ ਜੋ ਇੱਕਾ ਦੁੱਕਾ ਕੰਮ ਚੱਲ ਰਹੇ ਹਨ ਉਹ ਵੀ ਬਹੁਤ ਕੀੜੀ ਦੀ ਚਾਲ ਚੱਲ ਰਹੇ ਹਨ।

ਮੇਲਾ ਮਾਘੀ ਦੇ ਸੰਬੰਧ ਵਿੱਚ ਸ਼ਹਿਰ ਦੀਆਂ ਵੱਖ-ਵੱਖ ਥਾਵਾਂ ਦੀ ਕਰਵਾਈ ਜਾ ਰਹੀ ਹੈ ਸਫ਼ਾਈ

ਸ੍ਰੀ ਮੁਕਤਸਰ ਸਾਹਿਬ, (ਸ਼ਮਿੰਦਰਪਾਲ/ਪੂਜਾ)-ਚਾਲੀ ਮੁਕਤਿਆਂ ਦੀ ਯਾਦ ਵਿੱਚ ਲੱਗਣ ਵਾਲੇ ਪਵਿੱਤਰ ਅਤੇ ਇਤਿਹਾਸਕ ਮੇਲਾ ਮਾਘੀ ਦੇ ਸਬੰਧੀ ਸ਼ਹਿਰ ਵਿੱਚ ਸਾਫ਼-ਸਫ਼ਾਈ ਨੂੰ ਯਕੀਨੀ ਬਣਾਉਣ ਲਈ ਜ਼ਿਲ੍ਹਾ ਪ੍ਰਸ਼ਾਸ਼ਨ ਵੱਲੋਂ ਹਰ ਤਰ੍ਹਾਂ ਦੇ ਉਪਰਾਲੇ ਕੀਤੇ ਜਾ ਰਹੇ ਹਨ। ਡਿਪਟੀ ਕਮਿਸ਼ਨਰ ਸ੍ਰੀ ਰਾਜੇਸ਼ ਤ੍ਰਿਪਾਠੀ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਅੱਜ ਵੱਖ-ਵੱਖ ਵਿਭਾਗਾਂ ਦੇ ਸਹਿਯੋਗ ਨਾਲ ਸ਼ਹਿਰ ਸ੍ਰੀ ਮੁਕਤਸਰ ਸਾਹਿਬ ਦੀਆਂ ਵੱਖ-ਵੱਖ ਥਾਵਾਂ ਦੀ ਸਾਫ਼-ਸਫ਼ਾਈ ਕੀਤੀ ਗਈ।

ਜ਼ਿਕਰਯੋਗ ਹੈ ਕਿ ਬੀਤੇ ਦਿਨੀਂ ਡਿਪਟੀ ਕਮਿਸ਼ਨਰ ਵੱਲੋਂ ਮੇਲਾ ਮਾਘੀ ਨੂੰ ਸਫ਼ਲਤਾਪੂਰਵਕ ਨੇਪਰੇ ਚਾੜ੍ਹਨ ਲਈ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਮੀਟਿੰਗ ਦੌਰਾਨ ਹਦਾਇਤਾਂ ਜਾਰੀ ਕੀਤੀਆਂ ਸਨ ਕਿ ਇਸ ਪਵਿੱਤਰ ਤੇ ਇਤਿਹਾਸਕ ਮੇਲੇ ਦੌਰਾਨ ਦੂਰ-ਦੁਰਾਡੇ ਇਲਾਕਿਆਂ ਤੋਂ ਸੰਗਤਾਂ ਨਤਮਸਤਕ ਹੋਣ ਲਈ ਆਉਂਦੀਆਂ ਹਨ ਅਤੇ ਉਨ੍ਹਾਂ ਨੂੰ ਕਿਸੇ ਕਿਸਮ ਦੀ ਪ੍ਰੇਸ਼ਾਨੀ ਨਾ ਆਵੇ ਇਸ ਲਈ ਸਾਰੇ ਵਿਭਾਗਾਂ ਵੱਲੋਂ ਇਸ ਮੇਲੇ ਦੌਰਾਨ ਆਪਣੀਆਂ ਡਿਊਟੀਆਂ ਨੂੰ ਬਾਖੂਬੀ ਨਿਭਾਇਆ ਜਾਵੇ।

ਡਿਪਟੀ ਕਮਿਸ਼ਨਰ ਵੱਲੋਂ ਵੱਖ-ਵੱਖ ਵਿਭਾਗਾਂ ਨੂੰ ਮੇਲਾ ਮਾਘੀ ਦੇ ਮੱਦੇਨਜ਼ਰ ਆਰਜ਼ੀ ਪੁਲਿਸ ਲਾਈਨ ਸਥਾਪਿਤ ਕਰਨ ਲਈ ਸ਼ਹਿਰ ਵਿੱਚ ਸਕੂਲ ਅਲਾਟ ਕਰਨ, ਪੁਲਿਸ ਫੋਰਸ ਦੇ ਠਹਿਰਾਓ ਲਈ ਸਕੂਲ ਖਾਲੀ ਕਰਵਾਉਣ, ਮਹੱਤਵਪੂਰਨ ਥਾਵਾ 'ਤੇ ਸੀ.ਸੀ.ਟੀ.ਵੀ. ਕੈਮਰੇ ਲਗਾਉਣ, ਗੋਤਾਖ਼ੋਰਾਂ ਦਾ ਪ੍ਰਬੰਧ ਕਰਨ, ਟਰੋਮਾ ਸੈਂਟਰ/ਰੈਫਰਲ ਹਸਪਤਾਲ ਦੀ ਚੋਣ ਕਰਨ, ਮੇਲਾ ਗਰਾਊਂਡ ਵਿੱਚ ਲਗਾਏ ਜਾ ਰਹੇ ਝੂਲਿਆਂ ਆਦਿ ਦੇ ਸੁਰੱਖਿਅਤ ਹੋਣ ਸਬੰਧੀ ਅਤੇ ਬਿਜਲੀ ਦੀਆਂ ਤਾਰਾਂ ਦੀ ਫਿਟਿੰਗ ਬਾਰੇ ਸਬੰਧਤ ਵਿਭਾਗ ਦੇ ਅਧਿਕਾਰੀਆਂ ਵੱਲੋਂ ਜਾਂਚ ਪੜਤਾਲ ਕਰਕੇ ਸਰਟੀਫ਼ਿਕੇਟ ਭੇਜਣ ਬਾਰੇ, ਸੁਰੱਖਿਆ ਦੇ ਮੱਦੇਨਜ਼ਰ ਲਗਾਏ ਜਾ ਰਹੇ ਵੱਖ-ਵੱਖ ਨਾਕਿਆਂ 'ਤੇ ਲਾਈਟਾਂ, ਕੁਰਸੀਆਂ, ਮੇਜਾਂ ਆਦਿ ਦਾ ਪ੍ਰਬੰਧ ਕਰਨ ਅਤੇ ਐਮਰਜੈਂਸੀ ਦੇ ਹਾਲਾਤਾਂ ਨਾਲ ਨਜਿੱਠਣ ਲਈ ਸਰਕਾਰੀ ਹਸਪਤਾਲ ਵਿਖੇ ਵਾਰਡ/ਬੈੱਡ ਰਾਖਵੇਂ ਰੱਖੇ ਜਾਣ ਅਤੇ ਢੁੱਕਵਾਂ ਸਟਾਫ਼ ਤਾਇਨਾਤ ਕਰਨ ਤੋਂ ਇਲਾਵਾ ਹੋਰ ਵੱਖ-ਵੱਖ ਪ੍ਰਬੰਧਾਂ ਨੂੰ ਯਕੀਨੀ ਬਣਾਉਣ ਦੀਆਂ ਹਦਾਇਤਾਂ ਜਾਰੀ ਕੀਤੀਆਂ ਹਨ।ਇਸੇ ਲੜੀ ਤਹਿਤ ਮਨਰੇਗਾ ਟੀਮਾਂ ਵੱਲੋਂ ਬਲਾਕ ਸ੍ਰੀ ਮੁਕਤਸਰ ਸਾਹਿਬ ਅਧੀਨ ਆਉਂਦੀਆਂ ਸੜਕਾਂ ਦੀ ਸਫ਼ਾਈ ਕਰਵਾਈ ਜਾ ਰਹੀ ਹੈ। ਜਨ ਸਿਹਤ ਵਿਭਾਗ ਅਤੇ ਨਗਰ ਕੌਂਸਲ ਵੱਲੋਂ ਮਲੋਟ ਰੋਡ, ਨਾਕਾ ਨੰ. 3 ਅਤੇ 4, ਨੇੜੇ ਮੰਗੇ ਦਾ ਪੈਟਰੋਲ ਪੰਪ, ਗਾਂਧੀ ਚੌਕ, ਕੋਟਕਪੂਰਾ ਰੋਡ, ਬਠਿੰਡਾ ਰੋਡ ਆਦਿ ਥਾਵਾਂ 'ਤੇ ਸੀਵਰੇਜ਼ ਦੀ ਅਤੇ ਸ਼ਹਿਰ ਦੇ ਸਵਾਗਤੀ ਗੇਟਾਂ ਦੀ ਸਾਫ਼-ਸਫ਼ਾਈ ਕੀਤੀ ਜਾ ਰਹੀ ਹੈ।

ਇਸ ਮੌਕੇ ਸਮੂਹ ਵਿਭਾਗਾਂ ਵੱਲੋਂ ਸ਼ਹਿਰ ਵਾਸੀਆਂ ਨੂੰ ਵੀ ਅਪੀਲ ਕੀਤੀ ਕਿ ਉਹ ਸਫਾਈ ਮੁਹਿੰਮ ਵਿੱਚ ਸਹਿਯੋਗ ਕਰਨ ਤਾਂ ਜੋ ਮਾਘੀ ਤੋਂ ਪਹਿਲਾਂ ਇਸ ਪਵਿੱਤਰ ਸ਼ਹਿਰ ਨੂੰ ਹੋਰ ਵੀ ਸਾਫ ਸੁਥਰਾ ਕੀਤਾ ਜਾ ਸਕੇ ਅਤੇ ਰੇੜੀ-ਫੜ੍ਹੀ ਅਤੇ ਦੁਕਾਨਦਾਰਾਂ ਨੂੰ ਵੀ ਅਪੀਲ ਕੀਤੀ ਕਿ ਉਨ੍ਹਾਂ ਵੱਲੋਂ ਆਪਣਾ ਨਜਾਇਜ਼ ਸਮਾਨ ਸੜਕ 'ਤੇ ਰੱਖ ਕੇ ਆਵਾਜਾਈ ਦੇ ਰਸਤਿਆਂ ਵਿੱਚ ਵਿਘਨ ਨਾ ਪਾਇਆ ਜਾਵੇ।

ਗਲੀਆਂ-ਨਾਲੀਆਂ ਬਣਾਉਣ ਦਾ ਕੰਮ ਸ਼ੁਰੂ

ਨਿਹਾਲ ਸਿੰਘ ਵਾਲਾ (ਲਵਲੀ ਮਾਛੀਕੇ) ਹਲਕਾ ਵਿਧਾਇਕ ਮਨਜੀਤ ਸਿੰਘ ਬਿਲਾਸਪੁਰ ਦੀ ਰੇਖ ਹੇਠ ਪਿੰਡ ਮਾਛੀਕੇ ਵਿੱਚ ਸਰਪੰਚ ਜਗਮੋਹਨ ਸਿੰਘ ਦੀ ਪੰਚਾਇਤ ਦੀ ਅਗਵਾਈ ਦੇ ਵਿੱਚ ਡਾਕਟਰ ਕੁਲਦੀਪ ਸਿੰਘ ਪੰਚ ਦੇ ਵਾਰਡ ਨੰਬਰ 8 ਵਿੱਚ ਗਲੀ ਨਾਲੀਆ ਬਣਾਉਣ ਦਾ ਕੰਮ ਸ਼ੁਰੂ ਕਰਵਾਇਆ ਗਿਆ ਇਸ ਗਲੀ ਦਾ ਕੁੱਝ ਸਮੇਂ ਤੋਂ ਬਹੁਤ ਹੀ ਮਾੜਾ ਹਾਲ ਸੀ ਪਰ ਸਮੂਹ ਗਾ ?ਮ ਪੰਚਾਇਤ ਵੱਲੋਂ 8 ਨੰਬਰ ਵਾਰਡ ਦੀ ਗਲੀ ਅਤੇ ਨਾਲੀਆ ਦਾ ਕੰਮ ਸ਼ੁਰੂ ਕਰਵਾਇਆ ਗਿਆ ਇਸ ਮੌਕੇ, ਕੁਲਦੀਪ ਸਿੰਘ, ਸ਼ਮਸ਼ੇਰ ਸਿੰਘ, ਪਰਮਿੰਦਰ ਸਿੰਘ, ਜਗਜੀਤ ਸਿੰਘ, ਭੋਲਾ ਸਿੰਘ, ਕਰਮਾਂ ਧਾਲੀਵਾਲ, ਚੰਦ ਸਿੰਘ, ਹਾਕਮ ਸਿੰਘ, ਮੈਗਲ ਸਿੰਘ, ਡਾਕਟਰ ਬੱਬੂ ਸਿੰਘ ਸ਼ੋਸ਼ਲ ਮੀਡੀਆਂ ਇੰਚਾਰਜ ਨਿਹਾਲ ਸਿੰਘ ਵਾਲਾ, ਹਰਦੀਪ ਮਾਛੀਕੇ, ਬਿੰਦਰ ਸਿੰਘ ਭੋਤਨੇ, ਰਾਮ ਸਿੰਘ ਯੂ ਐੱਸ ਏ,ਤੇ ਆਪ ਆਗੂ ਹਾਜ਼ਰ ਸਨ।

14 ਹਜ਼ਾਰ 500 ਨਸ਼ੀਲੀਆਂ ਗੋਲੀਆਂ ਸਣੇ ਇੱਕ ਕਾਬੂ

ਜਲਾਲਾਬਾਦ (ਜੀਤ ਕੁਮਾਰ) - ਥਾਣਾ ਸਿਟੀ ਪੁਲਸ ਵੱਲੋਂ 14500 ਨਸ਼ੀਲੀਆਂ ਗੋਲੀਆਂ ਟਰਾਮਾਡੋਲ ਸਣੇ ਇਕ ਵਿਅਕਤੀ ਨੂੰ ਕਾਬੂ ਕੀਤਾ ਗਿਆ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਸਹਾਇਕ ਥਾਣੇਦਾਰ ਅਮਰੀਕ ਸਿੰਘ ਨੇ ਦੱਸਿਆ ਕਿ ਪੁਲਸ ਪਾਰਟੀ ਸਮੇਤ ਗਸ਼ਤ ਦੌਰਾਨ ਸ਼ੱਕੀ ਵਿਅਕਤੀਆਂ ਦੀ ਚੈਕਿੰਗ ਕਰਨ ਦੇ ਸਬੰਧ ਵਿਚ ਥਾਣਾ ਸਿਟੀ ਏਰੀਏ ਦਾਣਾ ਮੰਡੀ ਜਲਾਲਾਬਾਦ ਵਿਚ ਮੌਜੂਦ ਸੀ ਤਾਂ ਇਤਲਾਹ ਮਿਲੀ ਕਿ ਸ਼ਿੰਦਰ ਸਿੰਘ ਉਰਫ ਸੁੱਖਾ ਪੁੱਤਰ ਦਲੀਪ ਸਿੰਘ ਵਾਸੀ ਟਿਵਾਣਾ ਕਲਾਂ ਨਸ਼ੀਲੀਆ ਗੋਲੀਆਂ ਵੇਚਣ ਦਾ ਆਦੀ ਹੈ। ਪੁਲਸ ਪਾਰਟੀ ਵੱਲੋਂ ਰੇਡ ਕਰਕੇ ਸ਼ਿੰਦਰ ਸਿੰਘ ਨੂੰ 14,500 ਨਸ਼ੀਲੀਆਂ ਗੋਲੀਆਂ ਟਰਾਮਾਡੋਲ ਸਣੇ ਕਾਬੂ ਕੀਤਾ ਗਿਆ ਹੈ। ਜਿਸ ਖਿਲਾਫ ਥਾਣਾ ਸਿਟੀ ਜਲਾਲਾਬਾਦ ਵਿਖੇ ਮੁਕੱਦਮਾ ਰਜਿਸਟਰ ਕਰਕੇ ਪੁਲਸ ਵੱਲੋਂ ਅਗਲੀ ਕਾਰਵਾਈ ਕੀਤੀ ਜਾ ਰਹੀ ਹੈ।

ਦਾਜ ਦੀ ਮੰਗ ਨੂੰ ਲੈ ਕੇ ਔਰਤ ਨੂੰ ਕੁੱਟਮਾਰ ਕਰਕੇ ਘਰੋਂ ਕੱਢਣ ਦੇ ਦੋਸ਼ 'ਚ ਪਤੀ ਸਮੇਤ 4 ਜਣਿਆਂ ਖਿਲਾਫ ਪਰਚਾ ਦਰਜ

ਜਲਾਲਾਬਾਦ, (ਜੀਤ ਕੁਮਾਰ) - ਥਾਣਾ ਸਦਰ ਪੁਲਸ ਜਲਾਲਾਬਾਦ ਵੱਲੋਂ ਦਾਜ ਦੀ ਮੰਗ ਨੂੰ ਲੈ ਕੇ ਔਰਤ ਦੀ ਕੁੱਟਮਾਰ ਕਰਕੇ ਘਰੋਂ ਕੱਢਣ ਦੇ ਦੋਸ਼ ਵਿਚ ਪਤੀ ਸਮੇਤ 4 ਜਣਿਆਂ ਖਿਲਾਫ ਮੁਕੱਦਮਾ ਦਰਜ ਕੀਤਾ ਗਿਆ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਸ਼ਿਕਾਇਤਕਰਤਾ ਪ੍ਰਵੀਨ ਕੌਰ ਪੁੱਤਰੀ ਹਰਨਾਮ ਸਿੰਘ ਵਾਸੀ ਪਿੰਡ ਫੱਤੂਵਾਲਾ ਵੱਲੋਂ ਪੁਲਸ ਇਕ ਦਰਖਾਸਤ ਦਿੱਤੀ ਗਈ ਸੀ, ਜਿਸ ਵਿਚ ਉਨ੍ਹਾਂ ਨੇ ਦੱਸਿਆ ਕਿ ਉਸ ਦੀ ਸ਼ਾਦੀ ਮਿਤੀ 20-09-2023 ਨੂੰ ਸੰਜੀਤ ਸਿੰਘ ਪੁੱਤਰ ਬੂਟਾ ਸਿੰਘ ਵਾਸੀਆਨ ਦਸ਼ਮੇਸ਼ ਨਗਰੀ ਜਲਾਲਾਬਾਦ ਦੇ ਨਾਲ ਹੋਈ ਸੀ ਜੋ ਕਿ ਉਸ ਦੀ ਸ਼ਾਦੀ ਤੋਂ 5-6 ਦਿਨ ਬਾਅਦ ਦਾਜ-ਦਹੇਜ ਲਈ ਲੜਾਈ ਝਗੜਾ ਕਰਨ ਲੱਗ ਪਏ ਅਤੇ ਮਿਤੀ 11-03-2024 ਨੂੰ ਉਸ ਦੇ ਪਤੀ ਨੇ 5 ਲੱਖ ਰੁਪਏ ਦੀ ਮੰਗ ਕੀਤੀ ਅਤੇ ਉਸ ਨਾਲ ਕੁੱਟਮਾਰ ਕਰਕੇ ਘਰੋਂ ਬਾਹਰ ਕੱਢ ਦਿੱਤਾ। ਜਾਂਚ ਅਧਿਕਾਰੀ ਸਹਾਇਕ ਥਾਣੇਦਾਰ ਬਿਸ਼ਨ ਰਾਮ ਨੇ ਦੱਸਿਆ ਕਿ ਇਸ ਦਰਖਾਸਤ ਦੀ ਪੜਤਾਲ ਉਪ ਕਪਤਾਨ ਪੁਲਸ ਸਬ ਡਵੀਜ਼ਨ ਜਲਾਲਾਬਾਦ ਅਤੇ ਇਸ ਦੇ ਬਾਅਦ ਅਪਰੂਵਲ ਸੀਨੀਅਰ ਪੁਲਸ ਕਪਤਾਨ ਫਾਜ਼ਿਲਕਾ ਪਾਸੋਂ ਥਾਣੇ ਵਿਚ ਆਉਣ ਉਪਰੰਤ ਥਾਣਾ ਸਦਰ ਵਿਖੇ ਮੁਦੱਈ ਪ੍ਰਵੀਨ ਕੌਰ ਦੇ ਬਿਆਨਾਂ ਦੇ ਅਧਾਰ 'ਤੇ ਉਸ ਦੇ ਪਤੀ ਸੰਜੀਤ ਸਿੰਘ, ਸਹੁਰਾ ਬੂਟਾ ਸਿੰਘ, ਸੱਸ ਜਮਨਾ ਬਾਈ, ਕੁਲਵਿੰਦਰ ਸਿੰਘ ਪੁੱਤਰ ਬੂਟਾ ਸਿੰਘ ਵਾਸੀਆਨ ਦਸ਼ਮੇਸ਼ ਨਗਰੀ ਜਲਾਲਾਬਾਦ ਦੇ ਖਿਲਾਫ ਮੁਕੱਦਮਾ ਦਰਜ ਕੀਤਾ ਗਿਆ ਹੈ ਅਤੇ ਪੁਲਸ ਵੱਲੋਂ ਅਗਲੀ ਕਾਰਵਾਈ ਕੀਤੀ ਜਾ ਰਹੀ ਹੈ।

ਸਕੂਲਾਂ 'ਚ ਛੁੱਟੀਆਂ ਵਧਾਏ ਜਾਣ 'ਤੇ ਮੁੜ ਵਿਚਾਰ ਦੀ ਅਪੀਲ

ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)- ਪੰਜਾਬ ਸਰਕਾਰ ਵੱਲੋਂ ਭੇਜੇ ਇੱਕ ਸੁਨੇਹੇ ਰਾਹੀਂ ਪੰਜਾਬ ਦੇ ਸਾਰੇ ਸਰਕਾਰੀ ਅਤੇ ਪ੍ਰਾਈਵੇਟ ਸਕੂਲਾਂ ਵਿੱਚ 7 ਜਨਵਰੀ ਤੱਕ ਛੁੱਟੀਆਂ ਵਧਾਏ ਜਾਣ ਦਾ ਫੁਰਮਾਨ ਜਾਰੀ ਕੀਤਾ ਹੈ ਪ੍ਰੰਤੂ ਇਸ ਫੁਰਮਾਨ ਉੱਤੇ ਮੁੜ ਵਿਚਾਰ ਕਰਨ ਦੀ ਅਪੀਲ ਕਰਦਿਆਂ ਪ੍ਰਾਈਵੇਟ ਸਕੂਲ ਐਸੋਸੀਏਸ਼ਨ ਵੱਲੋਂ ਛੁੱਟੀਆਂ ਨਾ ਵਧਾਏ ਜਾਣ ਦੀ ਅਪੀਲ ਕਰਦਿਆਂ ਪੰਜਾਬ ਸਰਕਾਰ ਨੂੰ ਮੁੜ ਵਿਚਾਰ ਕਰਨ ਦੀ ਅਪੀਲ ਕੀਤੀ ਹੈ।ਮਾਨਤਾ ਪ੍ਰਾਪਤ ਪ੍ਰਾਈਵੇਟ ਸਕੂਲਜ਼ ਐਸੋਸੀਏਸ਼ਨ ਦੇ ਪ੍ਰਧਾਨ ਅੰਮ੍ਰਿਤਪਾਲ ਸਿੰਘ ਕਾਲੇਕਾ, ਸਕੱਤਰ ਨਿਧਾਨ ਸਿੰਘ ਜੈਖਰ, ਫੈਡਰੇਸ਼ਨ ਪ੍ਰਧਾਨ ਜਗਜੀਤ ਸਿੰਘ ਧੂਰੀ, ਜ਼ਿਲ੍ਹਾ ਪ੍ਰਧਾਨ ਭੁਪਿੰਦਰਜੀਤ ਸਿੰਘ ਗੁਥਮੜਾ ਸਕੂਲ ਫੈਡਰੇਸ਼ਨ ਵੱਲੋਂ ਸਿੱਖਿਆ ਮੰਤਰੀ ਪੰਜਾਬ ਹਰਜੋਤ ਸਿੰਘ ਬੈਂਸ ਨੂੰ ਭੇਜੇ ਗਏ ਲਿਖਤੀ ਖਤ ਸਬੰਧੀ ਜਾਣਕਾਰੀ ਦਿੰਦੇ ਹੋਏ ਪ੍ਰਿੰਸੀਪਲ ਨਿਧਾਨ ਸਿੰਘ ਨੇ ਦੱਸਿਆ ਕਿ ਪੰਜਾਬ ਸਰਕਾਰ ਨੂੰ ਇਕ ਖਤ ਜਾਰੀ ਕਰਦਿਆਂ ਲਿਖਿਆ ਗਿਆ ਹੈ ਕਿ ਪੰਜਾਬ ਵਿੱਚ ਇਸ ਸਮੇਂ ਨਾ ਤਾਂ ਬਹੁਤੀ ਧੁੰਦ ਅਤੇ ਨਾ ਹੀ ਬਹੁਤੀ ਠੰਢ ਹੈ, ਇਸ ਲਈ ਛੁੱਟੀਆਂ ਵਧਾਏ ਜਾਣ ਦੀ ਕੋਈ ਜ਼ਰੂਰਤ ਨਹੀਂ ਹੈ ਕਿਉਂਕਿ ਪ੍ਰਾਈਵੇਟ ਸਕੂਲਾਂ ਵਿੱਚ ਸਰਕਾਰੀ ਸਕੂਲਾਂ

2-Jan-PAGE--8.qxd 1/1/2025 10:41 PM Page 1

ਦਫ਼ਤਰੀ ਕਾਮਿਆਂ ਦੀ ਹੜਤਾਲ 28ਵੇਂ ਦਿਨ ਵੀ ਰਹੀ ਜਾਰੀ

ਜਲੰਧਰ(ਰਾਜੇਸ਼ ਥਾਪਾ)

ਸਰਵ ਸਿੱਖਿਆ ਅਭਿਆਨ ਮਿਡ ਡੇ ਮੀਲ ਦੇ ਦਫ਼ਤਰੀ ਕਾਮਿਆਂ ਵੱਲੋਂ ਚੜ੍ਹਦੇ ਨਵੇਂ ਸਾਲ ਤੇ ਹੀ ਰੋਸ ਪ੍ਰਦਰਸ਼ਨ ਦਾ ਐਲਾਨ ਕਰ ਦਿੱਤਾ ਹੈ।ਮੁਲਾਜ਼ਮਾਂ ਦਾ ਕਹਿਣਾ ਹੈ ਕਿ ਮੰਗਾਂ ਮੰਨਣ ਦੇ ਬਾਵਜੂਦ ਲਾਗੂ ਨਹੀਂ ਕੀਤੀਆਂ ਜਾ ਰਹੀਆਂ।ਆਗੂਆਂ ਨੇ ਦੱਸਿਆ ਕਿ ਜਥੇਬੰਦੀ ਵੱਲੋਂ ਸਰਕਾਰ ਦੀ ਢਿੱਲ ਮੱਠ ਦੀ ਕਾਰਵਾਈ ਖ਼ਿਲਾਫ਼ ਸੰਘਰਸ਼ ਨੂੰ ਤੇਜ਼ ਕਰਦੇ ਹੋਏ 2 ਜਨਵਰੀ ਨੂੰ ਸਿੱਖਿਆ ਭਵਨ ਦਾ ਘਿਰਾਓ ਕੀਤਾ ਜਾਵੇਗਾ।ਆਗੂਆਂ ਨੇ ਦੱਸਿਆ ਕਿ ਮੋਹਾਲੀ ਸਿਖਿਆ ਭਵਨ ਦੇ ਬਾਹਰ ਲਗਾਇਆ ਧਰਨਾ 35ਵੇਂ ਦਿਨ ਵੀ ਜਾਰੀ ਰਿਹਾ ਅਤੇ ਮੁਲਾਜ਼ਮਾਂ ਵੱਲੋਂ ਕੀਤੀ ਜਾ ਰਹੀ ਕਲਮ ਛੋੜ ਹੜਤਾਲ 28 ਦਿਨ 'ਚ ਦਾਖਿਲ ਹੋ ਗਈ ਹੈ।ਵਿੱਤ ਮੰਤਰੀ ਹਰਪਾਲ ਚੀਮਾ ਵੱਲੋਂ ਮੁੜ ਅਧਿਕਾਰੀਆਂ 'ਤੇ ਅਧਾਰਤ ਵਿੱਤ ਵਿਭਾਗ ਪ੍ਰਸੋਨਲ ਵਿਭਾਗ ਅਤੇ ਸਿੱਖਿਆ ਵਿਭਾਗ ਦੇ ਅਧਿਕਾਰੀਆਂ ਦੀ ਬਣੀ ਅਫਸਰ ਕਮੇਟੀ ਨੂੰ ਦਫ਼ਤਰੀ ਕਰਮਚਾਰੀਆਂ ਤੇ ਵਿਸ਼ੇਸ਼ ਅਧਿਆਪਕਾਂ ਨੂੰ 8886 ਅਧਿਆਪਕਾਂ ਦੀ ਤਰਜ 'ਤੇ ਰੈਗੂਲਰ ਕਰਨ ਲਈ ਤੁਰੰਤ ਅਫ਼ਸਰ ਕਮੇਟੀ ਦੀ ਮੀਟਿੰਗ ਕਰਕੇ ਰਿਪੋਰਟ ਪੇਸ਼ ਕਰਨ ਦੇ ਹੁਕਮ ਦਿੱਤੇ। ਇਸ ਦੇ ਨਾਲ ਹੀ ਦੂਜੀ ਮੰਗ ਸਮੱਗਰਾ ਦੇ ਦਫ਼ਤਰੀ ਕਰਮਚਾਰੀਆਂ ਦੀ 5000 ਤਨਖਾਹ ਕਟੌਤੀ ਅਤੇ ਮਿਡ ਡੇ ਮੀਲ ਦਫ਼ਤਰੀ ਕਰਮਚਾਰੀਆਂ ਦੀ ਤਨਖਾਹ ਵਾਧੇ ਦੀ ਫਾਈਲ 'ਤੇ ਤੁਰੰਤ ਕਾਰਵਾਈ ਕਰਨ ਦੇ ਵਿੱਤ ਸਕੱਤਰ ਨੂੰ ਆਦੇਸ਼ ਦਿੱਤੇ।ਪ੍ਰੈਸ ਬਿਆਨ ਜ਼ਾਰੀ ਕਰਦੇ ਹੋਏ ਸਰਵ ਸਿੱਖਿਆ ਅਭਿਆਨ ਮਿਡ ਡੇ ਮੀਲ ਦਫਤਰੀ ਕਰਮਚਾਰੀ ਯੂਨੀਅਨ ਆਗੂ ਸ਼ੋਭਿਤ ਭਗਤ, ਗਗਨਦੀਪ ਸ਼ਰਮਾ, ਰਾਜੀਵ ਸ਼ਰਮਾ,ਗਗਨ ਸਿਆਲ, ਸੁਖਰਾਜ ਨੇ ਕਿਹਾ ਕਿ ਮੁੱਖ ਮੰਤਰੀ ਦੇ ਫੈਸਲੇ ਤੋਂ ਬਾਅਦ ਕੈਬਿਨਟ ਸਬ ਕਮੇਟੀ ਵੱਲੋਂ ਕੱਚੇ ਮੁਲਾਜ਼ਮਾਂ ਨੂੰ ਪੱਕਾ ਕਰਨ, ਤਨਖਾਹ ਕਟੌਤੀ ਦੂਰ ਕਰਨ ਦੇ ਫੈਸਲੇ ਲੈ ਕੇ 4 ਵਾਰ ਅਧਿਕਾਰੀਆ ਨੂੰ ਆਦੇਸ਼ ਦਿੱਤੇ ਪਰ ਵਿੱਤ ਵਿਭਾਗ ਦੇ ਅਧਿਕਾਰੀ ਜਾਣਬੁੱਝ ਕੇ ਮਸਲੇ ਨੂੰ ਉਲਝਾ ਰਹੇ ਹਨ।ਆਗੂਆਂ ਨੇ ਕਿਹਾ ਕਿ ਵਿੱਤ ਮੰਤਰੀ ਵੱਲੋਂ ਅਧਿਕਾਰੀਆਂ ਨੂੰ ਸਖ਼ਤੀ ਨਾਲ ਨਿਰਦੇਸ਼ ਦਿੱਤੇ ਗਏ ਸਨ ਅਤੇ ਜਥੇਬੰਦੀ ਨਾਲ 7 ਜਨਵਰੀ 2025 ਨੂੰ ਮੁੜ ਮੀਟਿੰਗ ਕਰਨ ਦਾ ਵਿੱਤ ਮੰਤਰੀ ਨੇ ਭਰੋਸਾ ਦਿੱਤਾ ਹੈ ਪਰ 7 ਜਨਵਰੀ ਦੀ ਮੀਟਿੰਗ ਸਬੰਧੀ ਵੀ ਕੋਈ ਪੱਤਰ ਅਜੇ ਜਾਰੀ ਨਹੀਂ ਕੀਤਾ। ਆਗੂਆਂ ਨੇ ਕਿਹਾ ਕਿ ਮੁਲਾਜ਼ਮ 2 ਜਨਵਰੀ ਨੂੰ ਸਿੱਖਿਆ ਵਿਭਾਗ ਦੇ ਮੁੱਖ ਦਫ਼ਤਰ ਦਾ ਘਿਰਾਓ ਕਰਕੇ ਮੁਕੰਮਲ ਰੂਪ ਵਿੱਚ ਗੇਟ ਬੰਦ ਕਰਨ ਲਈ ਮਜਬੂਰ ਹੋਣਗੇ ਅਤੇ ਜੇਕਰ ਮੰਗਾਂ 'ਤੇ ਠੋਸ ਕਾਰਵਾਈ ਨਾ ਹੋਈ ਤਾਂ 3 ਜਨਵਰੀ ਨੂੰ ਵੀ ਗੇਟ ਬੰਦ ਰੱਖੇ ਜਾਣਗੇ।

ਨਵੇਂ ਸਾਲ ਦੀ ਆਮਦ 'ਤੇ ਵੱਖ-ਵੱਖ ਥਾਵਾਂ 'ਤੇ ਕਾਨੂੰਨੀ ਜਾਗਰੂਕਤਾ ਕੈਂਪ

ਰਾਹੋਂ (ਕੁਲਵਿੰਦਰ ਸਿੰਘ ਰਾਹੋਂ)

ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਸ਼.ਭ.ਸ ਨਗਰ ਵਲੋਂ ਸਾਲ 2024 ਨੂੰ ਅਲਵਿਦਾ ਅਤੇ ਨਵੇਂ ਸਾਲ 2025 ਨੂੰ ਜੀ ਆਇਆਂ ਨੂੰ ਆਖਦਿਆਂ ਵੱਖ-ਵੱਖ ਥਾਵਾਂ 'ਤੇ ਕਾਨੂੰਨੀ ਜਾਗਰੂਕਤਾ ਕੈਂਪ ਲਗਾਏ ਗਏ। ਅਥਾਰਟੀ ਦੇ ਪੈਰਾ ਲੀਗਲ ਵਲੰਟੀਅਰ ਬਲਦੇਵ ਭਾਰਤੀ ਸਟੇਟ ਐਵਾਰਡੀ ਨੇ ਇਲਾਕਾ ਨਿਵਾਸੀਆਂ ਦੇ ਭਰਵੇਂ ਸਹਿਯੋਗ ਨਾਲ 'ਲੀਗਲ ਏਡ ਕਲੀਨਿਕ ਪਿੰਡ ਸੋਢੀਆਂ' ਰਾਹੀਂ ਇਨ੍ਹਾਂ ਕੈਂਪਾਂ ਦੌਰਾਨ ਜਾਣਕਾਰੀ ਦੇਣ ਦੀਆਂ ਸਵੈ-ਇੱਛਤ ਨਿਸ਼ਕਾਮ ਸੇਵਾਵਾਂ ਨਿਭਾਈਆਂ। ਉਨ੍ਹਾਂ ਦੱਸਿਆ ਕਿ ਭਾਰਤੀ ਸੰਵਿਧਾਨ ਦੇ ਅਨੁਛੇਦ-39 ਏ ਦੇ ਉਪਬੰਧ ਅਨੁਸਾਰ ਸਰਕਾਰਾਂ ਗਰੀਬ ਅਤੇ ਕਮਜ਼ੋਰ ਵਰਗ ਦੇ ਲੋਕਾਂ ਨੂੰ ਇਸ ਵਿਚਾਰ ਨਾਲ ਕਾਨੂੰਨੀ ਸਹਾਇਤਾ ਦੇਣਗੀਆਂ ਕਿ ਨਿਆਂ ਪ੍ਰਣਾਲੀ ਉਨ੍ਹਾਂ ਦੀ ਪਹੁੰਚ ਦੇ ਅੰਦਰ ਹੋਵੇ। ਇਹ ਸੁਨਿਸ਼ਚਿਤ ਕੀਤਾ ਜਾਵੇਗਾ ਕਿ ਆਰਥਿਕ ਕਾਰਨਾਂ ਜਾਂ ਅਜਿਹੀ ਕਿਸੇ ਹੋਰ ਘਾਟ ਦੇ ਕਾਰਨ ਕੋਈ ਨਾਗਰਿਕ ਨਿਆਂ ਪ੍ਰਾਪਤ ਕਰਨ ਤੋਂ ਵਾਂਝਾ ਨਾ ਰਹਿ ਜਾਵੇ। ਇਸ ਲਈ ਅਥਾਰਟੀ ਵਲੋਂ ਸਮਾਜ ਦੇ ਗਰੀਬ ਅਤੇ ਕਮਜੋਰ ਵਰਗਾਂ ਦੇ ਲੋਕਾਂ ਦੇ ਕਾਨੂੰਨੀ ਹੱਕਾਂ ਦੀ ਰਾਖੀ ਲਈ ਉਹਨਾਂ ਨੂੰ ਮੁਫਤ ਕਾਨੂੰਨੀ ਸਹਾਇਤਾ ਪ੍ਰਦਾਨ ਕਰਨ ਲਈ ਟੋਲ ਫਰੀ ਨੰਬਰ-1968 ਜਾਰੀ ਕੀਤਾ ਗਿਆ ਹੈ। ਬਲਦੇਵ ਭਾਰਤੀ ਨੇ ਦੱਸਿਆ ਕਿ ਬੱਚਿਆਂ ਦੇ ਸ਼ੋਸ਼ਣ ਵਿਰੁੱਧ ਚਾਈਲਡ ਹੈਲਪ-ਲਾਈਨ-1098, ਔਰਤਾਂ ਨਾਲ ਹੋ ਰਹੀਆਂ ਵਧੀਕੀਆਂ ਵਿਰੁੱਧ ਵੋਮੈਨ ਹੈਲਪ-ਲਾਈਨ-1091 ਅਤੇ ਪੁਲਸ ਸਹਾਇਤਾ ਲਈ ਪੁਲਸ ਹੈਲਪ-ਲਾਈਨ-112 'ਤੇ ਕਾਲ ਕੀਤੀ ਜਾ ਸਕਦੀ ਹੈ। ਉਨ੍ਹਾਂ ਨੇ 'ਉਸਾਰੀ ਮਜ਼ਦੂਰ ਭਲਾਈ ਕਾਨੂੰਨ-1996' ਅਤੇ 'ਮਹਾਤਮਾ ਗਾਂਧੀ ਕੌਮੀ ਪੇਂਡੂ ਰੁਜ਼ਗਾਰ ਗਰੰਟੀ ਕਾਨੂੰਨ-2005' ਤਹਿਤ ਗੈਰ ਸੰਗਠਿਤ ਖੇਤਰ ਦੇ ਕਿਰਤੀਆਂ ਦੇ ਅਧਿਕਾਰਾਂ ਅਤੇ ਭਲਾਈ ਸਕੀਮਾਂ ਸਬੰਧੀ ਵਿਸਥਾਰਪੂਰਵਕ ਜਾਣਕਾਰੀ ਵੀ ਦਿੱਤੀ।

ਗੁਰੂ ਨਾਨਕ ਨਾਮ ਲੇਵਾ ਚੈਰੀਟੇਬਲ ਫਾਊਂਡੇਸ਼ਨ ਦੇ ਸਕੱਤਰ ਬਣੇ ਭਾਈ ਲਖਵੀਰ ਸਿੰਘ

ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)-ਗੁਰੂ ਨਾਨਕ ਨਾਮ ਲੇਵਾ ਚੈਰੀਟੇਬਲ ਫਾਊਂਡੇਸ਼ਨ (ਰਜਿ.) ਵੱਲੋਂ ਲਾਭ ਨਗਰ ਡਗਾਣਾ ਰੋਡ ਹੁਸ਼ਿਆਰਪੁਰ ਵਿੱਚ ਬੇਸਹਾਰਾ ਅਤੇ ਲੋੜਵੰਦ ਬਜ਼ੁਰਗਾਂ ਦੀ ਸਾਂਭ ਸੰਭਾਲ ਲਈ ਸਾਲ 2013 'ਗੁਰੂ ਨਾਨਕ ਸੇਵਾ ਘਰ' ਦੀ ਸਥਾਪਨਾ ਕੀਤੀ ਗਈ ਸੀ ਜੋ ਲਗਾਤਾਰ 11 ਸਾਲ ਤੋਂ ਕਾਰਜਸ਼ੀਲ ਹੈ ਅਤੇ ਇਸ ਸੇਵਾ ਘਰ ਵਿੱਚ ਚਾਰ ਮਹਿਲਾ ਬਜ਼ੁਰਗਾਂ ਸਮੇਤ 16 ਬਜ਼ੁਰਗਾਂ ਦੀ ਸਾਂਭ ਸੰਭਾਲ ਕੀਤੀ ਜਾ ਰਹੀ ਹੈ ।

ਫਾਊਂਡੇਸ਼ਨ ਦੇ ਬਾਨੀ ਪ੍ਰਧਾਨ ਸੁਰਿੰਦਰ ਸਿੰਘ ਸੂਰ ਯੂ ਕੇ ਨੇ ਦੱਸਿਆ ਕਿ ਫਾਊਂਡੇਸ਼ਨ ਦੇ ਕੰਮ ਨੂੰ ਹੋਰ ਸਚਾਰੂ ਢੰਗ ਨਾਲ ਚਲਾਉਣ ਲਈ ਸੰਸਥਾ ਵਿੱਚ ਨਵੀਆਂ ਨਿਯੁਕਤੀਆਂ ਕੀਤੀਆਂ ਗਈਆਂ ਹਨ ਜਿਸ ਮੁਤਾਬਕ ਸਕੱਤਰ ਭਾਈ ਲਖਵੀਰ ਸਿੰਘ ਅਤੇ ਖਜ਼ਾਨਚੀ ਵੱਜੋਂ ਦਰਸ਼ਨ ਸਿੰਘ ਦੀ ਨਿਯੁਕਤੀ ਕੀਤੀ ਗਈ ਹੈ । ਸੁਰਿੰਦਰ ਸਿੰਘ ਨੇ ਦੱਸਿਆ ਕਿ ਗੁਰੂ ਨਾਨਕ ਨਾਮ ਲੇਵਾ ਚੈਰੀਟੇਬਲ ਫਾਊਡੇਸ਼ਨ ਦੇ ਉਨ੍ਹਾਂ ਸਮੇਤ ਕੁੱਲ ਤਿੰਨ ਮੈਂਬਰ ਹੀ ਹਨ ਅਤੇ ਤੇ ਇਹਨਾਂ ਤਿੰਨਾਂ ਮੈਂਬਰਾਂ ਤੋਂ ਇਲਾਵਾ ਕਿਸੇ ਵੀ ਹੋਰ ਕੋਲ ਅਜਿਹਾ ਕੋਈ ਅਧਿਕਾਰ ਨਹੀਂ ਜਿਸ ਰਾਹੀਂ ਉਪਰੋਕਤ ਪ੍ਰਬੰਧਕੀ ਅਮਲੇ ਜਾ ਸੰਸਥਾ ਬਾਰੇ ਕੋਈ ਫ਼ੈਸਲਾ ਲੈ ਸਕੇ ਇਸ ਸੰਸਥਾ ਨੂੰ ਚਲਾਉਣ ਲਈ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਹੀ ਸਮੁੱਚੇ ਪ੍ਰਬੰਧ ਕੀਤੇ ਜਾ ਰਹੇ ਹਨ। ਇਸ ਲਈ ਉਪਰੋਕਤ ਤਿੰਨਾਂ ਮੈਂਬਰਾਂ ਤੋਂ ਇਲਾਵਾ ਕਿਸੇ ਹੋਰ ਕੋਲ ਗੁਰੂ ਨਾਨਕ ਨਾਮ ਲੇਵਾ ਚੈਰੀਟੇਬਲ ਫਾਊਡੇਸ਼ਨ ਦੇ ਕੰਮਾਂ ਜਾਂ ਸਰਗਰਮੀਆਂ ਚਲਾਉਣ ਬਾਰੇ ਬਿਆਨਬਾਜ਼ੀ ਜਾਂ ਭਰਮ ਫੈਲਾਉਂਦਾ ਹੈ ਤਾਂ ਇਸ ਦਾ ਕੋਈ ਵੀ ਅਧਾਰ ਨਹੀਂ ਹੈ ।

ਸੇਂਟ ਸੋਲਜਰ ਦੇ ਵਿਦਿਆਰਥੀਆਂ ਨੇ ਨਵੇਂ ਸਾਲ 'ਤੇ ਦਿੱਤਾ ਵਿਸ਼ਵ ਸ਼ਾਂਤੀ ਦਾ ਸੰਦੇਸ਼

ਜਲੰਧਰ, (ਇਕਬਾਲ ਸਿੰਘ ਉੱਭੀ)- ਸੇਂਟ ਸੋਲਜਰ ਗਰੁੱਪ ਆਫ ਇੰਸਟੀਚਿਊਸਨਜ਼ ਦੇ ਵਿਦਿਆਰਥੀਆਂ ਨੇ ਨਵੇਂ ਸਾਲ ਦਾ ਸਵਾਗਤ ਕਰਦੇ ਹੋਏ ਵਿਸ਼ਵ ਸ਼ਾਂਤੀ ਦਾ ਸੰਦੇਸ਼ ਦਿੱਤਾ। ਇਸ ਮੌਕੇ ਵਿਦਿਆਰਥੀਆਂ ਨੇ ਮਨੁੱਖੀ ਲੜੀ ਬਣਾ ਕੇ ਨਵੇਂ ਸਾਲ 2025 ਦਾ ਸਵਾਗਤ ਕਰਦੇ ਹੋਏ ਵਿਸ਼ਵ ਸ਼ਾਂਤੀ ਦੀ ਕਾਮਨਾ ਕੀਤੀ। ਇਸ ਮੌਕੇ ਗਰੁੱਪ ਚੇਅਰਮੈਨ ਅਨਿਲ ਚੋਪੜਾ 'ਤੇ ਵਾਈਸ ਚੇਅਰਪਰਸਨ ਸ਼੍ਰੀਮਤੀ ਸੰਗੀਤਾ ਚੋਪੜਾ ਨੇ ਨਵੇਂ ਸਾਲ ਦੀ ਵਧਾਈ ਦਿੰਦੇ ਹੋਏ ਆਖਿਆ ਕਿ ਮਨੁੱਖ ਨੇ ਆਪਣੀ ਸੁੱਖ-ਸਹੂਲਤ ਦੇ ਮੱਦੇਨਜ਼ਰ ਬਹੁਤ ਤਰੱਕੀ ਕੀਤੀ ਹੈ ਪਰ ਹਾਲੇ ਵੀ ਬਹੁਤ ਕੁੱਝ ਕਰਨਾ ਬਾਕੀ ਹੈ। ਵਿਕਸਿਤ ਦੇਸ਼ਾਂ ਦੇ ਮੁਕਾਬਲੇ ਭਾਰਤ ਹਾਲੇ ਵੀ ਪਿੱਛੇ ਹੈ। ਉਨ੍ਹਾਂ ਨੇ ਸਮੂਹ ਵਿਦਿਆਰਥੀਆਂ ਨੂੰ ਭਾਰਤ ਨੂੰ ਵਿਕਾਸਸ਼ੀਲ ਤੋਂ ਵਿਕਸਿਤ ਦੇਸ਼ ਬਣਾਉਣ 'ਚ ਆਪਣਾ ਯੋਗਦਾਨ ਦੇਣ ਲਈ ਪ੍ਰੇਰਿਤ ਕੀਤਾ।ਉਨ੍ਹਾਂ ਕਾਮਨਾ ਕੀਤੀ ਕਿ ਨਵਾਂ ਸਾਲ ਸਾਰਿਆਂ ਲਈ ਸੁੱਖ, ਸਮਰਿਧੀ ਤੇ ਖੁਸ਼ਹਾਲੀ ਲੈ ਕੇ ਆਵੇ।

ਗੋਰਾਇਆ ਵਿਖੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ

ਅੱਡਾ ਸਰਾਂ (ਜਸਵੀਰ ਕਾਜਲ)-ਪਿੰਡ ਗੁਰਾਇਆ ਵਿਖੇ ਸ੍ਰੀ ਗੁਰੂ ਰਵਿਦਾਸ ਪ੍ਰਬੰਧਕ ਕਮੇਟੀ ਸਮੂਹ ਸਾਧ ਸੰਗਤ ਅਤੇ ਬਲਜੀਤ ਡੇਅਰੀ ਫਾਰਮ ਦੇ ਸਹਿਯੋਗ ਨਾਲ ਚਾਹ-ਪਕੌੜਿਆਂ ਦਾ ਲੰਗਰ ਲਗਾਇਆ ਗਿਆ।ਗੁਰਦੁਆਰਾ ਸਾਹਿਬ ਦੇ ਹੈੱਡ ਗ੍ਰੰਥੀ ਭਾਈ ਸੰਦੀਪ ਸਿੰਘ ਵਲੋਂ ਨਵੇਂ ਸਾਲ ਦੀ ਆਮਦ ਵਾਲੇ ਦਿਨ 'ਤੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਗਈ। ਇਸ ਮੌਕੇ ਮਾਸਟਰ ਕੁਲਵਿੰਦਰ ਸਿੰਘ, ਬਲਜੀਤ ਸਿੰਘ ਲੰਬਰਦਾਰ, ਸ਼ਮਿੰਦਰ ਪਾਲ ਸਿੰਘ ਬਾਵਾ ਕਨੇਡੀਅਨ, ਹਰਮਨ ਸਿੰਘ, ਪ੍ਰਭਜੋਤ ਸਿੰਘ ਸੁਖਦੇਵ ਸਿੰਘ , ਰਾਜੀਵ ਕੁਮਾਰ, ਮਾਸਟਰ ਨਵਦੀਪ ਸਿੰਘ, ਰੋਹਿਤ ਮਿੱਠੂ ,ਮੋਹਿਤ, ਮਨਜੀਤ ਸਿੰਘ, ਰਾਜੂ ਮਨਦੀਪ ਸਿੰਘ, ਸੁਰਜੀਤ ਡੀਜੇ, ਪਰਮਜੀਤ ਸਿੰਘ ਅਤੇ ਹੋਰ ਨਗਰ ਦੀਆਂ ਸੰਗਤਾਂ ਹਾਜ਼ਰ ਸਨ।

ਨਸ਼ੀਲੇ ਟੀਕਿਆਂ ਤੇ ਹੈਰੋਇਨ ਸਮੇਤ ਕਾਬੂ

ਨਵਾਂਸ਼ਹਿਰ (ਮਨੋਜ ਲਾਡੀ)- ਪੁਲਸ ਵਲੋਂ ਇਕ ਵਿਅਕਤੀ ਨੂੰ 5 ਨਸ਼ੀਲੇ ਟੀਕੇ ਅਤੇ 1 ਗ੍ਰਾਮ ਹੈਰੋਇਨ ਸਮੇਤ ਕਾਬੂ ਕਰ ਲਿਆ ਗਿਆ ਹੈ। ਪੁਲਸ ਚੌਕੀ ਅੌੜ ਦੇ ਏ.ਐੱਸ.ਆਈ. ਨਿਰਮਲ ਸਿੰਘ ਨੇ ਦੱਸਿਆ ਕਿ ਸਾਥੀ ਕਰਮਚਾਰੀਆਂ ਦੇ ਗਸ਼ਤ ਦੌਰਾਨ ਪਿੰਡ ਗਰਚਾ ਤੋਂ ਹੁੰਦੇ ਹੋਏ ਨਹਿਰ ਸੂਆ ਦੀ ਪਟੜੀ ਦੇ ਨਾਲ ਨਾਲ ਪਿੰਡ ਮੱਲਪੁਰ ਵੱਲ ਨੂੰ ਜਾ ਰਹੇ ਸੀ। ਜਦੋਂ ਪੁਲਸ ਪਾਰਟੀ ਨਹਿਰ ਸੂਆ ਦੇ ਪੁਲ ਤਾਂ ਪਿੰਡ ਮੱਲਪੁਰ ਵੱਲ ਨੂੰ ਮੁੜੀ ਤਾਂ ਨਹਿਰ ਦੀ ਪਟੜੀ 'ਤੇ ਸਫੈਦੇ ਦੇ ਨਜ਼ਦੀਕ ਇੱਕ ਵਿਅਕਤੀ ਬੈਠਾ ਦਿਖਾਈ ਦਿੱਤਾ।ਜਿਸਨੇ ਗੱਡੀ ਵਿਚ ਬੈਠੇ ਪੁਲਸ ਮੁਲਾਜ਼ਮ ਦੇਖ ਕੇ ਘਬਰਾ ਕੇ ਆਪਣੀ ਪਹਿਨੀ ਹੋਈ ਜੈਕਟ ਦੀ ਸੱਜੀ ਜੇਬ ਵਿੱਚੋਂ ਇੱਕ ਕਾਲੇ ਰੰਗ ਦਾ ਲਿਫਾਫਾ ਕੱਢ ਕੇ ਸੁੱਟ ਦਿੱਤਾ। ਜਿਸ 'ਤੇ ਸ਼ੱਕ ਹੋਣ 'ਤੇ ਸਾਥੀ ਕਰਮਚਾਰੀਆਂ ਦੀ ਮੱਦਦ ਨਾਲ ਉਸ ਵਿਅਕਤੀ ਨੂੰ ਕਾਬੂ ਕਰ ਕੇ ਨਾਂਅ ਪਤਾ ਪੁੱਛਿਅ, ਜਿਸ ਨੇ ਆਪਣਾ ਨਾਂਅ ਪਵਨ ਕੁਮਾਰ ਪੁੱਤਰ ਗੁਰਨਾਮ ਵਾਸੀ ਮੱਲਪੁਰ ਦੱਸਿਆ। ਜਿਸ ਵੱਲੋਂ ਸੁੱਟੇ ਕਾਲੇ ਰੰਗ ਦੇ ਲਿਫਾਫੇ ਵਿਚੋਂ 5 ਨਸ਼ੀਲੇ ਟੀਕੇ ਅਤੇ 1 ਗ੍ਰਾਮ ਹੈਰੋਇਨ ਬ੍ਰਾਮਦ ਕੀਤੀ ਗਈ। ਪੁਲਸ ਨੇ ਮੁਲਜ਼ਮ ਖਿਲਾਫ਼ ਮਾਮਲਾ ਦਰਜ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

ਉਸਾਰੀ ਮਿਸਤਰੀ-ਮਜ਼ਦੂਰ ਯੂਨੀਅਨ ਨੇ ਨਵਾਂ ਸਾਲ ਮਨਾਇਆ

ਸ੍ਰੀ ਚਮਕੌਰ ਸਾਹਿਬ, (ਗੁਰਵਿੰਦਰਪਾਲ ਸਿੰਘ ਬੱਬੀ)

ਬਿਲਡਿੰਗ ਉਸਾਰੀ ਨਾਲ ਸੰਬੰਧਿਤ ਉਸਾਰੀ ਮਿਸਤਰੀ ਮਜ਼ਦੂਰਾਂ ਦੀ ਜਥੇਬੰਦੀ ਸ੍ਰੀ ਵਿਸ਼ਵਕਰਮਾ ਬਿਲਡਿੰਗ ਉਸਾਰੀ ਕਿਰਤੀ ਕਾਮਾ ਯੂਨੀਅਨ (ਰਜਿ.) ਸੰਬੰਧਿਤ ਇਕਟੂ ਬਲਾਕ ਸ੍ਰੀ ਚਮਕੌਰ ਸਾਹਿਬ ਵੱਲੋਂ ਨਵੇਂ ਸਾਲ ਦੀ ਆਮਦ ਮੌਕੇ ਲੇਬਰ ਚੌਕ ਵਿਖੇ ਮਜ਼ਦੂਰਾਂ, ਮਿਸਤਰੀਆਂ ਦੀ ਚੜ੍ਹਦੀਕਲਾ ਲਈ ਵਿਸ਼ਵਕਰਮਾ ਮੰਦਿਰ ਵਿਚ ਅਰਦਾਸ ਕਰਨ ਉਪਰੰਤ ਚੌਕ ਵਿੱਚ ਲੱਡੂਆਂ ਤੇ ਚਾਹ ਦਾ ਲੰਗਰ ਲਗਾਇਆ ਗਿਆ।ਯੂਨੀਅਨ ਦੇ ਪ੍ਰਧਾਨ ਬਲਵਿੰਦਰ ਸਿੰਘ ਭੈਰੋ ਮਾਜਰਾ, ਪ੍ਰੈਸ ਸਕੱਤਰ ਸਤਵਿੰਦਰ ਸਿੰਘ ਨੀਟਾ ਨੇ ਦੱਸਿਆਂ ਕਿ ਸਮੁੱਚੇ ਆਗੂਆਂ ਵੱਲੋਂ ਜਿੱਥੇ ਉਸਾਰੀ ਨਾਲ ਸੰਬੰਧਿਤ ਮਜ਼ਦੂਰਾਂ, ਮਿਸਤਰੀਆਂ ਅਤੇ ਆਮ ਲੋਕਾਂ ਨੂੰ ਨਵੇਂ ਸਾਲ ਦੇ ਵਧਾਈ ਦੇ ਸੰਦੇਸ਼ ਦਿੱਤੇ ਗਏ, ਉੱਥੇ ਨਾਲ ਹੀ ਇਹਨਾਂ ਨਗਰ ਕੌਂਸਲ ਤੋਂ ਮੰਗ ਕੀਤੀ ਗਈ ਕਿ ਅਧੂਰੇ ਪਏ ਲੇਬਰ ਚੌਕ ਨੂੰ ਮੁਕੰਮਲ ਕਰਾਇਆ ਜਾਵੇ, ਲੇਬਰ ਚੌਕ ਵਿਖੇ ਮਜ਼ਦੂਰਾਂ ਦੇ ਬੈਠਣ ਦਾ ਅਤੇ ਬਿਜਲੀ ਦਾ ਪਾਣੀ ਦਾ ਪ੍ਰਬੰਧ ਕੀਤਾ ਜਾਵੇ।ਇਹਨਾਂ ਵੱਲੋਂ ਰੋਸ ਪ੍ਰਗਟ ਕੀਤਾ ਕਿ ਇੱਕ ਪਾਸੇ ਕਿਰਤ ਮੰਤਰੀ ਇਹ ਦਾਅਵੇ ਕਰ ਰਹੇ ਹਨ ਕਿ ਮਜ਼ਦੂਰਾਂ ਦੀ ਭਲਾਈ ਲਈ ਕਿਰਤ ਵਿਭਾਗ ਵੱਲੋਂ ਵਿਸ਼ੇਸ਼ ਕੈਂਪ ਲਗਾਏ ਗਏ ਹਨ, ਜਦੋਂ ਕਿ ਜਥੇਬੰਦੀ ਵੱਲੋਂ ਬਾਰ-ਬਾਰ ਮੰਗ ਕਰਨ 'ਤੇ ਵੀ ਅੱਜ ਤੱਕ ਇੱਕ ਵੀ ਕੈਂਪ ਨਹੀਂ ਲਾਇਆ ਜਾ ਰਿਹਾ। ਇਹਨਾਂ ਮੰਗ ਕੀਤੀ ਕਿ ਮਜ਼ਦੂਰਾਂ ਦੀ ਰਜਿਸਟਰੇਸ਼ਨ, ਭਲਾਈ ਸਕੀਮਾਂ ਲਈ ਸਮੂਹ ਲੇਬਰ ਚੌਕਾਂ ਵਿਖੇ ਕੈਂਪ ਲਗਾਏ ਜਾਣ ਤਾਂ ਜੋ ਮਜ਼ਦੂਰਾਂ ਦੇ ਕੰਮ ਹੋ ਸਕਣ। ਇਸ ਮੌਕੇ ਰਮੇਸ਼ ਕੁਮਾਰ ਕਾਕਾ, ਅਨੈਬ ਸਿੰਘ ਸਮਾਣਾ, ਦਵਿੰਦਰ ਸਿੰਘ ਰਾਜੂ, ਮਨਮੋਹਣ ਸਿੰਘ ਕਾਲਾ, ਦਲਜੀਤ ਸਿੰਘ ਬਿੱਟੂ, ਦਲਵੀਰ ਸਿੰਘ ਜਟਾਣਾ, ਲਖਬੀਰ ਸਿੰਘ ਹਵਾਰਾ ਕਲਾਂ, ਗੁਲਾਬ ਚੰਦ ਚੌਹਾਨ, ਮਲਾਗਰ ਸਿੰਘ ਅਤੇ ਠੇਕੇਦਾਰ ਸੁਰਿੰਦਰ ਸਿੰਘ ਆਦਿ ਹਾਜ਼ਰ ਸਨ।

ਰਿਆਤ ਬਾਹਰਾ 'ਵਰਸਿਟੀ ਹੋਰ ਰੁਜ਼ਗਾਰ ਮੁਖੀ ਕੋਰਸ ਸ਼ੁਰੂ ਕਰੇਗੀ

ਮੋਹਾਲੀ (ਗੁਰਜੀਤ ਬਿੱਲਾ)— ਰਿਆਤ ਬਾਹਰਾ ਯੂਨੀ

2- jan- PAGE 9.qxd 1/1/2025 9:14 PM Page 1

ਨਿਰਵਿਘਨ ਸੇਵਾਵਾਂ ਪ੍ਰਦਾਨ ਕਰਨ ਲਈ ਨਾਗਰਿਕ ਕੇਂਦਰਤ ਪਹੁੰਚ ਅਪਣਾਈ : ਅਮਨ ਅਰੋੜਾ

ਚੰਡੀਗੜ੍ਹ (ਗੁਰਜੀਤ ਬਿੱਲਾ)—ਸੂਬੇ ਦੇ ਲੋਕਾਂ ਲਈ ਕੁਸ਼ਲ, ਇਮਾਨਦਾਰ, ਜਵਾਬਦੇਹੀ ਵਾਲਾ ਅਤੇ ਨਾਗਰਿਕ-ਕੇਂਦਰਿਤ ਸ਼ਾਸਨ ਨੂੰ ਯਕੀਨੀ ਬਣਾਉਣ ਦੇ ਉਦੇਸ਼ ਨਾਲ ਪੰਜਾਬ ਸਰਕਾਰ ਨੇ ਕਈ ਅਹਿਮ ਪ੍ਰਾਜੈਕਟ ਲਿਆਂਦੇ ਹਨ ਤਾਂ ਜੋ ਸੂਬੇ ਨੂੰ ਅਸਲ ਮਾਇਨਿਆਂ ਵਿੱਚ ਡਿਜ਼ੀਟਲ ਤੌਰ 'ਤੇ ਸਮਰੱਥ ਸਮਾਜ ਵਿੱਚ ਬਦਲਿਆ ਜਾ ਸਕੇ।ਸੂਬਾ ਸਰਕਾਰ ਵੱਲੋਂ ਸ਼ੁਰੂ ਕੀਤੀਆਂ ਅਹਿਮ ਪਹਿਲਕਦਮੀਆਂ ਦਾ ਜ਼ਿਕਰ ਕਰਦਿਆਂ ਪੰਜਾਬ ਦੇ ਪ੍ਰਸ਼ਾਸਨਿਕ ਸੁਧਾਰ ਅਤੇ ਲੋਕ ਸ਼ਿਕਾਇਤਾਂ ਬਾਰੇ ਮੰਤਰੀ ਅਮਨ ਅਰੋੜਾ ਨੇ ਦੱਸਿਆ ਕਿ ਪੰਜਾਬ ਨੇ ਹਾਲ ਹੀ ਵਿੱਚ ਇੱਕ ਪ੍ਰਮੁੱਖ ਪ੍ਰੋਜੈਕਟ ਸ਼ੁਰੂ ਕੀਤਾ ਹੈ, ਜਿਸ ਤਹਿਤ ਸਰਪੰਚਾਂ, ਨੰਬਰਦਾਰਾਂ ਅਤੇ ਮਿਉਂਸਪਲ ਕੌਂਸਲਰਾਂ (ਐਮ.ਸੀਜ਼) ਨੂੰ ਵੱਖ-ਵੱਖ ਸਰਟੀਫਿਕੇਟਾਂ ਜਿਵੇਂ ਕਿ ਰਿਹਾਇਸ਼ੀ ਸਰਟੀਫਿਕੇਟ,ਜਾਤੀ(ਐਸ.ਸੀ, ਬੀ.ਸੀ./ਓ.ਬੀ.ਸੀ.) ਸਰਟੀਫਿਕੇਟ, ਆਮਦਨ ਸਰਟੀਫਿਕੇਟ, ਈ.ਡਬਲਿਊ.ਐਸ. ਸਰਟੀਫਿਕੇਟ, ਬੁਢਾਪਾ ਪੈਨਸ਼ਨ ਅਤੇ ਡੋਗਰਾ ਸਰਟੀਫਿਕੇਟ ਸਬੰਧੀ ਅਰਜ਼ੀਆਂ ਦੀ ਆਨਲਾਈਨ ਤਸਦੀਕ ਕਰਨ ਦੇ ਅਧਿਕਾਰ ਦਿੱਤੇ ਗਏ ਹਨ। ਇਹ ਪ੍ਰਾਜੈਕਟ ਸ਼ੁਰੂ ਕਰਨ ਵਿੱਚ ਮੋਹਰੀ ਬਣੀ ਪੰਜਾਬ ਸਰਕਾਰ ਦੀ ਇਸ ਪਹਿਲਕਦਮੀ ਦਾ ਉਦੇਸ਼ ਨਾਗਰਿਕਾਂ ਨੂੰ ਸਰਪੰਚਾਂ, ਨੰਬਰਦਾਰਾਂ ਅਤੇ ਐਮਸੀਜ਼ ਤੋਂ ਦਸਤਖ਼ਤ ਕਰਵਾਉਣ ਸਮੇਂ ਹੁੰਦੀ ਖੱਜਲ-ਖੁਆਰੀ ਤੋਂ ਰਾਹਤ ਪ੍ਰਦਾਨ ਕਰਨਾ ਹੈ। ਇਨ੍ਹਾਂ ਸਥਾਨਕ ਨੁਮਾਇੰਦਿਆਂ ਨੂੰ ਵਟਸਐਪ ਰਾਹੀਂ ਕਾਰਵਾਈ ਲਈ ਅਰਜ਼ੀਆਂ ਆਉਂਦੀਆਂ ਹਨ ਅਤੇ ਉਹ ਵਟਸਐਪ ਰਾਹੀਂ ਆਪਣੀ ਸਿਫ਼ਾਰਸ਼ ਦੇ ਸਕਦੇ ਹਨ।ਪ੍ਰਸ਼ਾਸਨਿਕ ਸੁਧਾਰ ਵਿਭਾਗ ਨੇ ਦਸਤਾਵੇਜ਼ਾਂ ਦੀ ਆਨਲਾਈਨ ਤਸਦੀਕ ਲਈ ਸਾਰੇ ਪਟਵਾਰੀਆਂ ਦੀਆਂ ਵੀ ਲਾਗਇਨ ਆਈ.ਡੀਜ਼. ਬਣਾਈਆਂ ਗਈਆਂ ਹਨ ਅਤੇ ਸੂਬੇ ਭਰ ਵਿੱਚ ਪਿਛਲੇ ਸੱਤ ਮਹੀਨਿਆਂ 'ਚ ਪਟਵਾਰੀਆਂ ਵੱਲੋਂ 9.20 ਲੱਖ ਤੋਂ ਵੱਧ ਅਰਜ਼ੀਆਂ ਦਾ ਆਨਲਾਈਨ ਨਿਪਟਾਰਾ ਕੀਤਾ ਗਿਆ ਹੈ।ਅਮਨ ਅਰੋੜਾ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਲੋਕਾਂ ਨੂੰ ਉਨ੍ਹਾਂ ਦੇ ਦਰ 'ਤੇ 43 ਨਾਗਰਿਕ-ਕੇਂਦ੍ਰਿਤ ਸੇਵਾਵਾਂ ਪ੍ਰਦਾਨ ਕਰਨ ਲਈ 'ਭਗਵੰਤ ਮਾਨ ਸਰਕਾਰ-ਤੁਹਾਡੇ ਦੁਆਰ' ਸਕੀਮ ਸ਼ੁਰੂ ਕੀਤੀ ਹੈ। ਨਾਗਰਿਕ ਇਨ੍ਹਾਂ 43 ਸੇਵਾਵਾਂ ਦਾ ਲਾਭ ਲੈਣ ਲਈ ਸਿਰਫ਼ ਹੈਲਪਲਾਈਨ ਨੰਬਰ 1076 'ਤੇ ਕਾਲ ਕਰਕੇ ਆਪਣੀ ਸੰਖ ਮੁਤਾਬਕ ਅਪਵਾਇੰਟਮੈਂਟ ਬੁੱਕ ਕਰ ਸਕਦੇ ਹਨ। ਉਨ੍ਹਾਂ ਕਿਹਾ ਕਿ ਸੇਵਾ ਸਹਾਇਕ ਨਿਰਧਾਰਤ ਸਮੇਂ ਉਤੇ ਨਾਗਰਿਕ ਦੇ ਘਰ ਜਾ ਕੇ ਟੈਬਲੈੱਟਾਂ ਰਾਹੀਂ ਉਨ੍ਹਾਂ ਦੀਆਂ ਅਰਜ਼ੀਆਂ 'ਤੇ ਢੁੱਕਵੀਂ ਕਾਰਵਾਈ ਕਰਦੇ ਹਨ ਅਤੇ ਜ਼ਰੂਰੀ ਦਸਤਾਵੇਜ਼ ਵੀ ਇਕੱਤਰ ਕਰਦੇ ਹਨ।

ਨਾਗਰਿਕਾਂ ਨੂੰ ਸਰਟੀਫਿਕੇਟ ਐਸ.ਐਮ.ਐਸ. ਜਾਂ ਵਟਸਐਪ ਸੁਨੇਹੇ ਰਾਹੀਂ ਸਿੱਧੇ ਉਨ੍ਹਾਂ ਦੇ ਫੋਨ 'ਤੇ ਭੇਜੇ ਜਾ ਰਹੇ ਹਨ। ਸਰਕਾਰ ਨੇ 6 ਫਰਵਰੀ, 2024 ਨੂੰ 'ਆਪ ਦੀ ਸਰਕਾਰ, ਆਪ ਦੇ ਦੁਆਰ' ਸਕੀਮ ਦੀ ਸ਼ੁਰੂਆਤ ਕੀਤੀ ਸੀ, ਜਿਸ ਤਹਿਤ ਸੂਬੇ ਭਰ ਵਿੱਚ ਕੈਂਪ ਲਗਾਏ ਜਾ ਰਹੇ ਹਨ। ਹੁਣ ਪੰਜਾਬ ਦੇ ਲੋਕਾਂ ਨੂੰ ਸਰਟੀਫਿਕੇਟਾਂ ਦੀਆਂ ਕਾਪੀਆਂ ਲੈਣ ਲਈ ਕਿਸੇ ਦਫ਼ਤਰ/ਸੇਵਾ ਕੇਂਦਰ ਵਿਖੇ ਜਾਣ ਦੀ ਲੋੜ ਨਹੀਂ ਹੈ ਕਿਉਂਕਿ ਪੰਜਾਬ ਸਰਕਾਰ ਨੇ ਨਾਗਰਿਕਾਂ ਨੂੰ ਐਸ.ਐਮ.ਐਸ. ਅਤੇ ਈ-ਮੇਲ ਰਾਹੀਂ ਡਿਜ਼ੀਟਲ ਤੌਰ 'ਤੇ ਹਸਤਾਖ਼ਰਿਤ ਅਤੇ ਕਿਊ.ਆਰ. ਕੋਡ ਵਾਲੇ ਸਰਟੀਫਿਕੇਟਾਂ ਦੀ ਡਿਲੀਵਰੀ ਕੀਤੀ ਜਾ ਰਹੀ ਹੈ। ਇਹ ਸਰਟੀਫਿਕੇਟ ਆਨਲਾਈਨ ਤਸਦੀਕਯੋਗ ਹਨ ਅਤੇ ਸਾਰੇ ਦਫ਼ਤਰ ਇਨ੍ਹਾਂ ਸਰਟੀਫਿਕੇਟਾਂ ਨੂੰ ਸਵੀਕਾਰ ਕਰਦੇ ਹਨ।

ਮਹਿੰਦਵਾਣੀ ਪੰਜਾਬ ਦਾ ਵਫ਼ਦ ਥਾਣਾ ਟਾਹਲੀਵਾਲ ਦੇ ਆਈ ਓ ਤੇ ਥਾਣਾ ਮੁਖੀ ਨੂੰ ਮਿਲਿਆ

ਹੁਸ਼ਿਆਰਪੁਰ,(ਬਲਵੀਰ ਸਿੰਘ ਸੈਣੀ) -'ਲੋਕ ਬਚਾਓ, ਪਿੰਡ ਬਚਾਓ ਸੰਘਰਸ਼ ਕਮੇਟੀ (ਇਲਾਕਾ ਬੀਤ)-ਮਹਿੰਦਵਾਣੀ ਪੰਜਾਬ' ਦਾ ਵਫ਼ਦ ਪ੍ਰਧਾਨ ਅਸ਼ੋਕ ਸ਼ਰਮਾ ਦੀ ਪ੍ਰਧਾਨਗੀ ਹੇਠ ਥਾਣਾ ਟਾਹਲੀਵਾਲ ਤਹਿਸੀਲ ਹਰੰਲੀ ਹਿਮਾਚਲ ਪ੍ਰਦੇਸ਼ ਦੇ ਆਈ.ਓ. ਅਤੇ ਥਾਣਾ ਮੁਖੀ ਨੂੰ ਮਿਲਿਆ। ਜਿਸ ਵਿਚ ਮੋਡਲਸ ਕਾਸਮੇਟਿਕ ਪ੍ਰਾਈਵੇਟ ਲਿਮਟਿਡ (ਸਾਬਣ ਤੇ ਤੇਲ ਰਿਫਾਇਨਰੀ) ਪਿੰਡ ਗੋਂਦਪੁਰ ਜੈ ਚੰਦ, ਸਬ ਤਹਿਸੀਲ ਦੁਲੈਹੜ, ਹਿਮਾਚਲ ਪ੍ਰਦੇਸ਼ ਦੇ ਪ੍ਰਬੰਧਕਾਂ ਵਲੋਂ, ਕਮੇਟੀ ਮੈਂਬਰਾਂ ਨੂੰ ਬਿਨਾਂ ਵਜ੍ਹਾ ਤੰਗ ਪ੍ਰੇਸ਼ਾਨ ਕਰਨ ਲਈ ਇੱਕ ਸ਼ਿਕਾਇਤ ਟਾਹਲੀਵਾਲ ਥਾਣਾ ਵਿੱਚ ਦਿੱਤੀ ਗਈ ਸੀ। ਵਫ਼ਦ ਨੇ ਆਪਣਾ ਪੱਖ ਦੱਸ ਕੇ ਅਧਿਕਾਰੀਆਂ ਦੀ ਸੰਤੁਸ਼ਟੀ ਕਰਵਾਈ ਅਤੇ ਥਾਣਾ ਮੁਖੀ ਨੂੰ ਇਸ ਉਦਯੋਗ ਤੋਂ ਪਿੰਡ ਮਹਿੰਦਵਾਣੀ ਅਤੇ ਇਲਾਕੇ ਨੂੰ ਆ ਰਹੀਆਂ ਸਮੱਸਿਆਵਾਂ ਬਾਰੇ ਵੀ ਜਾਣਕਾਰੀ ਦਿੱਤੀ। ਕਮੇਟੀ ਮੈਂਬਰਾਂ ਨੇ ਇਸ ਸ਼ਿਕਾਇਤ ਨੂੰ ਗੰਭੀਰਤਾ ਨਾਲ ਨੋਟਿਸ ਲੈਂਦੇ ਹੋਏ ਵਿਚਾਰ ਵਟਾਂਦਰਾ ਕੀਤਾ ਅਤੇ ਫ਼ੈਸਲਾ ਲਿਆ ਕਿ ਇਸ ਉਦਯੋਗ ਪ੍ਰਬੰਧਕਾਂ ਵਲੋਂ ਅਗਰ ਭਵਿੱਖ ਵਿੱਚ ਇਸੇ ਤਰ੍ਹਾਂ ਗ਼ਲਤ ਢੰਗ ਨਾਲ ਬੇਵਜ੍ਹਾ ਪਰੇਸ਼ਾਨ ਕੀਤਾ ਗਿਆ ਤਾਂ ਇਸ ਦਾ ਜਵਾਬ ਦੇਣ ਲਈ ਬੜੀ ਜਲਦ ਸਮੂਹ ਕਮੇਟੀ ਮੈਂਬਰ ਇਲਾਕੇ ਦੇ ਲੋਕਾਂ ਨੂੰ ਮਿਲ ਕੇ ਜਾਗਰੂਕ ਕਰ ਕੇ ਸੰਗਠਤ ਸੰਘਰਸ਼ ਉਲੀਕਿਆ ਜਾਵੇਗਾ ਤਾਂ ਕਿ ਉਦਯੋਗ ਪ੍ਰਬੰਧਕਾਂ ਦੀਆਂ ਬੇਨਿਯਮੀਆਂ ਤੇ ਹੈਂਕੜਬਾਜ਼ ਰਵੱਈਏ ਨੂੰ ਰੋਕਿਆ ਜਾ ਸਕੇ। ਇਸ ਵਫ਼ਦ ਵਿਚ ਪ੍ਰਧਾਨ ਸੂਬੇਦਾਰ ਅਸ਼ੋਕ ਸ਼ਰਮਾ ਅਤੇ ਕਮੇਟੀ ਮੈਂਬਰਾਨ, ਰੋਸ਼ਨ ਸਿੰਘ ਰਾਣਾ, ਕੈਪਟਨ ਪ੍ਰਕਾਸ਼ ਲਾਦੀ, ਨਰੇਸ਼ ਸਿੰਘ ਰਾਣਾ ਸਰਪੰਚ ਮਹਿੰਦਵਾਣੀ, ਦਵਿੰਦਰ ਸਿੰਘ ਬੂਟਾ ਸਰਪੰਚ ਮਹਿੰਦਵਾਣੀ ਗੁੱਜਰਾਂ, ਰਮੇਸ਼ ਲਾਲ ਪੰਮੀ ਸਾਬਕਾ ਸਰਪੰਚ, ਚੌਧਰੀ ਹਰਬੰਸ ਲਾਲ ਪੰਚ, ਚੌਧਰੀ ਗੁਰਮੇਲ, ਚੌਧਰੀ ਤੇਲੂ ਰਾਮ, ਲੰਬੜਦਾਰ ਦਰਸ਼ਨ ਕੁਮਾਰ, ਸੁਰਿੰਦਰ ਕੁਮਾਰ ਪੱਮ, ਸਾਥੀ ਬਲਜੀਤ ਸਿੰਘ, ਸਾਥੀ ਸੰਤ ਰਾਮ, ਚੌਧਰੀ ਕਮਲ ਕਟਾਰੀਆ ਸਾਬਕਾ ਸਰਪੰਚ ਕਾਕੋਵਾਲ, ਲੀਡਰ ਜੀ ਪੰਚ ਕੋਕੋਵਾਲ, ਸਾਥੀ ਰਾਮਜੀ ਦਾਸ ਚੌਹਾਨ (ਮੁਲਾਜ਼ਮ ਸੂਬਾਈ ਆਗੂ ਪਸਸਫ) ਰਤਨਪੁਰ , ਚੌਧਰੀ ਕਿਸ਼ਨ ਦੇਵ ਪ੍ਰੰਪੂ ਰਤਨਪੁਰ, ਪ੍ਰਿੰਸੀਪਲ ਤਰਲੋਚਨ ਚੇਚੀ ਡੰਗੋਰੀ, ਕੁਲਭੂਸ਼ਨ ਕੁਮਾਰ ਸਾਬਕਾ ਸਰਪੰਚ ਤੇ ਸੰਪਤੀ ਮੈਂਬਰ, ਦਵਿੰਦਰ ਰਾਣਾ ਸਾਬਕਾ ਸਰਪੰਚ ਮਹਿੰਦਵਾਣੀ, ਰਾਣਾ ਕੇ. ਕੇ. ਸਾਬਕਾ ਪ੍ਰਧਾਨ ਅਤੇ ਕਿਸਾਨ ਆਗੂ ਪਿੰਡ ਬਾਥੂ ਹਿਮਾਚਲ ਪ੍ਰਦੇਸ਼ ਆਦਿ ਹਾਜ਼ਰ ਹੋਏ।

ਏ ਐਨ ਪੀ ਆਰ ਕੈਮਰੇ ਰੱਖਣਗੇ ਗੈਰ-ਕਾਨੂੰਨੀ ਮਾਈਨਿੰਗ 'ਤੇ ਨਿਗਰਾਨੀ : ਆਸ਼ਿਕਾ ਜੈਨ

ਐਸ.ਏ.ਐਸ.ਨਗਰ (ਗੁਰਜੀਤ ਬਿੱਲਾ)-ਗੈਰ-ਕਾਨੂੰਨੀ ਮਾਈਨਿੰਗ ਵਿਰੁੱਧ ਸਖ਼ਤ ਕਾਰਵਾਈ ਕਰਨ ਦੀ ਆਪਣੀ ਵਚਨਬੱਧਤਾ ਨੂੰ ਦੁਹਰਾਉਂਦਿਆਂ, ਡਿਪਟੀ ਕਮਿਸ਼ਨਰ, ਆਸ਼ਿਕਾ ਜੈਨ ਨੇ ਮਾਈਨਿੰਗ ਅਧਿਕਾਰੀਆਂ ਨੂੰ ਜ਼ਿਲ੍ਹੇ ਵਿੱਚ ਅੰਤਰਰਾਜੀ ਚੈਕ ਪੋਸਟਾਂ 'ਤੇ ਮੌਜੂਦਾ ਸੀ ਸੀ ਟੀ ਵੀ ਕੈਮਰਿਆਂ ਨੂੰ ਏ.ਐਨ.ਪੀ.ਆਰ (ਆਟੋਮੈਟਿਕ ਨੰਬਰ ਪਲੇਟ ਪਛਾਣ) ਕੈਮਰਿਆਂ ਨਾਲ ਬਦਲਣ ਦੇ ਆਦੇਸ਼ ਦਿੱਤੇ ਹਨ।ਜੈਨ ਨੇ ਦੱਸਿਆ ਕਿ ਇਸ ਪਹਿਲਕਦਮੀ ਨਾਲ ਜ਼ਿਲ੍ਹਾ ਐਸ.ਏ.ਐਸ.ਨਗਰ ਅਜਿਹਾ ਆਧੁਨਿਕ ਚੈਕ ਸਿਸਟਮ ਲਗਾਉਣ ਵਾਲਾ ਸੂਬੇ ਦਾ ਪਹਿਲਾ ਜ਼ਿਲ੍ਹਾ ਬਣ ਜਾਵੇਗਾ ਅਤੇ ਗੈਰ-ਕਾਨੂੰਨੀ ਮਾਈਨਿੰਗ ਨੂੰ ਰੋਕਣ ਲਈ ਆਪਣੇ ਯਤਨਾਂ ਨੂੰ ਹੋਰ ਮਜ਼ਬੂਤ ਕਰੇਗਾ। ਉਨ੍ਹਾਂ ਕਿਹਾ ਕਿ ਸਿਸਵਾਂ ਟੀ ਪੁਆਇੰਟ, ਡੱਫਰਪੁਰ ਅਤੇ ਹੰਡੇਸਰਾ ਵਿਖੇ ਸਥਾਪਿਤ ਮੌਜੂਦਾ ਤਿੰਨ ਅੰਤਰਰਾਜੀ ਚੈਕਪੋਸਟਾਂ ਤੋਂ ਇਲਾਵਾ ਡੇਰਾਬੱਸੀ-ਬਰਵਾਲਾ ਰੋਡ 'ਤੇ ਇਕ ਹੋਰ ਚੈਕਪੋਸਟ ਨੂੰ ਮਨਜ਼ੂਰੀ ਦਿੱਤੀ ਗਈ ਹੈ। ਗੈਰ-ਕਾਨੂੰਨੀ ਮਾਈਨਿੰਗ ਵਿਰੁੱਧ ਨਕੇਲ ਕੱਸਣ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਚੁੱਕੇ ਗਏ ਉਪਰਾਲਿਆਂ ਬਾਰੇ ਵਿਸਥਾਰ ਵਿੱਚ ਦੱਸਦਿਆਂ ਉਨ੍ਹਾਂ ਕਿਹਾ ਕਿ ਸਾਰੀਆਂ ਅੰਤਰਰਾਜੀ ਚੈਕ ਪੋਸਟਾਂ 'ਤੇ ਸੀ.ਸੀ.ਟੀ.ਵੀ. ਕੈਮਰਿਆਂ ਨੂੰ ਏ.ਪੀ.ਐਨ.ਆਰ. ਨਾਲ ਬਦਲਣ ਤੋਂ ਇਲਾਵਾ ਪੰਜਾਬ ਐਕਸ ਸਰਵਿਸਮੈਨ ਕਾਰਪੋਰੇਸ਼ਨ ਤੋਂ ਲੈ ਕੇ ਸਾਰੀਆਂ ਚਾਰ ਚੌਕ ਪੋਸਟਾਂ 'ਤੇ 12 ਗਾਰਡ ਵੀ ਤਾਇਨਾਤ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਅੰਤਰਰਾਜੀ ਚੈਕ ਪੋਸਟਾਂ ਇਹ ਵੀ ਯਕੀਨੀ ਬਣਾਉਂਦੀਆਂ ਹਨ ਕਿ ਮਾਈਨਿੰਗ ਸਮੱਗਰੀ ਲੈ ਕੇ ਜਾਣ ਵਾਲੇ ਕਿਸੇ ਵੀ ਵਾਹਨ ਕੋਲ ਕਿਊ ਆਰ ਕੋਡ ਵਾਲਾ ਕੀਤਾ ਜੀ ਐਸ ਟੀ ਬਿੱਲ ਹੋਣਾ ਚਾਹੀਦਾ ਹੈ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਵਾਹਨ ਦੁਆਰਾ ਲੋਡ ਕੀਤੀ ਗਈ ਸਮੱਗਰੀ ਨੂੰ ਕਾਨੂੰਨੀ ਤੌਰ 'ਤੇ ਖਰੀਦਿਆ ਗਿਆ ਹੈ। ਇਨ੍ਹਾਂ ਵਾਹਨਾਂ ਦਾ ਇਨ੍ਹਾਂ ਚੈਕਪੋਸਟਾਂ ਦੇ ਰਿਕਾਰਡ ਵਿੱਚ ਇੰਦਰਾਜ਼ ਕਰਨ ਲਈ ਜ਼ੀਰੋ ਸਲਿੱਪ ਜਾਰੀ ਕੀਤੀ ਜਾਂਦੀ ਹੈ। ਜੇਕਰ, ਮਾਈਨਿੰਗ ਸਮਗਰੀ ਨੂੰ ਲੈ ਕੇ ਜਾਣ ਵਾਲਾ ਟਿੱਪਰ ਸਮੱਗਰੀ ਬਾਰੇ ਕੋਈ ਬਿੱਲ ਜਾਂ ਜਾਇਜ਼ ਦਸਤਾਵੇਜ਼ ਪੇਸ਼ ਕਰਨ ਵਿੱਚ ਅਸਫਲ ਰਹਿੰਦਾ ਹੈ, ਤਾਂ ਪੰਜਾਬ ਮਾਈਨਰ ਮਿਨਰਲ ਰੂਲਜ਼ (ਪੀਐਮਐਮਆਰ) ਸੈਕਸ਼ਨ 74 ਅਤੇ 75 ਦੇ ਤਹਿਤ ਚਲਾਨ ਜਾਰੀ ਕੀਤਾ ਜਾਂਦਾ ਹੈ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜ਼ਿਲ੍ਹੇ ਵਿੱਚ ਪਹਿਲਾਂ ਹੀ ਨਾਜਾਇਜ਼ ਮਾਈਨਿੰਗ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾ ਰਹੀ ਹੈ ਅਤੇ ਪਿਛਲੇ ਛੇ ਮਹੀਨਿਆਂ ਦੌਰਾਨ 3.36 ਕਰੋੜ ਰੁਪਏ ਦਾ ਜੁਰਮਾਨਾ ਵਸੂਲਿਆ ਜਾ ਚੁੱਕਾ ਹੈ। ਏ ਐਨ ਪੀ ਆਰ ਕੈਮਰੇ ਉਹਨਾਂ ਦੀ ਰਜਿਸਟ੍ਰੇਸ਼ਨ ਪਲੇਟਾਂ ਅਤੇ ਵਾਹਨਾਂ ਦੀਆਂ ਹੋਰ ਪਛਾਣਾਂ ਰਾਹੀਂ ਚੈਕ ਪੋਸਟ ਤੋਂ ਭੱਜਣ ਵਾਲਿਆਂ ਵਿਰੁੱਧ ਸਖ਼ਤੀ ਨਾਲ ਕਾਰਵਾਈ ਕਰਨ ਵਿੱਚ ਵਧੇਰੇ ਮਦਦਗਾਰ ਸਾਬਤ ਹੋਣਗੇ।ਉਨ੍ਹਾਂ ਕਿਹਾ ਕਿ ਮੋਹਾਲੀ ਪ੍ਰਸ਼ਾਸਨ ਵੱਲੋਂ ਨਾਜਾਇਜ਼ ਮਾਈਨਿੰਗ ਕਰਨ ਵਾਲੇ ਦੋਸ਼ੀਆਂ ਨੂੰ ਬਖਸ਼ਿਆ ਨਹੀਂ ਜਾਵੇਗਾ ਅਤੇ ਉਲੰਘਣਾ ਕਰਨ ਵਾਲੇ ਹਰ ਵਿਅਕਤੀ ਵਿਰੁੱਧ ਕਾਨੂੰਨ ਅਨੁਸਾਰ ਕਾਰਵਾਈ ਕਰਨ ਲਈ ਹਰ ਸੰਭਵ ਯਤਨ ਕੀਤੇ ਜਾਣਗੇ।

ਅਨੁਸੂਚਿਤ ਜਾਤੀਆਂ, ਪੱਛੜੀਆਂ ਸ਼੍ਰੇਣੀਆਂ ਤੇ ਘੱਟ ਗਿਣਤੀ ਵਰਗ ਦਾ ਜੀਵਨ ਪੱਧਰ ਉੱਚਾ ਚੁੱਕਣ ਲਈ ਕੀਤੇ ਵੱਡੇ ਉਪਰਾਲੇ : ਡਾ. ਬਲਜੀਤ ਕੌਰ

ਚੰਡੀਗੜ੍ਹ, (ਗੁਰਜੀਤ ਬਿੱਲਾ)—ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਅਨੁਸੂਚਿਤ ਜਾਤੀਆਂ, ਪੱਛੜੀਆਂ ਸ਼੍ਰੇਣੀਆਂ ਅਤੇ ਘੱਟ ਗਿਣਤੀ ਵਰਗ ਦੇ ਜੀਵਨ ਪੱਧਰ ਨੂੰ ਉੱਚਾ ਚੁੱਕਣ ਲਈ ਸਾਲ 2024 ਦੌਰਾਨ ਵੱਡੇ ਉਪਰਾਲੇ ਕੀਤੇ ਗਏ ਹਨ।ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਮੰਤਰੀ ਡਾ.ਬਲਜੀਤ ਕੌਰ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਅਨੁਸੂਚਿਤ ਜਾਤੀਆਂ, ਪੱਛੜੀਆਂ ਸ਼੍ਰੇਣੀਆਂ ਅਤੇ ਘੱਟ ਗਿਣਤੀ ਵਰਗ ਦਾ ਵਿਦਿਅਕ, ਸਮਾਜਿਕ ਅਤੇ ਆਰਥਿਕ ਪੱਧਰ ਉੱਚਾ ਚੁੱਕਣ ਲਈ ਵੱਖ ਵੱਖ ਸਕੀਮਾਂ ਲਾਗੂ ਕੀਤੀਆਂ।ਪੋਸਟ ਮੈਟ੍ਰਿਕ ਸਕਾਲਰਸ਼ਿਪ ਫਾਰ ਐਸ.ਸੀ ਸਟੂਡੈਂਟਸ ਸਕੀਮ ਤਹਿਤ ਸਾਲ 2024-25 ਲਈ ਵਿਦਿਆਰਥੀਆਂ ਦੇ ਵਜ਼ੀਫੇ ਲਈ 245.00 ਕਰੋੜ ਰੁਪਏ ਦੀ ਰਾਸ਼ੀ ਰਾਖਵੀਂ ਰੱਖੀ ਗਈ। ਉਨ੍ਹਾਂ ਦੱਸਿਆ ਕਿ ਅਨੁਸੂਚਿਤ ਜਾਤੀ ਦੇ ਵਿਦਿਆਰਥੀਆਂ ਲਈ ਸਾਲ 2017-18 ਤੋਂ 2019-20 ਦੀ ਬਕਾਇਆ ਫੀਸ ਲਈ 40 ਫੀਸਦੀ ਦੀ ਅਦਾਇਗੀ ਸਾਲ 2024-25 ਦੇ ਬਜਟ ਉਪਬੰਧ ਵਿੱਚੋਂ 92.00 ਕਰੋੜ ਰੁਪਏ ਦੀ ਰਾਸ਼ੀ ਜਾਰੀ ਕੀਤੀ ਗਈ ਹੈ।ਇਹ ਰਾਸ਼ੀ ਸਰਕਾਰੀ ਸੰਸਥਾਵਾਂ ਅਤੇ ਪੰਜਾਬ ਰਾਜ ਦੇ ਵਿਦਿਆਰਥੀ ਜੋ ਕਿ ਹੋਰ ਰਾਜਾਂ ਦੀਆਂ ਸੰਸਥਾਵਾਂ ਵਿੱਚ ਪੜ੍ਹਾਈ ਕਰ ਰਹੇ ਹਨ, ਨੂੰ ਅਦਾਇਗੀ ਲਈ ਜਾਰੀ ਕੀਤੀ ਗਈ ਹੈ। ਉਨ੍ਹਾਂ ਨੇ ਇਹ ਵੀ ਦੱਸਿਆ ਕਿ ਸਾਲ 2024-25 ਅਧੀਨ ਸਕਾਲਰਸ਼ਿਪ ਸਕੀਮ ਅਧੀਨ 2 ਲੱਖ 60 ਹਜ਼ਾਰ ਵਿਦਿਆਰਥੀਆਂ ਦਾ ਟੀਚਾ ਰੱਖਿਆ ਗਿਆ ਹੈ, ਜਦਕਿ ਪੋਰਟਲ ਤੇ 2 ਲੱਖ 38 ਹਜ਼ਾਰ ਦੇ ਕਰੀਬ ਵਿਦਿਆਰਥੀ ਇਸ ਸਕੀਮ ਅਧੀਨ ਨਵੇਂ ਰਜਿਸਟਰਡ ਹੋਏ ਹਨ।ਪੰਜਾਬ ਸਰਕਾਰ ਵੱਲੋਂ ਅਸ਼ੀਰਵਾਦ ਸਕੀਮ ਤਹਿਤ ਅਨੁਸੂਚਿਤ ਜਾਤੀਆਂ ਦੇ 29411 ਲਾਭਪਾਤਰੀਆਂ, ਪੱਛੜੀਆਂ ਸ਼੍ਰੇਣੀਆਂ ਅਤੇ ਆਰਥਿਕ ਤੌਰ ਤੇ ਕਮਜ਼ੋਰ ਵਰਗਾਂ ਦੇ 15672 ਲਾਭਪਾਤਰੀਆਂ ਕੁੱਲ 45083 ਲਾਭਪਾਤਰੀਆਂ ਨੂੰ 229.93 ਕਰੋੜ ਰੁਪਏ ਦੀ ਰਾਸ਼ੀ ਵੰਡੀ ਜਾ ਚੁੱਕੀ ਹੈ।ਉਨ੍ਹਾਂ ਦੱਸਿਆ ਕਿ ਅਸ਼ੀਰਵਾਦ ਸਕੀਮ ਨੂੰ ਹੋਰ ਸੁਖਾਲਾ ਅਤੇ ਪਾਰਦਰਸ਼ੀ ਢੰਗ ਨਾਲ ਲਾਗੂ ਕਰਨ ਲਈ ਇਸ ਸਕੀਮ ਅਧੀਨ ਅਰਜ਼ੀਆਂ ਆਨਲਾਈਨ ਪ੍ਰਾਪਤ ਕੀਤੀਆਂ ਜਾਂਦੀਆਂ ਹਨ। ਗਰੀਬ ਪਰਿਵਾਰ ਘਰੋ ਹੀ ਅਸ਼ੀਰਵਾਦ ਸਕੀਮ ਦਾ ਲਾਭ ਲੈਣ ਲਈ http://ashirwad.punjab.gov.in ਪੋਰਟਲ ਤੇ ਅਪਲਾਈ ਕਰ ਸਕਦੇ ਹਨ।ਮੰਤਰੀ ਨੇ ਦੱਸਿਆ ਕਿ ਸਾਲ 2024-25 ਦੌਰਾਨ ਜ਼ਿਲ੍ਹਾ ਤਰਨਤਾਰਨ ਵਿਖੇ ਡਾ. ਬੀ.ਆਰ. ਅੰਬੇਡਕਰ ਭਵਨ ਦੀ ਉਸਾਰੀ ਕਰਨ ਲਈ 593.69 ਲੱਖ ਰੁਪਏ ਅਤੇ ਛੇ ਜ਼ਿਲ੍ਹਿਆਂ ਵਿੱਚ ਡਾ. ਬੀ.ਆਰ.ਅੰਬੇਡਕਰ ਭਵਨਾਂ ਦੀ ਮੁਰੰਮਤ ਲਈ 200 ਕਰੋੜ ਰੁਪਏ ਜਾਰੀ ਕੀਤੇ ਗਏ ਹਨ

2-Jan-PAG-10.qxd 1/1/2025 10:38 PM Page 1

ਜੌਨੀ ਸਿੰਗਲਾ ਦਾ ਮਰਨ ਵਰਤ 10ਵੇਂ ਦਿਨ 'ਚ ਦਾਖਲ

ਪਟਿਆਲਾ- ਸੂਬੇ ਭਰ ਦੇ ਕੰਪਿਊਟਰ ਅਧਿਆਪਕਾਂ ਵੱਲੋਂ ਆਪਣੀਆਂ ਜਾਇਜ਼ ਮੰਗਾਂ ਨੂੰ ਲੈ ਕੇ ਵਿੱਢੇ ਗਏ ਸੂਬਾ ਪੱਧਰੀ ਸੰਘਰਸ਼ ਦੇ ਤਹਿਤ ਕੰਪਿਊਟਰ ਅਧਿਆਪਕ ਭੁੱਖ ਹੜਤਾਲ ਸੰਘਰਸ਼ ਕਮੇਟੀ ਦੇ ਬੈਨਰ ਹੇਠ ਜ਼ਿਲ੍ਹਾ ਪਟਿਆਲਾ ਦੇ ਕੰਪਿਊਟਰ ਅਧਿਆਪਕਾਂ ਵੱਲੋਂ ਵੱਡੀ ਗਿਣਤੀ ਵਿੱਚ ਪਟਿਆਲਾ ਵਿਖੇ ਇਕੱਠੇ ਹੁੰਦੇ ਹੋਏ ਪੰਜਾਬ ਸਰਕਾਰ ਦੀ ਅਰਥੀ ਲੈ ਕੇ ਕੈਬਿਨਟ ਮੰਤਰੀ ਡਾ. ਬਲਵੀਰ ਸਿੰਘ (ਸਿਹਤ ਤੇ ਪਰਿਵਾਰ ਭਲਾਈ ਅਤੇ ਮੈਡੀਕਲ ਸਿੱਖਿਆ ਤੇ ਖੋਜ ਮੰਤਰੀ) ਦੀ ਰਿਹਾਇਸ਼ ਤੱਕ ਰੋਸ਼ ਮਾਰਚ ਕੀਤਾ ਗਿਆ ਤੇ ਉੱਥੇ ਪਹੁੰਚ ਕੇ ਕੰਪਿਊਟਰ ਅਧਿਆਪਕਾਂ ਨੇ ਪੰਜਾਬ ਸਰਕਾਰ ਦੇ ਖਿਲਾਫ ਜਬਰਦਸਤ ਨਾਅਰੇਬਾਜ਼ੀ ਕੀਤੀ। ਇਸ ਮੌਕੇ ਪਰਮਵੀਰ ਸਿੰਘ, ਸੁਮਿਤ ਕੁਮਾਰ, ਬਲਜੀਤ ਸਿੰਘ, ਅਮਨਦੀਪ ਕੌਰ ਵਾਲੀਆ ਅਤੇ ਸੀਮਾ ਰਾਣੀ ਨੇ ਦੱਸਿਆ ਕਿ ਉਹਨਾਂ ਵੱਲੋਂ ਇੱਕ ਸਤੰਬਰ ਤੋਂ ਸੰਗਰੂਰ ਦੇ ਡੀਸੀ ਦਫਤਰ ਅੱਗੇ ਲਗਾਤਾਰ ਭੁੱਖ ਹੜਤਾਲ ਕੀਤੀ ਜਾ ਰਹੀ ਹੈ ਜੋ ਕਿ ਅੱਜ 122ਵੇਂ ਦਿਨ ਵਿੱਚ ਪਹੁੰਚ ਗਈ ਹੈ, ਪਰ ਸਰਕਾਰ ਨੇ ਉਹਨਾਂ ਦੀਆਂ ਮੰਗਾਂ ਵੱਲ ਬਿਲਕੁਲ ਵੀ ਧਿਆਨ ਨਹੀਂ ਦਿੱਤਾ।

ਉਹ 4 ਦਿਨ ਤੇ 3 ਰਾਤਾਂ ਮੁੱਖ ਮੰਤਰੀ ਦੀ ਕੋਠੀ ਅੱਗੇ ਅੱਤ ਦੀ ਸਰਦੀ ਦੇ ਵਿੱਚ ਵੀ ਬੈਠੇ ਰਹੇ ਪਰ ਸਰਕਾਰ ਦੇ ਕਿਸੇ ਵੀ ਨੁਮਾਇੰਦੇ ਨੇ ਉਹਨਾਂ ਦੀ ਗੱਲ ਨਹੀਂ ਸੁਣੀ, ਜਿਸ ਮਗਰੋਂ ਉਨਾਂ ਦੇ ਸਾਥੀ ਜੋਨੀ ਸਿੰਗਲਾ ਵੱਲੋਂ 22 ਦਸੰਬਰ ਤੋਂ ਮਰਨ ਵਰਤ ਸ਼ੁਰੂ ਕਰ ਦਿੱਤਾ ਗਿਆ ਹੈ ਜਿਸ 'ਤੇ ਅੱਜ ਉਹ 10ਵੇਂ ਦਿਨ ਵੀ ਡਟਿਆ ਹੋਇਆ ਹੈ।ਪਰ ਤਰਾਸਦੀ ਦੀ ਗੱਲ ਇਹ ਹੈ ਕਿ ਜਿੱਥੇ ਇੱਕ ਪਾਸੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਕਿਸਾਨ ਆਗੂ ਡੱਲੇਵਾਲ ਦੇ ਮਰਨ ਵਰਤ ਕਾਰਨ ਕੇਂਦਰ ਸਰਕਾਰ ਨੂੰ ਕੋਸ ਰਹੇ ਹਨ ਉੱਥੇ ਉਹਨਾਂ ਦੇ ਆਪਣੇ ਘਰ ਅੱਗੇ ਮਰਨ ਵਰਤ ਤੇ ਬੈਠੇ ਕੰਪਿਊਟਰ ਅਧਿਆਪਕ ਉਹਨਾਂ ਨੂੰ ਵਿਖਾਈ ਨਹੀਂ ਦੇ ਰਹੇ ਅਤੇ ਨਾ ਹੀ ਪੰਜਾਬ ਸਰਕਾਰ ਵੱਲੋਂ ਉਹਨਾਂ ਦਾ ਰੋਜ਼ਾਨਾ ਮੈਡੀਕਲ ਕਰਵਾਇਆ ਜਾ ਰਿਹਾ ਹੈ।

ਕੰਪਿਊਟਰ ਅਧਿਆਪਕਾਂ ਨੇ ਆਪਣੀਆਂ ਮੰਗਾਂ ਸਬੰਧੀ ਜਾਣਕਾਰੀ ਦਿੰਦੇ ਹੋਏ ਕਿਹਾ ਕਿ ਚੋਣਾਂ ਤੋਂ ਪਹਿਲਾਂ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਆਮ ਆਦਮੀ ਪਾਰਟੀ ਦੇ ਆਗੂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਾਲ ਨਾਲ ਆਮ ਆਦਮੀ ਪਾਰਟੀ ਦੇ ਸਮੂਹ ਆਗੂਆਂ ਵੱਲੋਂ ਕੰਪਿਊਟਰ ਅਧਿਆਪਕਾਂ ਦੀਆਂ ਸਾਰੀਆਂ ਮੰਗਾਂ ਨੂੰ ਜਾਇਜ਼ ਠਹਿਰਾਉਂਦੇ ਹੋਏ ਉਹਨਾਂ ਦੀ ਸਰਕਾਰ ਬਣਨ 'ਤੇ ਇਹਨਾਂ ਸਾਰੀਆਂ ਮੰਗਾਂ ਨੂੰ ਬਿਨਾਂ ਦੇਰੀ ਪੂਰਾ ਕਰਨ ਦਾ ਵਾਅਦਾ ਕੀਤਾ ਗਿਆ ਸੀ ਜੋ ਕਿ ਚੋਣ ਜੁਮਲਾ ਹੀ ਸਾਬਿਤ ਹੋਇਆ ਹੈ। ਉਹਨਾਂ ਅੱਗੇ ਕਿਹਾ ਕਿ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ, ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਦੇ ਨਾਲ ਉਹਨਾਂ ਦੀਆਂ ਦਰਜਨਾਂ ਮੀਟਿੰਗਾਂ ਹੀ ਹੋ ਚੁੱਕੀਆਂ ਹਨ, ਉਹ ਉਹਨਾਂ ਦੀਆਂ ਮੰਗਾਂ ਸੰਬੰਧੀ ਭਲੀਭਾਂਤ ਜਾਣੂ ਹਨ ਪਰ ਦੋਵਾਂ ਮੰਤਰੀਆਂ ਦੇ ਨਾਲ ਨਾਲ ਕੈਬਨਿਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਜੋ ਕਿ ਸਬ ਕਮੇਟੀ ਦੇ ਮੈਂਬਰ ਵੀ ਹਨ ਅਤੇ ਆਮ ਆਦਮੀ ਪਾਰਟੀ ਦੇ ਪ੍ਰਧਾਨ ਅਤੇ ਕੈਬਨਿਟ ਮੰਤਰੀ ਅਮਨ ਅਰੋੜਾ ਵੱਲੋਂ ਵੀ ਵੱਖ-ਵੱਖ ਮੀਟਿੰਗਾਂ ਦੇ ਦੌਰਾਨ ਉਨਾਂ ਨੂੰ ਝੂਠੇ ਲਾਰਿਆਂ ਤੋਂ ਇਲਾਵਾ ਹੋਰ ਕੁਝ ਨਹੀਂ ਦਿੱਤਾ ਗਿਆ।

ਸ਼ਾਦੀਸ਼ੁਦਾ ਲੜਕੇ ਨੂੰ ਅਗਵਾ ਕਰਨ ਦੇ ਲਗਾਏ ਦੋਸ਼, 3 ਖਿਲਾਫ ਮਾਮਲਾ ਦਰਜ

ਫਿਰੋਜ਼ਪੁਰ (ਅਸ਼ੋਕ ਸ਼ਰਮਾ): ਫਿਰੋਜ਼ਪੁਰ ਦੇ ਪਿੰਡ ਕਮਾਲੇ ਵਾਲਾ ਦੇ ਰਹਿਣ ਵਾਲੇ ਇਕ ਵਿਅਕਤੀ ਨੇ ਆਪਣੇ ਸ਼ਾਦੀਸ਼ੁਦਾ ਲੜਕੇ ਨੂੰ ਅਗਵਾ ਕਰਨ ਦੇ ਦੋ ਬਾਏ ਨੇਮ ਵਿਅਕਤੀਆਂ ਅਤੇ ਅਣਪਛਾਤੇ ਵਿਅਕਤੀਆਂ 'ਤੇ ਦੋਸ਼ ਲਗਾਏ ਹਨ। ਇਸ ਸਬੰਧ ਵਿਚ ਥਾਣਾ ਸਦਰ ਫਿਰੋਜ਼ਪੁਰ ਪੁਲਿਸ ਨੇ ਦੋ ਬਾਏ ਨੇਮ ਵਿਅਕਤੀਆਂ ਅਤੇ ਅਣਪਛਾਤੇ ਵਿਅਕਤੀਆਂ ਖਿਲਾਫ 140 (3), 3 (5) ਬੀ ਐੱਨ ਐੱਸ ਤਹਿਤ ਮਾਮਲਾ ਦਰਜ ਕੀਤਾ ਹੈ। ਪੁਲਿਸ ਨੂੰ ਦਿੱਤੇ ਬਿਆਨਾਂ ਵਿਚ ਲਾਭ ਸਿੰਘ ਪੁੱਤਰ ਨਿਹਾਲ ਸਿੰਘ ਵਾਸੀ ਪਿੰਡ ਕਮਾਲੇ ਵਾਲਾ ਨੇ ਦੱਸਿਆ ਕਿ ਉਸ ਦੇ ਲੜਕੇ ਜੱਗਾ ਉਰਫ ਅਭੀ (25 ਸਾਲ) ਨੇ ਅਰਸਾ ਕਰੀਬ 5 ਸਾਲ ਪਹਿਲਾ ਰਿਸ਼ਤੇਦਾਰੀ ਵਿਚ ਆਪਣੇ ਪਿੰਡ ਦੀ ਹੀ ਲੜਕੀ ਰੇਖਾ ਨਾਲ ਘਰ ਤੋਂ ਭੱਜ ਕੇ ਵਿਆਹ ਕਰ ਲਿਆ ਸੀ। ਇਸ ਵਿਆਹ ਤੋਂ ਉਨ੍ਹਾਂ ਦੇ ਘਰ ਇਕ ਲੜਕੀ ਪੈਦਾ ਹੋਈ। ਲਾਭ ਸਿੰਘ ਨੇ ਦੱਸਿਆ ਕਿ ਇਸ ਵਿਆਹ ਤੋਂ ਰੇਖਾ ਦੇ ਮਾਤਾ ਪਿਤਾ ਤੇ ਸਾਰਾ ਪਰਿਵਾਰ ਖੁਸ਼ ਨਹੀਂ ਸੀ। ਇਸੇ ਕਰਕੇ ਉਹ ਆਪਣਾ ਘਰ ਵੇਚ ਕੇ ਪਿੰਡ ਕਮਾਲੇ ਵਾਲਾ ਰਹਿਣ ਲੱਗ ਪਿਆ। ਲਾਭ ਸਿੰਘ ਨੇ ਦੱਸਿਆ ਕਿ ਮਿਤੀ 30 ਦਸੰਬਰ 2024 ਨੂੰ ਕਰੀਬ 6 ਵਜੇ ਸ਼ਾਮ ਉਸ ਦਾ ਲੜਕਾ ਜੱਗਾ ਉਰਫ ਅਭੀ ਆਪਣੀ ਲੜਕੀ ਲਈ ਕੱਪੜੇ ਲੈਣ ਲਈ ਐਕਟਿਵਾ ਸਕੂਟਰ 'ਤੇ ਸਿਟੀ ਫਿਰੋਜ਼ਪੁਰ ਆਇਆ ਸੀ, ਪਰ ਵਾਪਸ ਨਹੀਂ ਆਇਆ। ਜਿਸ ਦੀ ਭਾਲ ਕਰਨ ਤੇ ਨਹੀਂ ਮਿਲਿਆ। ਲਾਭ ਸਿੰਘ ਨੇ ਦੱਸਿਆ ਕਿ ਉਸ ਨੂੰ ਯਕੀਨ ਹੈ ਕਿ ਉਸ ਦੇ ਲੜਕੇ ਜੱਗਾ ਉਰਫ ਅਭੀ ਨੂੰ ਦੋਸ਼ੀਅਨ ਸਾਗਰ ਪੁੱਤਰ ਪ੍ਰੇਮ, ਸੁੱਖਾ ਪੁੱਤਰ ਆਹਮਾ ਵਾਸੀਅਨ ਪਿੰਡ ਕਿਲਚੇ ਅਤੇ ਅਣਪਛਾਤੇ ਵਿਅਕਤੀ ਅਗਵਾ ਕਰਕੇ ਲੈ ਗਏ ਹਨ। ਇਸ ਮਾਮਲੇ ਦੀ ਜਾਂਚ ਕਰ ਰਹੇ ਸਹਾਇਕ ਥਾਣੇਦਾਰ ਰਜਵੰਤ ਕੌਰ ਨੇ ਦੱਸਿਆ ਕਿ ਪੁਲਿਸ ਨੇ ਸ਼ਿਕਾਇਤਕਰਤਾ ਦੇ ਬਿਆਨਾਂ 'ਤੇ ਉਕਤ ਦੋਸ਼ੀਅਨ ਖਿਲਾਫ ਮਾਮਲਾ ਦਰਜ ਕੀਤਾ ਹੈ।

ਸਰਬ ਭਾਰਤ ਨੌਜਵਾਨ ਸਭਾ ਜ਼ਿਲ੍ਹਾ ਫਾਜ਼ਿਲਕਾ ਦਾ ਡੈਲੀਗੇਟ ਅਜਲਾਸ ਸਫਲਤਾਪੂਰਵਕ ਸੰਪੰਨ

ਫਾਜ਼ਿਲਕਾ (ਰਣਬੀਰ ਕੌਰ ਢਾਬਾਂ) ਸਰਬ ਭਾਰਤ ਨੌਜਵਾਨ ਸਭਾ ਜ਼ਿਲ੍ਹਾ ਫਾਜ਼ਿਲਕਾ ਦਾ ਡੈਲੀਗੇਟ ਇਜਲਾਸ ਸਥਾਨਕ ਆਰਬਿਟ ਪੈਲੇਸ ਵਿੱਚ ਹਰਭਜਨ ਛੱਪੜੀ ਵਾਲਾ, ਸੰਜਨਾਂ ਢਾਬਾਂ, ਕੁਲਦੀਪ ਬੱਖੂ ਸ਼ਾਹ, ਅਸ਼ੋਕ ਢਾਬਾਂ, ਡਾਕਟਰ ਬਲਵਿੰਦਰ ਘੁਬਾਇਆ, ਜਗਸੀਰ ਜੱਗਾ ਟਾਹਲੀ ਵਾਲਾ ਅਤੇ ਪੂਜਾ ਰਾਣੀ ਲਾਭ ਸਿੰਘ ਭੈਣੀ ਦੀ ਪ੍ਰਧਾਨਗੀ ਵਿੱਚ ਕੀਤਾ ਗਿਆ।ਇਸ ਡੈਲੀਗੇਟ ਇਜਲਾਸ ਵਿੱਚ ਸੂਬਾ ਹੈੱਡਕੁਆਰਟਰ ਤੋਂ ਸੂਬਾ ਸਕੱਤਰ ਐਡਵੋਕੇਟ ਚਰਨਜੀਤ ਛਾਂਗਾਰਾਏ ਅਤੇ ਸੂਬਾ ਪ੍ਰਧਾਨ ਪਰਮਜੀਤ ਢਾਬਾਂ ਬਤੌਰ ਅਬਜਰਵਰ ਸ਼ਾਮਲ ਹੋਏ। ਇਸ ਮੌਕੇ ਜ਼ਿਲ੍ਹਾ ਸਕੱਤਰ ਸ਼ੁਬੇਗ ਝੰਗੜ ਭੈਣੀ ਵੱਲੋਂ ਜਥੇਬੰਦੀ ਦੇ ਪਿਛਲੇ ਕੰਮਾਂ ਦੀ ਰਿਪੋਰਟ ਪੇਸ਼ ਕੀਤੀ ਗਈ ਜਿਸ ਨੂੰ ਵਾਧਿਆਂ ਸਮੇਤ ਹਾਜ਼ਰ ਡੈਲੀਗੇਟਾਂ ਵੱਲੋਂ ਪ੍ਰਵਾਨਗੀ ਦਿੱਤੀ ਗਈ।

ਇਸ ਮੌਕੇ ਵੱਡੀ ਗਿਣਤੀ ਵਿੱਚ ਹਾਜ਼ਰ ਡੈਲੀਗੇਟਾਂ ਨੂੰ ਸੰਬੋਧਨ ਕਰਦਿਆਂ ਚਰਨਜੀਤ ਛਾਗਾਰਾਏ ਅਤੇ ਸਾਥੀ ਢਾਬਾਂ ਨੇ ਕਿਹਾ ਕਿ ਸਰਬ ਭਾਰਤ ਨੌਜਵਾਨ ਸਭਾ ਦਾ ਇਤਿਹਾਸ ਮੁੱਢ ਤੋਂ ਹੀ ਬੜਾ ਸ਼ਾਨਾਮੱਤਾ ਅਤੇ ਪ੍ਰਾਪਤੀਆਂ ਭਰਿਆ ਰਿਹਾ ਹੈ ਅਤੇ ਅਜੋਕੇ ਦੌਰ ਵਿੱਚ ਜਥੇਬੰਦੀ ਵੱਲੋਂ 'ਬਨੇਗਾ ਪ੍ਰਾਪਤੀ ਮੁਹਿੰਮ' ਦੇ ਬੈਨਰ ਹੇਠ ਨੌਜਵਾਨਾਂ ਨੂੰ ਲਾਮਬੰਦ ਕਰਕੇ ਰੁਜ਼ਗਾਰ ਦੀ ਸੰਵਿਧਾਨਕ ਗਾਰੰਟੀ ਸੱਭ ਰੁਜ਼ਗਾਰ ਦੇ ਚਾਹਵਾਨਾਂ ਲਈ ਹੋਣੀ ਚਾਹੀਦੀ ਹੈ , ਇਸਦੇ ਲਈ ਦੇਸ਼ ਦੀ ਪਾਰਲੀਮੈਂਟ ਵਿੱਚ ਬਨੇਗਾ ਭਗਤ ਸਿੰਘ ਕੌਮੀ ਰੁਜ਼ਗਾਰ ਗਰੰਟੀ ਕਾਨੂੰਨ ਪਾਸ ਹੋਵੇ

।ਇਸ ਮੌਕੇ 35 ਮੈਂਬਰੀ ਜ਼ਿਲ੍ਹਾ ਕੌਂਸਲ ਚੁਣੀ ਗਈ।ਇਸ ਮੌਕੇ ਸ਼ੁਬੇਗ ਝੰਗੜ ਭੈਣੀ ਨੂੰ ਜ਼ਿਲ੍ਹਾ ਪ੍ਰਧਾਨ, ਹਰਭਜਨ ਛੱਪੜੀ ਵਾਲਾ ਨੂੰ ਸਕੱਤਰ, ਡਾਕਟਰ ਬਲਵਿੰਦਰ ਘੁਬਾਇਆ ਅਤੇ ਸੰਦੀਪ ਤੇਜਾ ਰੁਹੇਲਾ ਨੂੰ ਮੀਤ ਪ੍ਰਧਾਨ, ਸੰਜਨਾਂ ਢਾਬਾਂ ਅਤੇ ਕਰਨ ਸੈਦੋਕਾ ਨੂੰ ਮੀਤ ਸਕੱਤਰ ਅਤੇ ਖਜਾਨਚੀ ਸੁਰਿੰਦਰ ਬਾਹਮਣੀ ਵਾਲਾ ਨੂੰ ਚੁਣਿਆ ਗਿਆ।

ਨਗਰ ਨਿਗਮ ਦੇ ਸੁਪਰਵਾਈਜ਼ਰ ਰਾਕੇਸ਼ ਰਾਣਾ ਨੂੰ ਸੇਵਾ-ਮੁਕਤੀ 'ਤੇ ਵਿਦਾਇਗੀ

ਸਮਰਾਲਾ, (ਸੁਰਜੀਤ ਸਿੰਘ) - ਨਗਰ ਨਿਗਮ ਦੇ ਸੁਪਰਵਾਈਜ਼ਰ ਨੂੰ ਬੀਤੇ ਦਿਨ ਸੇਵਾ ਮੁਕਤ ਹੋਣ ਤੇ ਉਹਨਾਂ ਦੇ ਸਟਾਫ ਵੱਲੋਂ ਨਿੱਘੀ ਵਿਦਾਇਗੀ ਦਿੱਤੀ ਗਈ। ਇਸ ਮੌਕੇ ਨਗਰ ਨਿਗਮ ਦੇ ਸਹਾਇਕ ਕਮਿਸ਼ਨਰ ਜਸਦੇਵ ਸਿੰਘ ਸੇਖੋਂ, ਐਲ.ਐਸ.ਓ. ਰਜਿੰਦਰ ਸਿੰਘ, ਜੇ.ਈ. ਕਿਰਪਾਲ ਸਿੰਘ ਤੇ ਸਮੂਹ ਸਟਾਫ ਮੈਂਬਰ ਵੀ ਹਾਜ਼ਰ ਸਨ। ਸਮੂਹ ਸਟਾਫ ਵੱਲੋਂ ਰਾਕੇਸ਼ ਰਾਣਾ ਦੀ ਸ਼ਲਾਘਾ ਕਰਦਿਆਂ ਕਿਹਾ ਗਿਆ ਕਿ ਉਨ੍ਹਾਂ ਵੱਲੋਂ ਨਿਭਾਈਆਂ ਗਈਆਂ ਸ਼ਾਨਦਾਰ ਅਤੇ ਬੇਦਾਗ ਸੇਵਾਵਾਂ ਨੂੰ ਹਮੇਸ਼ਾ ਯਾਦ ਰੱਖਿਆ ਜਾਵੇਗਾ। ਗੜ੍ਹਸ਼ੰਕਰ ਤਹਿਸੀਲ ਦੇ ਪਿੰਡ ਮਜਾਰੀ ਦੇ ਜੰਮਪਲ ਸ੍ਰੀ ਰਾਣਾ ਵੱਲੋਂ ਨਿਗਮ ਵਿੱਚ ਕਰੀਬ 33 ਸਾਲ ਆਪਣੀਆਂ ਸ਼ਾਨਦਾਰ ਅਤੇ ਬੇਦਾਗ ਸੇਵਾਵਾਂ ਦਿੱਤੀਆਂ। ਵਿਦਾਇਗੀ ਪਾਰਟੀ ਮੌਕੇ ਸੁਪਰਵਾਈਜ਼ਰ ਰਾਣਾ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ ਅਤੇ ਉਨਾਂ ਨੂੰ ਭਵਿੱਖ ਵਿੱਚ ਆਪਣੇ ਜੱਦੀ ਪਿੰਡ ਮਜਾਰੀ ਦੀ ਸੇਵਾ ਦੇ ਨਾਲ-ਨਾਲ ਚੰਗੇ ਅਤੇ ਖੁਸ਼ਹਾਲ ਜੀਵਨ ਲਈ ਸ਼ੁੱਭ-ਕਾਮਨਾਵਾਂ ਵੀ ਦਿੱਤੀਆਂ। ਸੁਪਰਵਾਈਜ਼ਰ ਰਾਕੇਸ਼ ਰਾਣਾ ਵੱਲੋਂ ਸਮੂਹ ਸਟਾਫ਼ ਦਾ ਧੰਨਵਾਦ ਕਰਦਿਆਂ ਕਿਹਾ ਗਿਆ ਕਿ ਉਹ ਆਪਣੇ ਸਾਥੀ ਮੁਲਾਜ਼ਮਾਂ ਵੱਲੋਂ ਉਨ੍ਹਾਂ ਦਾ ਹਰ ਚੰਗੇ ਮਾੜੇ ਵਕਤ ਵਿੱਚ ਸਾਥ ਦੇਣ ਲਈ ਹਮੇਸ਼ਾ ਰਿਣੀ ਰਹਿਣਗੇ।

ਯਾਦਗਾਰੀ ਹੋ ਨਿੱਬੜਿਆ ਬਲਬੀਰ ਲੌਂਗੋਵਾਲ ਦਾ ਸੇਵਾ-ਮੁਕਤੀ ਸਨਮਾਨ ਸਮਾਰੋਹ

ਲੌਂਗੋਵਾਲ, (ਪ੍ਰਦੀਪ ਸਿੰਘ ਸੱਪਲ): ਡੈਮੋਕ੍ਰੈਟਿਕ ਟੀਚਰਜ਼ ਫਰੰਟ ਪੰਜਾਬ ਵੱਲੋਂ ਜਥੇਬੰਦੀ ਦੇ ਸੂਬਾ ਜਨਰਲ ਸਕੱਤਰ ਬਲਬੀਰ ਲੌਂਗੋਵਾਲ ਦੀ ਸੇਵਾਮੁਕਤੀ ਮੌਕੇ ਸਨਮਾਨ ਸਮਾਰੋਹ ਯਾਦਗਾਰੀ ਹੋ ਨਿੱਬੜਿਆ। ਬਲਬੀਰ ਲੌਂਗੋਵਾਲ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਨਮੋਲ ਤੋਂ ਬਤੌਰ ਅੰਗਰੇਜ਼ੀ ਲੈਕਚਰਾਰ ਸੇਵਾਮੁਕਤ ਹੋਏ ਹਨ।ਇਸ ਮੌਕੇ ਜਥੇਬੰਦੀ ਵੱਲੋਂ ਬਲਬੀਰ ਲੌਂਗੋਵਾਲ ਦੇ ਨਾਂ ਸਨਮਾਨ ਪੱਤਰ ਸੂਬਾ ਪ੍ਰਧਾਨ ਦਿਗਵਿਜੇ ਪਾਲ ਸ਼ਰਮਾ ਵੱਲੋਂ ਪੜ੍ਹਿਆ ਗਿਆ ਅਤੇ ਉਹਨਾਂ ਨੂੰ ਸਨਮਾਨ ਚਿੰਨ੍ਹ ਵੀ ਭੇਟ ਕੀਤਾ ਗਿਆ।

ਅਦਾਰਾ ਵਰਗ ਚੇਤਨਾ ਵੱਲੋਂ ਬਲਬੀਰ ਲੌਂਗੋਵਾਲ ਦੀ ਸ਼ਖਸ਼ੀਅਤ 'ਤੇ ਚਾਨਣਾ ਪਾਉਂਦਾ ਇੱਕ ਪਰਚਾ ਜਾਰੀ ਕੀਤਾ ਗਿਆ ਅਤੇ ਸਨਮਾਨ ਪੱਤਰ ਜਸਵਿੰਦਰ ਗੋਨਿਆਣਾ ਵੱਲੋਂ ਪੜ੍ਹਿਆ ਗਿਆ। ਇਸ ਮੌਕੇ ਭਾਰਤੀ ਕਿਸਾਨ ਯੂਨੀਅਨ ਉਗਰਾਹਾਂ ਦੇ ਜੋਗਿੰਦਰ ਉਗਰਾਹਾਂ, ਜਨਕ ਭੁਟਾਲ, ਡੀ. ਟੀ.ਐੱਫ. ਇਕਾਈ ਸੰਗਰੂਰ ਦੇ ਜ਼ਿਲ੍ਹਾ ਪ੍ਰਧਾਨ ਦਾਤਾ ਸਿੰਘ ਨਮੋਲ, ਬੀ.ਕੇ.ਯੂ. ਡਕੌਂਦਾ ਦੇ ਮਨਜੀਤ ਧਨੇਰ, ਇਨਕਲਾਬੀ ਕੇਂਦਰ ਪੰਜਾਬ ਦੇ ਨਰਾਇਣ ਦੱਤ, ਜਮਹੂਰੀ ਅਧਿਕਾਰ ਸਭਾ ਦੇ ਪ੍ਰੋਫੈਸਰ ਜਗਮੋਹਣ ਸਿੰਘ, ਜਗਜੀਤ ਭੁਟਾਲ, ਤਰਕਸ਼ੀਲ ਸੁਸਾਇਟੀ ਪੰਜਾਬ ਦੇ ਰਾਜਿੰਦਰ ਭਦੌੜ, ਪਰਮਵੇਦ, ਲਾਭ ਛਾਜਲਾ, ਦੇਸ਼ ਭਗਤ ਯਾਦਗਾਰ ਲੌਂਗੋਵਾਲ ਦੇ ਜੁਝਾਰ ਲੌਂਗੋਵਾਲ, ਅਵਾਮ ਰੰਗ ਮੰਚ ਦੇ ਲਖਵੀਰ ਲੌਂਗੋਵਾਲ, ਲੋਕ ਮੋਰਚਾ ਪੰਜਾਬ ਦੇ ਜਗਮੇਲ ਸਿੰਘ ਬਠਿੰਡਾ, ਪੀ. ਐਸ. ਯੂ. ਰੰਧਾਵਾ ਦੇ ਹੁਸ਼ਿਆਰ ਸਲੇਮਗੜ੍ਹ, ਤਰਕਸ਼ੀਲ ਸੁਸਾਇਟੀ ਕੈਨੇਡਾ ਦੇ ਬਲਵਿੰਦਰ ਬਰਨਾਲਾ, ਖੇਤੀਬਾੜੀ ਵਿਕਾਸ ਮੰਚ ਦੇ ਮਹਿੰਦਰ ਭੱਠਲ, ਗੌਰਮਿੰਟ ਟੀਚਰਜ਼ ਯੂਨੀਅਨ ਦੇ ਫ਼ਕੀਰ ਸਿੰਘ ਟਿੱਬਾ, ਕਿਰਤੀ ਕਿਸਾਨ ਯੂਨੀਅਨ ਦੇ ਭੁਪਿੰਦਰ ਲੌਂਗੋਵਾਲ, ਕੰਪਿਊਟਰ ਅਧਿਆਪਕ ਯੂਨੀਅਨ ਦੇ ਬਲਜਿੰਦਰ ਸਿੰਘ, ਅਧਿਆਪਕ ਦਲ ਦੇ ਗੁਰਜੰਟ ਵਾਲੀਆ, ਕੇ.ਪੀ.ਐੱਮ.ਯੂ. ਦੇ ਬਲਜੀਤ ਨਮੋਲ, ਪਰਗਟ ਕਾਲਾਝਾੜ, ਜਮਹੂਰੀ ਅਧਿਕਾਰ ਸਭਾ ਹਰਿਆਣਾ ਦੇ ਪ੍ਰਧਾਨ ਸੁਖਦੇਵ, ਐੱਸ.ਸੀ. ਬੀ.ਸੀ. ਅਧਿਆਪਕ ਯੂਨੀਅਨ ਦੇ ਕ੍ਰਿਸ਼ਨ ਦੁੱਗਾਂ, ਐਲੀਮੈਂਟਰੀ ਟੀਚਰਜ਼ ਯੂਨੀਅਨ ਦੇ ਅਵਤਾਰ ਭਲਵਾਨ, ਗੌਰਮਿੰਟ ਲੈਕਚਰਾਰ ਯੂਨੀਅਨ ਦੇ ਜਸਪਾਲ ਸਿੰਘ, ਬਲਬੀਰ ਲੌਂਗੋਵਾਲ ਦੀ ਪਤਨੀ ਸੰਤੋਸ਼ ਰਾਣੀ, ਬੀ.ਕੇ.ਯੂ. ਅਜਾਦ ਦੇ ਕੁਲਵਿੰਦਰ ਸੋਨੀ ਲੌਂਗੋਵਾਲ, ਹੈਪੀ ਨਮੋਲ, ਟੈਕਨੀਕਲ ਅਤੇ ਮਕੈਨੀਕਲ ਐਸੋਸੀਏਸ਼ਨ ਦੇ ਬਲਜੀਤ ਵਾਲੀਆ, ਗ਼ਦਰੀ ਸ਼ਹੀਦ ਊਧਮ ਸਿੰਘ ਵਿਚਾਰ ਮੰਚ ਦੇ ਪਵਨ ਕੁਮਾਰ ਤੋਂ ਇਲਾਵਾ ਬਲਰਾਜ ਜੋਸ਼ੀ, ਤਰਸੇਮ ਧੂਰੀ, ਕਮਲਜੀਤ ਵਿੱਕੀ ਨੇ ਬਲਬੀਰ ਲੌਂਗੋਵਾਲ ਦੀ ਬਹੁਪੱਖੀ ਸ਼ਖਸ਼ੀਅਤ 'ਤੇ ਚਾਨਣਾ ਪਾਇਆ ਕਿ ਕਿਵੇਂ ਉਹਨਾਂ ਨੇ ਇੱਕ ਸਮਰਪਿਤ ਅਧਿਆਪਕ ਹੋਣ ਦੇ ਨਾਲ-ਨਾਲ ਡੀ.ਟੀ.ਐੱਫ. ਦੇ ਆਗੂ, ਤਰਕਸ਼ੀਲ ਸੁਸਾਇਟੀ ਵਿੱਚ ਤਰਕਸ਼ੀਲ ਰਸਾਲੇ ਦੇ ਸੰਪਾਦਕ ਅਤੇ ਅਨੇਕਾਂ ਕਿਤਾਬਾਂ ਦੇ ਲੇਖਕ, ਅਨੁਵਾਦਕ ਅਤੇ ਸੰਪਾਦਕ ਦੇ ਤੌਰ 'ਤੇ ਆਪਣੀ ਭੂਮਿਕਾ ਬਾਖੂਬੀ ਨਿਭਾਈ। ਸਮਾਜ ਦੀ ਬਿਹਤਰੀ ਲਈ ਲੋਕਪੱਖੀ ਘੋਲਾਂ ਵਿੱਚ ਉਹਨਾਂ ਆਪਣੇ ਜੀਵਨ ਦਾ ਪਲ-ਪਲ ਲੋਕਾਂ ਦੇ ਲੇਖੇ ਲਾਉਣ ਵਿੱਚ ਕੋਈ ਕਸਰ ਨਹੀਂ ਛੱਡੀ।ਇੰਨੇ ਵੱਡੇ ਆਗੂ ਹੋਣ ਦੇ ਬਾਵਜੂਦ ਉਹ ਮਿਸਾਲੀ ਨਿਮਰਤਾ ਦੇ ਮਾਲਕ ਹਨ ਅਤੇ ਮਨੁੱਖੀ ਸੁਭਾਅ ਦੀਆਂ ਕਮਜ਼ੋਰੀਆ

02-Jan-page-11-Majha-25.qxd 1/1/2025 9:15 PM Page 1

ਸੇਖਵਾਂ ਨੇ ਅਧਿਕਾਰੀਆਂ ਨੂੰ ਵਿਕਾਸ ਕਾਰਜ ਤਹਿ ਸਮੇਂ ਅੰਦਰ ਮੁਕੰਮਲ ਕਰਨ ਦੇ ਦਿੱਤੇ ਨਿਰਦੇਸ਼

ਧਾਰੀਵਾਲ, ਡੇਰਾ ਬਾਬਾ ਨਾਨਕ (ਮਨਦੀਪ ਸਿੰਘ ਵਿੱਕੀ, ਰਮੇਸ਼ ਸ਼ਰਮਾ)-ਜ਼ਿਲ੍ਹਾ ਯੋਜਨਾ ਕਮੇਟੀ ਗੁਰਦਾਸਪੁਰ ਦੇ ਚੇਅਰਮੈਨ ਐਡਵੋਕੇਟ ਜਗਰੂਪ ਸਿੰਘ ਸੇਖਵਾਂ ਵੱਲੋਂ ਜ਼ਿਲ੍ਹਾ ਯੋਜਨਾ ਕਮੇਟੀ ਦੇ ਗੁਰਦਾਸਪੁਰ ਸਥਿਤ ਦਫ਼ਤਰ ਵਿਖੇ ਮਾਲ ਵਿਭਾਗ, ਪੇਂਡੂ ਵਿਕਾਸ ਤੇ ਪੰਚਾਇਤ ਵਿਭਾਗ, ਖ਼ੁਰਾਕ ਤੇ ਸਿਵਲ ਸਪਲਾਈ ਵਿਭਾਗ ਅਤੇ ਵਣ ਵਿਭਾਗ ਦੇ ਅਧਿਕਾਰੀਆਂ ਨਾਲ ਜ਼ਿਲ੍ਹੇ ਵਿੱਚ ਚੱਲ ਰਹੇ ਵਿਕਾਸ ਕਾਰਜਾਂ ਦੀ ਸਮੀਖਿਆ ਕਰਨ ਲਈ ਵਿਸ਼ੇਸ਼ ਮੀਟਿੰਗ ਕੀਤੀ ਗਈ।ਮੀਟਿੰਗ ਦੌਰਾਨ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਗੁਰਪ੍ਰੀਤ ਸਿੰਘ ਗਿੱਲ, ਐੱਸ. ਡੀ. ਐੱਮ. ਗੁਰਦਾਸਪੁਰ ਡਾ. ਕਰਮਜੀਤ ਸਿੰਘ, ਜ਼ਿਲ੍ਹਾ ਖ਼ੁਰਾਕ ਤੇ ਸਿਵਲ ਸਪਲਾਈ ਕੰਟਰੋਲਰ ਗੁਰਦਾਸਪੁਰ ਸੁਖਜਿੰਦਰ ਸਿੰਘ, ਡੀ. ਡੀ. ਪੀ. ਓ. ਗੁਰਦਾਸਪੁਰ ਗੁਰਪ੍ਰੀਤ ਸਿੰਘ ਭੁੱਲਰ, ਵਣ ਵਿਭਾਗ ਦੇ ਅਧਿਕਾਰੀ ਅਤੇ ਜ਼ਿਲ੍ਹੇ ਦੇ ਤਹਿਸੀਲਦਾਰ ਤੇ ਨਾਇਬ ਤਹਿਸੀਲਦਾਰ ਹਾਜ਼ਰ ਸਨ।ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਜ਼ਿਲ੍ਹਾ ਯੋਜਨਾ ਕਮੇਟੀ ਗੁਰਦਾਸਪੁਰ ਦੇ ਚੇਅਰਮੈਨ ਐਡਵੋਕੇਟ ਜਗਰੂਪ ਸਿੰਘ ਸੇਖਵਾਂ ਨੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਜ਼ਿਲ੍ਹੇ ਵਿੱਚ ਚੱਲ ਰਹੇ ਵੱਖ-ਵੱਖ ਵਿਕਾਸ ਕਾਰਜਾਂ ਨੂੰ ਤਹਿ ਸਮੇਂ ਅੰਦਰ ਮੁਕੰਮਲ ਕੀਤਾ ਜਾਵੇ।ਉਨ੍ਹਾਂ ਅਧਿਕਾਰੀਆਂ ਨੂੰ ਕਿਹਾ ਕਿ ਉਹ ਖ਼ੁਦ ਮੌਕੇ ਤੇ ਜਾ ਕੇ ਵਿਕਾਸ ਕਾਰਜਾਂ ਦਾ ਨਿਰੀਖਣ ਕਰਨ ਅਤੇ ਇਹ ਯਕੀਨੀ ਬਣਾਉਣ ਕਿ ਵਿਕਾਸ ਕਾਰਜਾਂ ਦੀ ਗੁਣਵੱਤਾ ਨਿਯਮਾਂ ਅਨੁਸਾਰ ਹੋਵੇ।ਇਸ ਤੋਂ ਇਲਾਵਾ ਉਨ੍ਹਾਂ ਨੇ ਪੰਜਾਬ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਵੱਖ-ਵੱਖ ਭਲਾਈ ਸਕੀਮਾਂ ਦੀ ਵੀ ਸਮੀਖਿਆ ਕੀਤੀ।ਉਨ੍ਹਾਂ ਕਿਹਾ ਕਿ ਸਰਕਾਰ ਦੀਆਂ ਭਲਾਈ ਯੋਜਨਾਵਾਂ ਦਾ ਲਾਭ ਹੇਠ ਲੋੜਵੰਦ ਤੱਕ ਪਹੁੰਚਾਇਆ ਜਾਵੇ।ਉਨ੍ਹਾਂ ਕਿਹਾ ਕਿ ਅਧਿਕਾਰੀ ਅਤੇ ਕਰਮਚਾਰੀ ਪੂਰੀ ਇਮਾਨਦਾਰੀ, ਮਿਹਨਤ ਅਤੇ ਪਾਰਦਰਸ਼ਤਾ ਨਾਲ ਆਪਣੀ ਡਿਊਟੀ ਨੂੰ ਨਿਭਾਉਣ ਅਤੇ ਦਫ਼ਤਰਾਂ ਵਿੱਚ ਕੰਮ ਕਰਵਾਉਣ ਆਏ ਲੋਕਾਂ ਨੂੰ ਪੂਰਾ ਸਤਿਕਾਰ ਦੇਣ ਦੇ ਨਾਲ ਮੈਰਿਟ ਉੱਪਰ ਉਨ੍ਹਾਂ ਦੇ ਕੰਮ ਕੀਤੇ ਜਾਣ।ਸ. ਜਗਰੂਪ ਸਿੰਘ ਸੇਖਵਾਂ ਨੇ ਕਿਹਾ ਕਿ ਮੁੱਖ ਮੰਤਰੀ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਆਮ ਲੋਕਾਂ ਦੀ ਆਪਣੀ ਸਰਕਾਰ ਹੈ ਅਤੇ ਸਰਕਾਰ ਵੱਲੋਂ ਸਮਾਜ ਦੇ ਹਰੇਕ ਵਰਗ ਨੂੰ ਉੱਚਾ ਚੁੱਕਣ ਲਈ ਪੂਰੀ ਸੁਹਿਰਦਤਾ ਨਾਲ ਯਤਨ ਕੀਤੇ ਜਾ ਰਹੇ ਹਨ।ਉਨ੍ਹਾਂ ਕਿਹਾ ਕਿ ਸਾਲ 2025 ਦੌਰਾਨ ਜਿੱਥੇ ਸੂਬਾ ਪੰਜਾਬ ਦਾ ਸਰਬਪੱਖੀ ਵਿਕਾਸ ਹੋਵੇਗਾ ਉਥੇ ਜ਼ਿਲ੍ਹਾ ਗੁਰਦਾਸਪੁਰ ਵੀ ਵਿਕਾਸ ਦੀਆਂ ਨਵੀਆਂ ਉਚਾਈਆਂ ਨੂੰ ਛੂਹੇਗਾ।

ਅਧਿਆਪਕ ਭਲਕੇ ਜ਼ਿਲ੍ਹਾ ਸਿੱਖਿਆ ਅਫਸਰ ਗੁਰਦਾਸਪੁਰ ਵਿਰੁੱਧ ਦੇਣਗੇ ਰੋਸ ਧਰਨਾ

ਧਾਰੀਵਾਲ (ਮਨਦੀਪ ਸਿੰਘ ਵਿੱਕੀ)-ਜ਼ਿਲ੍ਹਾ ਗੁਰਦਾਸਪੁਰ ਦੀਆਂ ਅਧਿਆਪਕ ਜਥੇਬੰਦੀਆਂ ਗੌਰਮਿੰਟ ਟੀਚਰਜ਼ ਯੂਨੀਅਨ, ਐਲੀਮੈਂਟਰੀ ਟੀਚਰਜ਼ ਯੂਨੀਅਨ, ਡੀ. ਟੀ. ਐੱਫ, ਗੌਰਮਿੰਟ ਟੀਚਰਜ਼ ਯੂਨੀਅਨ ਵਿਗਿਆਨਕ ਅਤੇ ਐੱਸ. ਸੀ. ਬੀ. ਸੀ. ਅਧਿਆਪਕ ਯੂਨੀਅਨ ਦੇ ਆਗੂਆਂ ਕੁਲਦੀਪ ਪੂਰੋਵਾਲ, ਅਸ਼ਵਨੀ ਫੱਜੂਪੁਰ, ਸੋਮ ਸਿੰਘ, ਕਰਨੈਲ ਸਿੰਘ, ਰਸ਼ਪਾਲ ਸਿੰਘ, ਦਿਲਦਾਰ ਭੰਡਾਲ, ਅਨਿਲ ਕੁਮਾਰ ਲਾਹੌਰੀਆ ਨੇ ਸਾਂਝੇ ਪ੍ਰੈੱਸ ਬਿਆਨ ਰਾਹੀਂ ਦੱਸਿਆ ਕਿ ਅਧਿਆਪਕਾਂ ਦੀਆਂ ਜਾਇਜ਼ ਅਤੇ ਹੱਕੀ ਮੰਗਾਂ ਨੂੰ ਅਣਗੌਲਿਆਂ ਕਰਨ ਨੂੰ ਲੈ ਕੇ 3 ਜਨਵਰੀ ਨੂੰ ਜ਼ਿਲ੍ਹਾ ਸਿੱਖਿਆ ਅਫਸਰ ਐਲੀਮੈਂਟਰੀ ਗੁਰਦਾਸਪੁਰ ਵਿਰੁੱਧ ਧਰਨਾ ਦਿੱਤਾ ਜਾਵੇਗਾ। ਅਧਿਆਪਕ ਆਗੂਆਂ ਦੱਸਿਆ ਕਿ ਜ਼ਿਲ੍ਹਾ ਸਿੱਖਿਆ ਅਫਸਰ ਵਲੋਂ ਈ. ਟੀ. ਟੀ. ਤੋਂ ਹੈੱਡ ਟੀਚਰ ਤਰੱਕੀਆਂ ਦੀ ਸਟੇਸ਼ਨ ਚੋਣ ਸਮੇਂ ਸੀਨੀਆਰਤਾ ਮੁਤਾਬਕ, ਬੈਕ ਲਾਗ, ਦਿਵਿਆਂਗ ਅਧਿਆਪਕਾਂ ਨੂੰ ਪਹਿਲ ਨਹੀਂ ਦਿੱਤੀ ਗਈ। ਕੁੱਝ ਸਟੇਸ਼ਨ ਖਾਲੀ ਹੋਣ ਦੇ ਬਾਵਜੂਦ ਦਿਖਾਏ ਨਹੀਂ ਗਏ। ਤਰੱਕੀਆਂ ਵਿੱਚ ਰੋਸਟਰ ਨਿਯਮਾਂ ਦੀ ਪਾਲਣਾ ਨਹੀਂ ਕੀਤੀ ਜਾ ਰਹੀ। ਅਧਿਆਪਕਾਂ ਨੂੰ ਦਫਤਰ ਵਿੱਚ ਸਬੰਧਿਤ ਕੰਮਾਂ ਲਈ ਖੱਜਲ ਖੁਆਰ ਕੀਤਾ ਜਾ ਰਿਹਾ ਹੈ।

ਆਗੂਆਂ ਨੇ ਦੱਸਿਆ ਕਿ 2002 ਤੋਂ ਪਹਿਲਾਂ ਦਾ ਜੀ. ਪੀ. ਫੰਡ ਬਲਾਕ ਨੂੰ ਭੇਜਣ, ਸਿੰਗਲ ਟੀਚਰ ਸਕੂਲਾਂ ਵਿੱਚ ਅਧਿਆਪਕ ਭੇਜਣ, ਦੂਰ-ਦੁਰਾਡੇ ਪੈਂਦੇ ਸਕੂਲਾਂ ਨੂੰ ਨੇੜਲੇ ਬਲਾਕ ਨਾਲ ਜੋੜਨ, ਛੁੱਟੀਆਂ ਵਿੱਚ ਵੀ ਅਧਿਆਪਕਾਂ ਨੂੰ ਬੇਲੋੜੀਆਂ ਡਾਕਾਂ ਦੇ ਨਾਮ 'ਤੇ ਪ੍ਰੇਸ਼ਾਨ ਕਰਨ, ਅਧਿਆਪਕਾਂ ਉੱਪਰ ਪਾਏ ਜਾ ਰਹੇ ਬੇਲੋੜੇ ਗੈਰ-ਵਿੱਦਿਅਕ ਕੰਮਾਂ ਨੂੰ ਬੰਦ ਕਰਵਾਉਣ ਲਈ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ। ਇਸ ਮੌਕੇ ਸੁਖਦੀਪ ਸਿੰਘ ਜੌਲੀ, ਕੰਸ ਰਾਜ, ਹਰਪ੍ਰੀਤ ਪਰਮਾਰ, ਗੁਰਪ੍ਰੀਤ ਰੰਗੀਲਪੁਰ, ਪਵਨ ਕੁਮਾਰ, ਸੰਜੀਵ ਕੁਮਾਰ, ਸੁਖਵਿੰਦਰ ਪਾਲ, ਪਾਲਵਿੰਦਰ ਸਿੰਘ, ਰਜਨੀ ਪਰਕਾਸ਼ ਆਦਿ ਅਧਿਆਪਕ ਹਾਜ਼ਰ ਸਨ।

ਠੇਠਰਕੇ ਤੋਂ ਸ੍ਰੀ ਗੁਰੂ ਗੋਬਿੰਦ ਸਿੰਘ ਮਹਾਰਾਜ ਦੇ ਜਨਮ ਦਿਹਾੜੇ ਨੂੰ ਸਮਰਪਿਤ ਨਗਰ ਕੀਰਤਨ ਸਜਾਇਆ

ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਸਰਹੱਦੀ ਕਸਬਾ ਡੇਰਾ ਬਾਬਾ ਨਾਨਕ ਦੇ ਨਜ਼ਦੀਕੀ ਪਿੰਡ ਠੇਠਰਕੇ ਗੁਰਦੁਆਰਾ ਸ੍ਰੀ ਸਿੱਧੂ ਸੌਹ ਸਾਹਿਬ ਤੋਂ ਹਰ ਸਾਲ ਦੀ ਤਰ੍ਹਾਂ ਦਸਮ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਨਗਰ ਕੀਰਤਨ ਸਜਾਇਆ ਗਿਆ ।ਇਹ ਨਗਰ ਕੀਰਤਨ ਪਿੰਡ ਠੇਠਰਕੇ ਤੋਂ ਚੱਲ ਕੇ ਵੈਰੋਕੇ, ਪੱਲੇ ਨੰਗਲ, ਖਾਸਾਂਵਾਲੀ, ਡੇਰਾ ਬਾਬਾ ਨਾਨਕ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ, ਪੱਖੋਕੇ ਟਾਹਲੀ ਸਾਹਿਬ, ਸਾਧਾਂ ਵਾਲੀ, ਹਰੂਵਾਲ, ਮਾਨ, ਚੌਕ ਕਾਹਲਾਂਵਾਲੀ, ਜੌੜੀਆਂ, ਮੂਲੋਵਾਲੀ, ਟਾਹਲੀ ਸਾਹਿਬ, ਖੋਦੇ ਬੇਟ, ਧਰਮਕੋਟ ਰੰਧਾਵਾ, ਗੋਲਾ ਢੋਲਾ ਪਿੰਡਾਂ ਰਾਹੀਂ ਹੁੰਦਾ ਹੋਇਆ ਪਿੰਡ ਠੇਠਰਕੇ ਦੇ ਗੁਰਦੁਆਰਾ ਸਾਹਿਬ ਵਿਖੇ ਸੰਪੰਨ ਹੋਇਆ। ਡੇਰਾ ਬਾਬਾ ਨਾਨਕ ਦੇ ਮਹਾਰਾਜਾ ਰਣਜੀਤ ਸਿੰਘ ਚੌਕ ਵਿਖੇ ਨਿਹੰਗ ਸਿੰਘ ਗਤਕਾ ਪਾਰਟੀ ਅੰਮ੍ਰਿਤਸਰ ਦੇ ਸਿੰਘਾਂ ਵੱਲੋਂ ਆਪਣੀ ਕਲਾ ਦੇ ਜੌਹਰ ਦਿਖਾਏ ਗਏ ਅਤੇ ਨਗਰ ਕੀਰਤਨ ਵਿੱਚ ਸ਼ਾਮਲ ਘੋੜੀਆਂ ਨੇ ਵੀ ਨੱਚ ਕੇ ਆਪਣੀ ਹਾਜ਼ਰੀ ਲਗਵਾਈ ।ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਡੇਰਾ ਬਾਬਾ ਨਾਨਕ ਵਿਖੇ ਪਹੁੰਚਣ ਤੇ ਸ਼ੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧਕਾਂ ਵੱਲੋਂ ਜਗਦੀਪ ਸਿੰਘ ਸ਼ਿਕਾਰ ਤੇ ਪਿੰਡ ਜੌੜੀਆਂ ਕਲਾਂ ਵਿਖੇ ਪਹੁੰਚਣ ਤੇ ਪਿੰਡ ਦੀ ਸਮੂਹ ਸੰਗਤ ਵੱਲੋਂ ਪੰਜ ਪਿਆਰਿਆਂ ਨੂੰ ਗੁਰੂ ਘਰ ਦੀ ਬਖ਼ਸ਼ਿਸ਼ ਸਿਰੋਪਾਓ ਸਾਹਿਬ ਦੇ ਕੇ ਸਨਮਾਨਿਤ ਕੀਤਾ ਅਤੇ ਸੁੰਦਰ ਪਾਲਕੀ ਵਿੱਚ ਸੁਸ਼ੋਭਿਤ ਸ਼੍ਰੀ ਗੁਰੂ ਗ੍ਰੰਥ ਸਾਹਿਬ ਨੂੰ ਰੁਮਾਲਾ ਸਾਹਿਬ ਭੇਟ ਕੀਤਾ ਗਿਆ।ਪਿੰਡ ਰੱਤਾ ਗੁਰਦੁਆਰਾ ਬਾਬਾ ਸ੍ਰੀ ਚੰਦ ਟਾਹਲੀ ਸਾਹਿਬ ਪੁੱਜਣ ਤੇ ਡੇਰਾ ਬਾਬਾ ਨਾਨਕ ਦੇ ਹਲਕਾ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਨੇ ਪੰਜ ਪਿਆਰਿਆਂ ਨੂੰ ਗੁਰੂ ਘਰ ਦੀ ਬਖ਼ਸ਼ਿਸ਼ ਸਿਰੋਪਾਓ ਸਾਹਿਬ ਦੇ ਕੇ ਸਨਮਾਨਿਤ ਕੀਤਾ ਗਿਆ ।ਇਸ ਨਗਰ ਕੀਰਤਨ ਸਬੰਧੀ ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਮੁੱਖ ਸੇਵਾਦਾਰ ਬਾਬਾ ਕੁਲਵਿੰਦਰ ਸਿੰਘ, ਸਤਨਾਮ ਸਿੰਘ ਠੇਠਰਕੇ, ਜੇਈ ਜਗਜੀਤ ਸਿੰਘ ਨੇ ਨਵੇਂ ਸਾਲ ਤੇ ਗੁਰਪੁਰਬ ਦੀ ਵਧਾਈ ਦਿੰਦਿਆਂ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਪਿੰਡ ਠੇਠਰਕੇ ਦੇ ਗੁਰਦੁਆਰਾ ਸ੍ਰੀ ਸਿੱਧ ਸੌਹ ਸਾਹਿਬ ਦੇ ਪ੍ਰਬੰਧਕਾਂ ਅਤੇ ਪਿੰਡ ਠੇਠਰਕੇ ਦੀ ਸਮੂਹ ਸੰਗਤ ਵੱਲੋਂ ਦਸਮ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਮਹਾਰਾਜ ਦੇ ਜਨਮ ਦਿਹਾੜੇ ਨੂੰ ਸਮਰਪਿਤ ਨਗਰ ਕੀਰਤਨ ਬੜੀ ਸ਼ਰਧਾ ਤੇ ਧੂਮਧਾਮ ਨਾਲ ਸਜਾਇਆ ਗਿਆ ਹੈ। ਇਸ ਨਗਰ ਕੀਰਤਨ ਦਾ ਇਲਾਕੇ ਦੀਆਂ ਸੰਗਤਾਂ ਵੱਲੋਂ ਭਰਵਾਂ ਸਵਾਗਤ ਕੀਤਾ ਗਿਆ ਅਤੇ ਸੰਗਤਾਂ ਵੱਲੋਂ ਜਗ੍ਹਾ-ਜਗ੍ਹਾ ਲੰਗਰ ਲਗਾਏ ਗਏ।

ਇਸ ਮੌਕੇ ਚੇਅਰਮੈਨ ਰਣਜੋਤ ਸਿੰਘ ਬਾਠ, ਬਾਬਾ ਕੁਲਵੰਤ ਸਿੰਘ, ਗੁਰਪ੍ਰੀਤ ਸਿੰਘ, ਗੁਰਜੀਤ ਸਿੰਘ, ਸ਼ੁਭਕਰਨ ਸਿੰਘ ਠੇਠਰਕੇ, ਹਰਜੀਤ ਸਿੰਘ ਠੇਠਰਕੇ, ਨਿਸ਼ਾਨ ਸਿੰਘ ਬਿਜਲੀ ਬੋਰਡ, ਨਿਰਮਲ ਸਿੰਘ, ਜੱਗਬੀਰ ਸਿੰਘ, ਗੁਰਭੇਜ ਸਿੰਘ, ਮੁਖਤਿਆਰ ਸਿੰਘ, ਬਾਬਾ ਸੁੱਚਾ ਸਿੰਘ, ਬਲਜੀਤ ਸਿੰਘ, ਲਖਵਿੰਦਰ ਸਿੰਘ ਮੈਂਬਰ ਪੰਚਾਇਤ, ਦਲਜੀਤ ਸਿੰਘ, ਗੁਰਪ੍ਰਤਾਪ ਸਿੰਘ, ਪ੍ਰਿਤਪਾਲ ਸਿੰਘ, ਕੈਪਟਨ ਨਰਿੰਦਰ ਸਿੰਘ, ਆਤਮਜੀਤ ਸਿੰਘ, ਸ਼ਸ਼ਪਾਲ ਸਿੰਘ, ਗੁਰਨੇਕ ਸਿੰਘ ਤੋਂ ਇਲਾਵਾ ਸੰਗਤਾਂ ਵੱਡੀ ਗਿਣਤੀ ਵਿੱਚ ਹਾਜ਼ਰ ਸਨ ।

ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ 40ਵੇਂ ਸਾਲ 'ਚ ਪ੍ਰਵੇਸ਼

* ਨਵੇਂ ਸਾਲ ਦਾ ਕੈਲੰਡਰ ਅਤੇ ਜੰਤਰੀ ਲੋਕ ਅਰਪਿਤ

ਬਾਬਾ ਬਕਾਲਾ ਸਾਹਿਬ/ਬੁਤਾਲਾ (ਨਿਰਮਲ ਸਿੰਘ ਸੰਘਾ)-ਇਤਿਹਾਸਕ ਨਗਰ ਬਾਬਾ ਬਕਾਲਾ ਸਾਹਿਬ ਵਿਖੇ ਪਿਛਲੇ 39 ਸਾਲਾਂ ਤੋਂ ਲਗਾਤਾਰ, ਪੰਜਾਬੀ ਮਾਂ ਬੋਲੀ ਨੂੰ ਸਮਰਪਿਤ ਸਾਹਿਤਕ ਸਮਾਗਮ ਰਚਾਉਣ ਵਾਲੀ ਚਰਚਿੱਤ ਸਾਹਿਤਕ ਸੰਸਥਾ, ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ (ਸਬੰਧਿਤ ਕੇਂਦਰੀ ਪੰਜਾਬੀ ਲੇਖਕ ਸਭਾ) ਵੱਲੋਂ ਸਾਲ 2024 ਨੂੰ ਅਲਵਿਦਾ ਕਹਿੰਦਿਆਂ ਅਤੇ ਸਾਲ 2025 ਦੀ ਆਮਦ ਨੂੰ ਜੀ ਆਇਆਂ ਕਹਿੰਦਿਆਂ ਅਤੇ ਸਭਾ ਵੱਲੋਂ 40ਵੇਂ ਸਾਲ ਵਿੱਚ ਪ੍ਰਵੇਸ਼ ਕਰਨ ਦੀ ਖੁਸ਼ੀ ਵਿੱਚ 'ਅਰਦਾਸ ਬੇਨਤੀ ਅਤੇ ਸ਼ੁਕਰਾਨਾ ਦਿਵਸ' ਇਤਿਹਾਸਕ ਗੁਰਦੁਆਰਾ ਸਾਹਿਬ ਪਾਤਸ਼ਾਹੀ ਨੌਵੀਂ ਬਾਬਾ ਬਕਾਲਾ ਸਾਹਿਬ ਦੇ ਦੀਵਾਨ ਹਾਲ ਵਿਖੇ ਕਰਵਾਇਆ ਗਿਆ। ਇਸ ਮੌਕੇ ਸਭਾ ਵੱਲੋਂ 2024 ਵਿੱਚ ਕੀਤੇ ਗਏ ਸਮਾਗਮਾਂ ਦੀ ਸਫਲਤਾ ਲਈ ਗੁਰੂ ਸਾਹਿਬ ਦਾ ਸ਼ੁਕਰਾਨਾ ਕਰਦਿਆਂ ਅਤੇ 2025 ਦੇ ਨਵੇਂ ਵਰ੍ਹੇ ਵਿੱਚ ਹੋਣ ਵਾਲੇ ਸਮਾਗਮਾਂ ਲਈ ਗੁਰੂ ਸਾਹਿਬ ਦੇ ਚਰਨਾਂ ਵਿੱਚ ਅਰਦਾਸ ਬੇਨਤੀ ਜੋਦੜੀ ਕੀਤੀ ਗਈ। ਹੈੱਡ ਗ੍ਰੰਥੀ ਗਿਆਨੀ ਹਰਦੇਵ ਸਿੰਘ ਨੇ ਸਰਬੱਤ ਦੇ ਭਲੇ ਲਈ ਅਰਦਾਸ ਕੀਤੀ। ਇਸ ਮੌਕੇ ਸਭਾ ਵੱਲੋਂ ਮਰਹੂਮ ਬਾਨੀ ਸਰਪ੍ਰਸਤ ਸ: ਪ੍ਰਿਥੀਪਾਲ ਸਿੰਘ ਅਠੌਲਾ ਦੀ ਯਾਦ ਨੂੰ ਸਮਰਪਿਤ ਅਦਾਰਾ ਕੌਮੀ ਸਵਤੰਤਰ (ਕਾਵਿ ਸਾਂਝਾਂ) ਵੱਲੋਂ ਨਵੇਂ ਸਾਲ ਦੀ ਜੰਤਰੀ ਅਤੇ ਕੈਲੰਡਰ ਨੂੰ ਮੈਨੇਜਰ ਭਾਈ ਗੁਰਪ੍ਰੀਤ ਸਿੰਘ ਮੱਲੋਵਾਲ, ਮੀਤ ਮੈਨੇਜਰ ਭਾਈ ਸ਼ੇਰ ਸਿੰਘ ਅਤੇ ਮੀਤ ਮੈਨੇਜਰ ਭਾਈ ਜਗਤਾਰ ਸਿੰਘ ਨੇ ਸਾਂਝੇ ਤੌਰ ਤੇ ਸੰਗਤਾਂ ਦੇ ਅਰਪਿਤ ਕੀਤਾ। ਇਸ ਮੌਕੇ ਕੇਂਦਰੀ ਪੰਜਾਬੀ ਲੇਖਕ ਸਭਾ ਦੇ ਮੀਤ ਪ੍ਰਧਾਨ ਸ: ਸ਼ੇਲਿੰਦਰਜੀਤ ਸਿੰਘ ਰਾਜਨ, ਕਾਰਜਕਾਰਨੀ ਮੈਂਬਰ ਮਾ: ਮਨਜੀਤ ਸਿੰਘ ਵੱਸੀ, ਸਭਾ ਦੇ ਪ੍ਰਧਾਨ ਸੰਤੋਖ ਸਿੰਘ ਗੁਰਾਇਆ, ਸੀਨੀਅਰ ਮੀਤ ਪ੍ਰਧਾਨ ਮੱਖਣ ਸਿੰਘ ਭੈਣੀਵਾਲਾ, ਸੁਖਦੇਵ ਸਿੰਘ ਭੁੱਲਰ ਸਾਬਕਾ ਸੀ: ਮੈਨੇਜਰ ਪੰਜਾਬ ਸਕੂਲ ਸਿੱਖਿਆ ਬੋਰਡ, ਡਾ: ਕੁਲਵੰਤ ਸਿੰਘ ਬਾਠ ਸੀਨੀਅਰ ਵੈਟਰਨਰੀ ਅਫਸਰ, ਨਵਦੀਪ ਸਿੰਘ ਬਦੇਸ਼ਾ, ਸੂਬੇਦਾਰ ਹਰਜਿੰਦਰ ਸਿੰਘ ਨਿੱਝਰ, ਅਮਰਜੀਤ ਸਿੰਘ ਘੁੱਕ, ਬਲਵਿੰਦਰ ਸਿੰਘ ਅਠੌਲਾ, ਜਗੀਰ ਸਿੰਘ ਸਫਰੀ, ਪ੍ਰਭਸਿਮਰਨ ਸਿੰਘ ਜੰਡਿਆਲਾ ਗੁਰੂ, ਅਜੀਤ ਸਿੰਘ ਸਠਿਆਲਾ, ਮਲੂਕ ਸਿੰਘ ਧਿਆਨਪੁਰ, ਲੇਖਕ ਕਲਾਕਾਰ ਅਦਾਕਾਰ ਮੰਚ ਖਡੂਰ ਸਾਹਿਬ ਦੇ ਪ੍ਰਧਾਨ ਗੁਰਪ੍ਰੀਤ ਸਿੰਘ, ਸਕੱਤਰ ਸਿੰਘ ਪੁਰੇਵਾਲ, ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ (ਮਹਿਲਾ ਵਿੰਗ) ਦੇ ਪ੍ਰਧਾਨ ਸੁਖਵੰਤ ਕੌਰ ਵੱਸੀ, ਹਰਵਿੰਦਰਜੀਤ ਕੌਰ ਬਾਠ, ਸੁਖਵਿੰਦਰ ਕੌਰ ਟੌਂਗ ਆਦਿ ਨੇ ਹਾਜ਼ਰੀ ਭਰੀ ।

ਵਿਧਾਇਕ ਸ਼ੈਰੀ ਕਲਸੀ ਵੱਲੋਂ ਸ਼ਹਿਰ 'ਚ ਵਿਕਾਸ ਦੇ ਕੰਮ ਜੰਗੀ ਪੱਧਰ 'ਤੇ ਸ਼ੁਰੂ

ਬਟਾਲਾ, (ਡਾ. ਮਲਵਿੰਦਰ ਸਿੰਘ)-ਬਟਾਲਾ ਦੇ ਨੌਜਵਾਨ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਦੀ ਅਗਵਾਈ ਹੇਠ ਕਰਵਾਏ ਜਾ ਰਹੇ ਵਿਕਾਸ ਕਾਰਜਾਂ ਦੀ ਲੜੀ ਤਹਿਤ ਬਾਵਾ ਲਾਲ ਦੇ ਹਸਪਤਾਲ ਦੇ ਬਾਹਰ ਜੋਗੀਆਂ ਮੁਹੱਲਾ ਵਿਖੇ ਪਿਛਲੇ ਲੰਬੇ ਸਮੇਂ ਤੋਂ ਨਾਲੇ ਦੀ ਪੇਸ਼ ਆ ਰਹੀ ਸਮੱਸਿਆ ਨੂੰ ਹੱਲ ਕਰਨ ਲਈ ਕੰਮ ਸ਼ੁਰੂ ਕਰਵਾਇਆ ਗਿਆ।ਇਸ ਮੌਕੇ ਯੋਗੀਆਂ ਮੁਹੱਲੇ ਦੇ ਲੋਕਾਂ ਵੱਲੋਂ ਕੀਤੇ ਗਏ ਉਪਰਾਲੇ ਤੋਂ ਵਿਧਾਇਕ ਸ਼ੈਰੀ ਕਲਸੀ ਦਾ ਦਿਲੋਂ ਧੰਨਵਾਦ ਕੀਤਾ।ਇਸ ਮੌਕੇ ਗੱਲ ਕਰਦਿਆਂ ਵਿਧਾਇਕ ਅਤੇ ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਨੇ ਕਿਹਾ ਕਿ ਬਟਾਲਾ ਸ਼ਹਿਰ ਅੰਦਰ ਲੋਕਾਂ ਨੂੰ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਉਣ ਲਈ ਕੋਈ ਕਸਰ ਬਾਕੀ ਨਹੀਂ ਰਹਿਣ ਦਿੱਤੀ ਜਾਵੇਗੀ ਅਤੇ ਸ਼ਹਿਰ ਅੰਦਰ ਚਹੁੰ-ਪੱਖੀ ਵਿਕਾਸ ਕਾਰਜ ਪਾਰਦਰਸ਼ੀ ਢੰਗ ਨਾਲ ਕਰਵਾਏ ਜਾ ਰਹੇ ਹਨ।ਉਨ੍ਹਾਂ ਦੱਸਿਆ ਕਿ ਉਹ 24 ਘੰਟੇ ਹਲਕੇ ਦੇ ਵਿਕਾਸ ਲਈ ਵਚਨਬੱਧ ਹਨ।ਉਨ੍ਹਾਂ ਦੱਸਿਆ

ਬਾਘਾ ਪੁਰਾਣਾ
ਵਿਸ਼ੇਸ ਸਪਲੀਮੈਂਟ
ਮਨੀ ਸਿੰਗਲਾ
ਪ੍ਰੈਸ ਰਿਪੋਰਟਰ
M. 73551-50910
ਨਵਾਂ ਜਮਾਨਾ ਦੇ ਪੱਤਰਕਾਰ ਮਨੀ ਸਿੰਗਲਾਂ ਨੂੰ ਨਵੇਂ ਸਾਲ ਤੇ ਬਾਘਾ ਪੁਰਾਣਾ ਵਿਸ਼ੇਸ਼ ਸਪਲੀਮੇਂਟ ਕੱਢਣ ਤੇ ਲੱਖ-ਲੱਖ ਵਧਾਈਆਂ
ਸ੍ਰੀ ਅਜੈ ਗਾਂਧੀ ਐਸ.ਐਸ.ਪੀ
ਗੁਲਨੀਤ ਸਿੰਘ ਖੁਰਾਣਾ ਐਸ.ਐਸ.ਪੀ
ਕੁਲਵੰਤ ਸਿੰਘ ਡਿਪਟੀ ਕਮਿਸ਼ਨਰ
ਸੰਦੀਪ ਹੰਸ ਡਿਪਟੀ ਕਮਿਸ਼ਨਰ
ਹਰੀਸ਼ ਨਾਇਰ ਡਿਪਟੀ ਕਮਿਸ਼ਨਰ
ਜੋਰਾ ਸਿੰਘ ਕਾਗਰਾ ਡੀ.ਐਸ.ਪੀ.
ਸ਼ਮਸ਼ੇਰ ਸਿੰਘ ਸ਼ੇਰਗਿੱਲ ਡੀ.ਐਸ.ਪੀ
ਜਸਬਿੰਦਰ ਖਹਿਰਾ ਡੀ.ਐਸ.ਪੀ
ਸਮੂਹ ਹਲਕਾ ਬਾਘਾ ਪੁਰਾਣਾ ਨਿਵਾਸੀਆਂ ਨੂੰ ਨਵੇਂ ਸਾਲ ਦੇ ਆਗਮਨ ਦੀਆਂ ਲੱਖ-ਲੱਖ ਵਧਾਈਆਂ !
ਮਨੀ ਸਿੰਗਲਾ ਪੱਤਰਕਾਰ ਨਵਾਂ ਜਮਾਨਾ ਅਤੇ ਸਮੂਹ ਸਟਾਫ ਆਪ ਜੀ ਦੀ ਚੰਗੀ ਸਿਹਤ ਲਈ ਕਾਮਨਾ ਕਰਦਾ ਹੈ ।
ਐਡਵੋਕੇਟ ਨਰ ਸਿੰਘ ਬਰਾੜ
ਵਿਜੈ ਬਾਂਸਲ ਪ੍ਰਧਾਨ
ਡਾਇਰੈਕਟਰ/ਪ੍ਰਿੰਸੀਪਲ ਸੰਦੀਪ ਮਹਿਤਾ
ਚੇਅਰਮੈਨ ਨਵਦੀਪ ਸਿੰਘ ਬਰਾੜ
ਡਾਇਰਕਟਰ ਅਜੈਪਾਲ ਸਿੰਘ
ਚੇਅਰਮੈਨ ਤਰਸੇਮ ਲਾਲ
ਰਾਕੇਸ਼ ਤੋਤਾ
ਜਗਸੀਰ ਗਰਗ ਕੌਂਸਲਰ
ਸੂਬੇਦਾਰ ਬਲਦੇਵ ਸਿੰਘ
ਜਸਵਰਿੰਦਰ ਸਿੰਘ ਥਾਨਾ ਮੁਖੀ
ਕਿੱਕਰ ਸਿੰਘ ਐਸ.ਐਚ.ਓ.
ਤਰਸੇਮ ਸਿੰਘ ਐਸ.ਆਈ
ਅਸੀ ਸਮੂਹ ਦੇਸ਼ ਵਾਸੀਆਂ ਦੀ ਚੰਗੀ ਸਿਹਤ ਦੀ ਕਾਮਨਾ ਕਰਦੇ ਹਾਂ
ਸਮੂਹ ਪੰਜਾਬੀਆਂ ਨੂੰ ਨਵੇਂ ਸਾਲ, ਲੋਹੜੀ, ਅਤੇ ਮਾਘੀ ਦੀਆਂ ਲੱਖ-ਲੱਖ ਵਧਾਈਆਂ
ਰਾਮ ਕੁਮਾਰ ਯੂਥ ਪ੍ਰਧਾਨ, ਬਾਘਾ ਪੁਰਾਣਾ
ਦਵਿੰਦਰ ਬਾਂਸਲ ਬੱਲੂ
ਰਮਨ ਅਰੋੜਾ
ਵਿਜੈ ਮਿੱਤਲ
ਲੱਕੀ ਕੁਕਰੇਜ਼ਾ
ਰਵਿੰਦਰ ਸਿੰਘ
ਤੀਰਥ ਰਾਮ ਬਾਂਸਲ
ਮਨੀ ਗਰਗ
ਸ਼ਾਮ ਬਾਂਸਲ
ਯੋਗੇਸ਼ ਜਿੰਦਲ ਜੁਗਨੂੰ
ਰਾਕੇਸ਼ ਗਰਗ
ਰਾਜੇਸ਼ ਰਾਜਾ
ਮਨੋਜ ਗੋਇਲ
ਯੋਗੇਸ਼ ਬਾਂਸਲ ਯੋਗੀ
ਸੁਰਿੰਦਰ ਗਰਗ
ਰਾਜੀਵ ਮਿੱਤਲ
ਐਡਵੋਕੇਟ ਅਮਿਤ ਗੋਇਲ
ਮਿਲਨ ਗਰਗ
ਹੇਮ ਰਾਜ ਫਰੰਡ
ਗੁਰਪ੍ਰੀਤ ਸਿੰਘ ਗੋਰਾ
ਆਸ਼ੂਤੋਸ਼ ਭੰਡਾਰੀ ਆਸ਼ੂ
ਮਦਨ ਗੋਪਾਲ ਗਰਗ
ਸੰਜੂ ਮਿੱਤਲ
ਰਾਮ ਤੀਰਥ LIC
ਰਾਜ ਕਟਾਰੀਆ
ਪਵਨ ਦੰਡ
ਤਰਲੋਚਨ ਸਿੰਘ ਕਾਲੇਕੇ
ਜਗਸੀਰ ਸਿੱਧੂ ਸੀਰੂ
ਬਲਵੀਰ ਭੰਗੂ
ਟੀਟੂ ਬਰਾੜ
ਧਰਮਿੰਦਰ ਰਖਰਾ
ਸੀਰਾ ਬਰਾੜ
ਗਗਨ ਚੱਢਾ
N.M. ASSOCIATES
ਨਵੇਂ ਸਾਲ ਅਤੇ ਲੋਹੜੀ-ਮਾਘੀ ਦੀਆਂ ਸਮੂਹ ਪੰਜਾਬੀਆਂ ਨੂੰ ਲੱਖ-ਲੱਖ ਵਧਾਈਆਂ
ਸਮਾਜ ਸੇਵੀ ਸਤਵੰਤ ਸਿੰਘ ਬਰਾੜ
ਪੰਚ ਅਮਰਜੀਤ ਕੌਰ
ਸਰਪੰਚ ਸੁਖਵੀਰ ਕੌਰ ਬਰਾੜ ਲੰਗੇਆਣਾ ਪੁਰਾਣਾ
ਸਮੂਹ ਪੰਜਾਬੀਆਂ ਨੂੰ ਨਵੇਂ ਸਾਲ, ਲੋਹੜੀ, ਅਤੇ ਮਾਘੀ ਦੀਆਂ ਲੱਖ-ਲੱਖ ਵਧਾਈਆਂ
ਚਰਨਪ੍ਰੀਤ ਸਿੰਘ ਸਾਬਕਾ ਕੌਂਸਲਰ ਵਾਰਡ ਨੰ: 4
ਤੁਹਾਨੂੰ ਤੇ ਤੁਹਾਡੇ ਸਾਰੇ ਪਰਿਵਾਰ ਨੂੰ ਨਵੇਂ ਸਾਲ ਅਤੇ ਲੋਹੜੀ-ਮਾਘੀ ਦੀਆਂ ਲੱਖ-ਲੱਖ ਵਧਾਈਆਂ
ਗੁਰਜੰਟ ਸਿੰਘ ਸਦਿਉੜਾ ਜਿਲ੍ਹਾ ਸੀਨੀ. ਮੀਤ. ਪ੍ਰਧਾਨ
ਅਰਸ਼ਦੀਪ ਸਿੰਘ ਸਦਿਉੜਾ ਪ੍ਰਧਾਨ SOI ਬਾਘਾ ਪੁਰਾਣਾ
ਸਮੂਹ ਇਲਾਕਾ ਨਿਵਾਸੀਆਂ ਨੂੰ ਨਵੇਂ ਸਾਲ, ਲੋਹੜੀ ਅਤੇ ਮਾਘੀ ਦੀਆਂ ਲੱਖ-ਲੱਖ ਵਧਾਈਆਂ
ਗੁਰਮੇਲ ਸਿੰਘ ਢਿੱਲੋ
ਗੁਰਦਿੱਤ ਸਿੰਘ ਢਿੱਲੋ
ਹਰਦਿੱਤ ਸਿੰਘ ਢਿੱਲੋ
ਸਮੂਹ ਇਲਾਕਾ ਨਿਵਾਸੀਆਂ ਨੂੰ ਨਵੇਂ ਸਾਲ, ਲੋਹੜੀ ਅਤੇ ਮਾਘੀ ਦੀਆਂ ਲੱਖ-ਲੱਖ ਵਧਾਈਆਂ
ਅਮਰਜੀਤ ਸਿੰਘ ਮਾਣੂੰਕੇ
ਸਾਬਕਾ ਚੇਅਰਮੈਨ ਬਲਾਕ ਸੰਮਤੀ ਬਾਘਾ ਪੁਰਾਣਾ
M. 98143-10921
ਸਮੂਹ ਇਲਾਕਾ ਨਿਵਾਸੀਆਂ ਨੂੰ ਨਵੇਂ ਸਾਲ, ਲੋਹੜੀ ਅਤੇ ਮਾਘੀ ਦੀਆਂ ਕਰੋੜ ਕਰੋੜ ਵਧਾਈਆਂ
ਜਗਮੋਹਣ ਸਿੰਘ ਸਰਪੰਚ
ਵਿੱਕੀ ਫੂਲੇਵਾਲੀਆ
ਸਮੂਹ ਪੰਜਾਬੀਆਂ ਨੂੰ ਨਵੇਂ ਸਾਲ, ਲੋਹੜੀ ਅਤੇ ਮਾਘੀ ਦੀਆਂ ਲੱਖ-ਲੱਖ ਵਧਾਈਆਂ
ਸ. ਅੰਮ੍ਰਿਤਪਾਲ ਸਿੰਘ ਸੁਖਾਨੰਦ ਐਮ.ਐਲ.ਏ.
ਜਸਵਿੰਦਰ ਸਿੰਘ ਰਾਜਾ ਸਰਪੰਚ ਮੱਲਕੇ
ਹਰਵਿੰਦਰ ਕੌਰ
ਪਰਮਿੰਦਰ ਸਿੰਘ ਆਪ ਆਗੂ
ਸਮੂਹ ਇਲਾਕਾ ਨਿਵਾਸੀਆਂ ਨੂੰ ਨਵੇਂ ਸਾਲ, ਲੋਹੜੀ ਅਤੇ ਮਾਘੀ ਦੀਆਂ ਲੱਖ-ਲੱਖ ਵਧਾਈਆਂ
GANGA RESORTS
For bookings contact :
KOTKAPURA-MOGA ROAD, OPP. BEAS SATSANG BHAWAN
BAGHA PURANA
+91 98757-70013, +91 98757-90013, +91 99141-11103
ਸਮੂਹ ਇਲਾਕਾ ਨਿਵਾਸੀਆਂ ਨੂੰ ਨਵੇਂ ਸਾਲ, ਲੋਹੜੀ ਅਤੇ ਮਾਘੀ ਦੀਆਂ ਲੱਖ-ਲੱਖ ਵਧਾਈਆਂ
ONE KING ਵੰਨ ਕਿੰਗ RESORT
ਕੈਟਰਿੰਗ AC ਹਾਲ ਡੈਕੋਰੇਸ਼ਨ
ਮੈਰਿਜ਼ ਪੈਲੇਸ • ਖੁੱਲੀ ਪਾਰਕਿੰਗ
ਪਤਾ: ਮੁੱਦਕੀ ਰੋਡ, ਪਿੰਡ ਨੱਥੂਵਾਲਾ ਗਰਬੀ (ਬਾਘਾ ਪੁਰਾਣਾ)
M. 98553-10095, 98142-48695
ਏ-ਵਨ ਪ੍ਰਾਪਰਟੀ ਐਡਵਾਈਜ਼ਰ
ਇੱਥੇ ਹਰ ਕਿਸਮ ਦੀ ਜਾਇਦਾਦ, ਪਲਾਟ, ਮਕਾਨ, ਦੁਕਾਨ, ਕੋਠੀਆਂ ਆਦਿ ਵੇਚਣ ਤੇ ਖ਼ਰੀਦਣ ਲਈ ਸੰਪਰਕ ਕਰੋ ।
Mob. 98553-10095, 98142-48695
ਸਮੂਹ ਇਲਾਕਾ ਨਿਵਾਸੀਆਂ ਨੂੰ ਨਵੇਂ ਸਾਲ, ਲੋਹੜੀ ਅਤੇ ਮਾਘੀ ਦੀਆਂ ਲੱਖ-ਲੱਖ ਵਧਾਈਆਂ
ਰਣਜੀਤ ਝੀਤੇ (ਸਾਬਕਾ ਯੂਥ ਪ੍ਰਧਾਨ)
ਆਪਣਾ ਪੰਜਾਬ ਆਪਣੀ ਪਾਰਟੀ ਸ਼੍ਰੋਮਣੀ ਅਕਾਲੀ ਦਲ
ਸਮੂਹ ਇਲਾਕਾ ਨਿਵਾਸੀਆਂ ਨੂੰ ਨਵੇਂ ਸਾਲ, ਲੋਹੜੀ ਅਤੇ ਮਾਘੀ ਦੀਆਂ ਲੱਖ-ਲੱਖ ਵਧਾਈਆਂ
ਹਰਦੀਸ਼ ਸਿੰਘ ਸਿੱਧੂ ਸੇਖਾ ਕਲਾਂ (ਬਲਾਕ ਪ੍ਰਧਾਨ)
ਸਮੂਹ ਇਲਾਕਾ ਨਿਵਾਸੀਆਂ ਨੂੰ ਨਵੇਂ ਸਾਲ, ਲੋਹੜੀ ਅਤੇ ਮਾਘੀ ਦੀਆਂ ਲੱਖ-ਲੱਖ ਵਧਾਈਆਂ
ਦਵਿੰਦਰਪਾਲ ਸਿੰਘ ਰਾਜਾ (ਸਰਪੰਚ ਸਮਾਲਸਰ)
ਸਮੂਹ ਇਲਾਕਾ ਨਿਵਾਸੀਆਂ ਨੂੰ ਨਵੇਂ ਸਾਲ, ਲੋਹੜੀ ਅਤੇ ਮਾਘੀ ਦੀਆਂ ਲੱਖ-ਲੱਖ ਵਧਾਈਆਂ
ਕੁਲਜੀਤ ਸਿੰਘ ਲੱਖਾ ਸਰਪੰਚ ਚੱਨੂਵਾਲਾ ਅਤੇ ਸਮੂਹ ਆਪ ਵਰਕਰ
ਸਮੂਹ ਇਲਾਕਾ ਨਿਵਾਸੀਆਂ ਨੂੰ ਨਵੇਂ ਸਾਲ, ਲੋਹੜੀ ਅਤੇ ਮਾਘੀ ਦੀਆਂ ਲੱਖ-ਲੱਖ ਵਧਾਈਆਂ
ਸੁਖਵਿੰਦਰ ਸਿੰਘ ਬਰਾੜ ਸੀਨੀਅਰ ਆਪ ਆਗੂ
Lic. No. 037,038
DREAM BUILDERS
UK Canada
STUDY & VISITOR VISA
100% Success Rate
Call: 97000-02891
Opp. Bus Stand, Bagha Purana
ਸਮੂਹ ਹਲਕਾ ਨਿਵਾਸੀਆਂ ਨੂੰ ਨਵੇਂ ਸਾਲ, ਲੋਹੜੀ ਅਤੇ ਮਾਘੀ ਦੀਆਂ ਲੱਖ-ਲੱਖ ਵਧਾਈਆਂ
EDISON
IMMIGRATION & EDUCATION SERVICES
NANNY VISA SERVICE IELTS - PTE
DIRECTOR H.S BRAR
CONTACT US : 97695-20000, 95221-00002
OPP. CENTRAL BANK OF INDIA, KKP ROAD, BAGHA PURANA
KATARIA FOREX
ਨਵੇਂ ਸਾਲ ਤੇ ਲੋਹੜੀ ਦੀਆਂ ਆਪ ਸਭ ਨੂੰ ਲੱਖ-ਲੱਖ ਵਧਾਈਆਂ
ਬਾਜ਼ਾਰ ਨਾਲੋ ਘੱਟ ਰੇਟ ਤੇ
2025
OUR SERVICES
SHIVAM KATARIA
AIR TICKETS, TRAVEL INSURANCE, TRAVEL CARD, RAILWAY TICKET, HOILDAY PACKAGE, MONEY EXCHANGE, STUDENT FEE, GIC, SEND MONEY ABROAD
+91 9592570055 / +91 8872470055 Kotkapura Road Baghapurana
Raju Setia Director 98140-59309
Parveen Setia Director 98764-00309
SETIA COLD STORAGE
SETIA TRAVELS
M. 93208-00009
SETIA FOREX PVT. LTD.
ਇੱਥੇ ਵਿਦੇਸ਼ੀ ਕਰੰਸੀ ਖ਼ਰੀਦੀ ਅਤੇ ਵੇਚੀ ਜਾਂਦੀ ਹੈ ।
Ph. 01636-240309, 241309
D.M. Market , Bhagat Singh Chowk, Mudki Road, Bagha Purana
MONEY TRANSFER STUDENT G.I.C.
ਨਵੇਂ ਸਾਲ ਅਤੇ ਲੋਹੜੀ-ਮਾਘੀ ਦੀਆਂ ਸਮੂਹ ਇਲਾਕਾ ਨਿਵਾਸੀਆਂ ਨੂੰ ਲੱਖ-ਲੱਖ ਵਧਾਈਆਂ
D.M. Marriage Palace
Mudki Road, Vill. Langiana
Mohindra Palce
Channu Wala By-Pass Road, Bagha Purana
ਵਿਆਹ-ਸ਼ਾਦੀਆਂ ਅਤੇ ਹਰ ਤਰ੍ਹਾਂ ਦੇ ਪ੍ਰੋਗਰਾਮ ਲਈ ਪੈਲੇਸ ਅਤੇ ਕੈਟਰਿੰਗ ਲਈ ਮਿਲੋ
M. 98144-00718, 99147-00718
ਦਾ ਇੰਮਿਗ੍ਰੇਸ਼ਨ ਪਲੈਨਰ
LIC NO. 514/515 DM MOGA
ਸਟੱਡੀ ਵੀਜ਼ਾ ਟੂਰਿਸਟ ਵੀਜ਼ਾ
ਓਪਨ ਵਰਕ ਪਰਮਿਟ ਪਰਮਾਨੈਂਟ ਰੈਸੀਡੈਂਸੀ
PTE IN 3999/-
IELTS IN 3999/- START
M. 98785-25881, 96989-00049, 90561-00049, 98783-81663
ADD: Backside Bus Stand, Inside Nehru Mandi, Bagha Purana (Moga)
IELTS
STUDY VISA - VISITOR VISA
PUNJAB GOVT. REGD INSTITUTE (LIC. NO. 063 & 295)
CHANDIGARH ENGLISH INSTITUTE
KOTKAPURA ROAD, BAGHA PURANA
M. 98723-35895 , 97802-00895
Punjab Govt. Regd. Lic. No. 040/270
JMS IMMIGRATION
STUDY VISA SPOUSE VISA VISITOR VISA
NEAR BUS STAND, INSIDE NEHRU MANDI
BAGHA PURANA M. 95800-01313
SHAKTI WALE LIC No. 149
ENGLISH STUDIO
STUDY VISA VISITOR VISA IELTS
99% SUCCESS RATE
New Year OFFER 100% OFF
STUDY ABROAD
72628 00002 KOTKAPURA ROAD BAGHAPURANA
Punjab Govt. Licence No. 062, 296
Touch Sky
IELTS-PTE
STUDENT VISA | VISITOR VISA
SPOUSE VISA | WORK VISA
Opp. Gaushala, Mudki Road BAGHA PURANA
M. 81467-00635 M. 97817-00363
ਤੁਹਾਨੂੰ ਤੇ ਤੁਹਾਡੇ ਸਾਰੇ ਪਰਿਵਾਰ ਨੂੰ ਨਵੇਂ ਸਾਲ ਅਤੇ ਲੋਹੜੀ - ਮਾਘੀ ਦੀਆਂ ਲੱਖ-ਲੱਖ ਵਧਾਈਆਂ
ਮੋਗਾ ਰੋਡ, ਬਾਘਾ ਪੁਰਾਣਾ (ਮੋਗਾ) +91 95925-07777
ਤੁਹਾਨੂੰ ਤੇ ਤੁਹਾਡੇ ਸਾਰੇ ਪਰਿਵਾਰ ਨੂੰ ਨਵੇਂ ਸਾਲ ਅਤੇ ਲੋਹੜੀ-ਮਾਘੀ ਦੀਆਂ ਲੱਖ-ਲੱਖ ਵਧਾਈਆਂ
Ganesh JEWELLERS
A HALLMARK CERTIFIED SHOWROOM
97811-78000,96461-78000
Moga Road, Bagha Purana
Follow us on :
SBI Approved Valuator Show Room
AUTH. DUMP M. 98551-72087
DURGA CONFECTIONERY
MOGA ROAD, BAGHA PURANA. DISTT. MOGA
AUTH. DISTRIBUTOR
JAI MAA ENTERPRISES
LUDHIANA , M. 98143-72087 , 97813-28887
ਸਮੂਹ ਇਲਾਕਾ ਨਿਵਾਸੀਆਂ ਨੂੰ ਨਵੇਂ ਸਾਲ, ਲੋਹੜੀ ਅਤੇ ਮਾਘੀ ਦੀਆਂ ਲੱਖ-ਲੱਖ ਵਧਾਈਆਂ
ਰਕੇਸ਼ ਬਾਂਸਲ M. 99140-40008
ਵਿਮਲ ਗਰਗ M. 98726-42047
ਅਗਰਵਾਲ ਮਾਰਬਲਜ਼
ਇੱਥੇ ਹੋਲਸੋਲ ਰੇਟਾਂ ਤੇ ਮਾਰਬਲ, ਗਰੇਨਾਇਟ, ਵਾਲ ਤੇ ਫਲੋਰ ਟਾਇਲਾਂ ਖ਼ਰੀਦੋ ।
ਮੋਗਾ ਰੋਡ, ਸਾਹਮਣੇ ਗਿੱਲ ਢਾਬਾ, ਬਾਘਾ ਪੁਰਾਣਾ ।
ਇੰਟਰਨੈਸ਼ਨਲ ਟੇਲਰਜ਼ ਵਾਲਿਆਂ ਦਾ ਨਵਾਂ ਕੱਪੜੇ ਦਾ ਸ਼ੋ-ਰੂਮ
ਇੰਟਰਨੈਸ਼ਨਲ ਟੇਲਰਜ਼ ਐਂਡ ਫੈਬਰਿਕਸ
M. 84375-06570
ਸਪੈਸ਼ਲਿਸਟ ਕੋਟ-ਪੈਂਟ ਪੈਂਟ-ਸ਼ਰਟ ਕੁੜਤਾ ਪਜ਼ਾਮਾ
ਮਦਾਰੀ ਮਾਰਕੀਟ, ਬਾਘਾ ਪੁਰਾਣਾ (ਮੋਗਾ)
Sukesh Kumar 98146-09714
Raman Garg 99149-02007
ਗੇਂਦੇ ਦੀ ਹੱਟੀ
Bhag Mal Rajinder Pal
Deals in: All Stationary, Books, Sports Goods, Copies & Model School Books
MOGA ROAD, BAGHA PURANA
ਦੇਸ਼ ਵਿਦੇਸ਼ ਵੱਸ ਰਹੇ ਸਮੂਹ ਪੰਜਾਬੀਆਂ ਨੂੰ ਨਵੇਂ ਸਾਲ ਦੀਆਂ ਲੱਖ-ਲੱਖ ਵਧਾਈਆਂ
ਪਵਨ ਗੁਪਤਾ ਪਰਦੀਪ ਗਰਗ ਰਾਮ ਗੁਪਤਾ
ਸ਼੍ਰੀ ਬਾਲਾਜੀ ਸੀਮੇਂਟ ਇਡ: ਜੈ ਸਿੰਘ ਵਾਲਾ ਰੋਡ, ਬਾਘਾ ਪੁਰਾਣਾ
M. 98148-03131, 95693-01234
ਨਵੇਂ ਸਾਲ ਅਤੇ ਲੋਹੜੀ-ਮਾਘੀ ਦੀਆਂ ਸਮੂਹ ਪੰਜਾਬੀਆਂ ਨੂੰ ਲੱਖ-ਲੱਖ ਵਧਾਈਆਂ
ਵੱਲੋਂ : ਰਾਇਸ ਮਿੱਲਰਜ ਐਸੋਸੀਏਸ਼ਨ , ਬਾਘਾ ਪੁਰਾਣਾ
ਜੈ ਮਾਤਾ ਦੀ ਜੈ ਬਾਬਾ ਖੇਤਰਪਾਲ ਜੀ
ਤੁਹਾਨੂੰ ਤੇ ਤੁਹਾਡੇ ਸਾਰੇ ਪਰਿਵਾਰ ਨੂੰ ਨਵੇਂ ਸਾਲ ਅਤੇ ਲੋਹੜੀ-ਮਾਘੀ ਦੀਆਂ ਲੱਖ-ਲੱਖ ਵਧਾਈਆਂ
ਸ੍ਰੀ ਰਾਧੇ ਕ੍ਰਿਸ਼ਨ ਫੀਡ ਫੈਕਟਰੀ
ਫੂਲੇਵਾਲਾ ਰੋਡ, ਘੋਲੀਆ ਕਲਾਂ (ਮੋਗਾ) M. 98147-10587
ਤੁਹਾਨੂੰ ਤੇ ਤੁਹਾਡੇ ਸਾਰੇ ਪਰਿਵਾਰ ਨੂੰ ਨਵੇਂ ਸਾਲ ਅਤੇ ਲੋਹੜੀ-ਮਾਘੀ ਦੀਆਂ ਲੱਖ-ਲੱਖ ਵਧਾਈਆਂ
ਭਾਰਤ ਵਿਕਾਸ ਪ੍ਰੀਸ਼ਦ ਸ਼ਾਖਾ ਬਾਘਾ ਪੁਰਾਣਾ (ਮੋਗਾ)
Vijay Garg Amit Garg Ravi Garg
ਤੁਹਾਨੂੰ ਤੇ ਤੁਹਾਡੇ ਸਾਰੇ ਪਰਿਵਾਰ ਨੂੰ ਨਵੇਂ ਸਾਲ ਅਤੇ ਲੋਹੜੀ-ਮਾਘੀ ਦੀਆਂ ਲੱਖ-ਲੱਖ ਵਧਾਈਆਂ
97656-78630 98140-90031
Vijay Di Hatti
Vijay Kumar & Sons
ਇੱਥੇ ਹਰ ਪ੍ਰਕਾਰ ਦੀ ਸ਼ਟੇਸ਼ਨਰੀ, ਕਿਤਾਬਾਂ-ਕਾਪੀਆਂ, ਸਕੂਲ ਬੈਗ ਅਤੇ ਖੇਡਾਂ ਦਾ ਸਮਾਨ ਥੋਕ ਰੇਟਾਂ ਤੇ ਮਿਲਦਾ ਹੈ
Bhagat Singh Chowk, BAGHA PURANA
ਦੇਸ਼ ਵਿਦੇਸ਼ ਵੱਸ ਰਹੇ ਸਮੂਹ ਪੰਜਾਬੀਆਂ ਨੂੰ ਨਵੇਂ ਸਾਲ , ਲੋਹੜੀ ਤੇ ਮਾਘੀ ਦੀਆਂ
ਪਵਨ ਬਾਂਸਲ ਨਿਖਿਲ ਬਾਂਸਲ
ਲੱਖ-ਲੱਖ ਵਧਾਈਆਂ
ਸੋਮਾ ਬਿਲਡਰਜ਼, ਬਾਘਾ ਪੁਰਾਣਾ
ਸਮੂਹ ਇਲਾਕਾ ਨਿਵਾਸੀਆਂ ਨੂੰ ਨਵੇਂ ਸਾਲ, ਲੋਹੜੀ ਤੇ ਮਾਘੀ ਦੀਆਂ
ਲੱਖ ਲੱਖ ਵਧਾਈਆਂ
NAR SINGH BRAR CHAIRMAN
SPRING FIELD CONVENT SCHOOL
Affiliated to C.B.S.E. (New Delhi)
Opp. Civil Hospital, Mudki Road, BAGHA PURANA
Office : 98145-41222, 97815-41222
DIRECTOR Ajay Pal Singh
ਨਵੇਂ ਸਾਲ ਅਤੇ ਲੋਹੜੀ - ਮਾਘੀ ਦੀਆਂ
ਲੱਖ-ਲੱਖ ਵਧਾਈਆਂ
PUNJAB CONVENT SEN. SEC. SCHOOL
Email: punjabconvent@gmail.com
81465-69273, 79886-53073
Channu Wala Road, Bagha Purana
For Top Quality Education
ADMISSION OPEN 2025-26
AGE GROUP
2.5+ PLAY WAY 4+ L.K.G. 3+ NURSERY 5+ U.K.G.
PRE NURSERY TO 12TH
* MEDICAL * NON MEDICAL * COMMERCE * ARTS
HARVARD CONVENT SEN. SEC. SCHOOL
AFFILIATED TO CBSE NEW DELHI REGD. No. 1630936
CALL : 98145-34909 98144-45909
ਸਮੂਹ ਇਲਾਕਾ ਨਿਵਾਸੀਆਂ ਨੂੰ ਨਵੇਂ ਸਾਲ ਲੋਹੜੀ ਅਤੇ ਮਾਘੀ ਦੀਆਂ ਲੱਖ ਲੱਖ ਵਧਾਈਆਂ
LAWRENCE INTERNATIONAL CONVENT SCHOOL
Affiliated to C.B.S.E. New Delhi
NO ADMISSION FEE
ADMISSION OPEN
PLAYWAY TO +2
MEDICAL | NON-MEDICAL | COMMERCE | ARTS
Mandiran Wala Road, Bagha Purana (MOGA)
82838-12579, 85690-64720
VIJAY BANSAL President S.S. Jain Sabha-Trust Bagha Purana (Moga)
Affiliated to P.S.E.B. Mohali
JAIN SEN. SEC. SCHOOL
KALEKE ROAD BAGHA PURANA
ਹਰ ਸਾਲ ਬੋਰਡ ਦੇ ਨਤੀਜੇ 100% ਆਉਂਦੇ ਹਨ
JAIN PLAYWAY
NO ADMISSION FEES for NURSERY
Principal : Ph. 01636-242918 , M. 98725-18322
ENGLISH MEDIUM SMART SCHOOL
PUNJAB CO-EDU. SEN. SEC. SCHOOL
PLAYWAY TO 10+2 MEDICAL | NON-MEDICAL | COMMERCE | ARTS
MERITORIOUS OF 10th (2023-24)
SHINING STARS OF 12th (2023-24)
ਸੈਸ਼ਨ 2023-24 ਵਿੱਚ 65 ਵਿਦਿਆਰਥੀਆਂ ਨੇ 90% ਤੋਂ ਉਪੱਰ ਅੰਕ ਪ੍ਰਾਪਤ ਕੀਤੇ ।
Make Your Child Ready For a Joyful Beginning
PLAYWAY TO 8th
KIDZEE
Mount Litera Zee School
THINK EDUCATION. THINK ZEE LEARN
kidzeebaghapurana mountliteraBaghapurana
kidzee.com 78 14 11 33 55
CHAIRMAN
PRINCIPAL & DIRECTOR
ADMISSION OPEN FOR +1
M. 97817-00363
M. 98144-10547
NIHAL SINGH WALA ROAD BAGHA PURANA.